Designer & Customized
WEDDING
CARDS & BOXES
Shagun Envelopes & Saha Chithi
More Than 500 Designs
of Wedding Cards & Boxes
More info Call us or Whatsapp:
+91-988881 88887, 988882 88887
weddingsea@gmail.com
SEA DESIGN COMPANY

ਰੋਜ਼ਾਨਾ
# ਸ਼ਹੀਦ-ਏ-ਆਜ਼ਮ
SHAHEED-E-AZAM, DAILY PUNJABI NEWSPAPER, PATIALA
ਰੋਜ਼ਾਨਾ ਪੰਜਾਬੀ ਅਖਬਾਰ, ਪਟਿਆਲਾ

Shaheed-e-Azam
PRINTING PRESS
Customized and Designer
- Wedding Invitations
- Wedding Boxes
(MDF/Acrylic/Folding)
- Shagan Envelop
- Sahi Chithi
98881-88887

PRGI (RNI) Regd. No. 42354 | Website : www.shaheedeazamnews.com | e-mail:seanewspatiala@gmail.com | Tel.: 0175-5124275, 9814632807 | Facebook: ShaheedeAzamnews | Youtube: @ShaheedeAzamnews

Year: 43 Issue : 118 Chief Editor : Chowdhary Prabhjit Singh, Editor : Chhatarpal Singh 98146-32807, Saturday 24 October 2026 Price : 2 Rs. Page : 6

# ਵੋਟ-ਚੋਰੀ ਲੋਕਤੰਤਰ ਲਈ ਗੰਭੀਰ ਖ਼ਤਰਾ ਹੈ; ਐਸਆਈਆਰ ਨੂੰ ਖਤਮ ਕੀਤਾ ਜਾਣਾ ਚਾਹੀਦਾ ਹੈ: ਮੁੱਖ ਮੰਤਰੀ ਭਗਵੰਤ ਸਿੰਘ ਮਾਨ

## ਸੀਐੱਮ ਮਾਨ ਨੇ ਕਸਟਮ ਜਾਂਚ ਨੂੰ ਦੱਸਿਆ ਬਦਲੇ ਦੀ ਕਾਰਵਾਈ, ਸਦਨ 27 ਅਕਤੂਬਰ ਤੱਕ ਮੁਲਤਵੀ

**ਚੰਡੀਗੜ੍ਹ, 23 ਅਕਤੂਬਰ**
**-ਚੌਧਰੀ ਪ੍ਰਭਜੀਤ ਸਿੰਘ-**

ਪੰਜਾਬ ਵਿਧਾਨ ਸਭਾ ’ਚ ਅੱਜ ਸਦਨ ਨੇ ਮੁੱਖ ਚੋਣ ਕਮਿਸ਼ਨਰ ਗਿਆਨੇਸ਼ ਕੁਮਾਰ ਖ਼ਿਲਾਫ਼ ਮਤਾ ਪਾਸ ਕੀਤਾ ਅਤੇ ਵੋਟਰ ਸੂਚੀਆਂ ’ਚ ਬੇਨਿਯਮੀਆਂ ਦੀ ਸੁਤੰਤਰ ਜਾਂਚ ਅਤੇ ਮੁੱਖ ਚੋਣ ਕਮਿਸ਼ਨਰ ਦੀ ਜਵਾਬਦੇਹੀ ਤੈਅ ਕਰਨ ਦੀ ਮੰਗ ਕੀਤੀ। ਇਸ ਤੋਂ ਪਹਿਲਾਂ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਮਤਾ ਪੇਸ਼ ਕੀਤਾ ਅਤੇ ਸਦਨ ਵਿੱਚ ਬਹਿਸ ਮਗਰੋਂ ਮਤਾ ਪਾਸ ਹੋ ਗਿਆ । ਇਸ ਮੌਕੇ ਭਾਜਪਾ ਅਤੇ ਕਾਂਗਰਸ ਦੇ ਵਿਧਾਇਕ ਗੈਰ ਹਾਜ਼ਰ ਰਹੇ । ਮੁੱਖ ਮੰਤਰੀ ਭਗਵੰਤ ਮਾਨ ਨੇ ਮਤੇ ਤੇ ਬਹਿਸ ਨੂੰ ਸਿਖਰ ਦਿੱਤਾ । ਪੇਸ਼ ਮਤੇ ਚ ਸਦਨ ਨੇ ਨਾਗਰਿਕਾਂ ਨੂੰ ਉਨ੍ਹਾਂ ਦੇ ਵੋਟ ਦੇ ਅਧਿਕਾਰ ਤੋਂ ਕਥਿਤ ਤੌਰ ’ਤੇ ਵਾਂਝੇ ਕੀਤੇ ਜਾਣ ਦੀਆਂ ਘਟਨਾਵਾਂ ’ਤੇ ਗੰਭੀਰ ਚਿੰਤਾ ਪ੍ਰਗਟ ਕੀਤੀ ਅਤੇ ਸਦਨ ਨੇ ਮੰਗ ਕੀਤੀ ਕਿ ਸਾਰੇ ਯੋਗ ਨਾਗਰਿਕਾਂ ਦੇ ਵੋਟ ਦੇ ਅਧਿਕਾਰ ਦੀ ਸੰਵਿਧਾਨਕ ਸੁਰੱਖਿਆ ਯਕੀਨੀ ਬਣਾਈ ਜਾਵੇ।

ਸਦਨ ਨੇ ਮੁੱਖ ਚੋਣ ਕਮਿਸ਼ਨਰ ਗਿਆਨੇਸ਼ ਕੁਮਾਰ ਦੀ ਅਗਵਾਈ ਹੇਠ ਚੋਣ ਪ੍ਰਕਿਰਿਆ ਅਤੇ ਵੋਟਰ ਸੂਚੀਆਂ ਨਾਲ ਸੰਬੰਧਿਤ ਕਥਿਤ ਬੇਨਿਯਮੀਆਂ ਦੀ ਜਾਂਚ ਲਈ ਇੱਕ ਸੁਤੰਤਰ, ਨਿਰਪੱਖ ਅਤੇ ਭਰੋਸੇਯੋਗ ਜਾਂਚ ਤੰਤਰ ਸਥਾਪਤ ਕਰਨ ਦੀ ਮੰਗ ਕੀਤੀ ਤਾਂ ਜੋ ਸੱਚਾਈ ਸਾਹਮਣੇ ਆ ਸਕੇ ਅਤੇ ਜਵਾਬਦੇਹੀ ਤਹਿ ਹੋ ਸਕੇ। ਜੇਕਰ ਜਾਂਚ ਦੌਰਾਨ ਕਿਸੇ ਵੀ ਵਿਅਕਤੀ ਵਿਰੁੱਧ ਅਪਰਾਧਿਕ ਉਲੰਘਣਾ ਦੇ ਪੁਖ਼ਤਾ ਸਬੂਤ ਸਾਹਮਣੇ ਆਉਂਦੇ ਹਨ, ਤਾਂ ਉਸ ਵਿਰੁੱਧ ਲਾਗੂ ਕਾਨੂੰਨ ਅਨੁਸਾਰ ਅਪਰਾਧਿਕ ਕਾਰਵਾਈ ਸ਼ੁਰੂ ਕੀਤੀ ਜਾਵੇ।

ਸਦਨ ਨੇ ਕੇਂਦਰ ਸਰਕਾਰ ਅਤੇ ਸੰਬੰਧਿਤ ਸੰਵਿਧਾਨਕ ਅਥਾਰਟੀਜ਼ ਨੂੰ ਅਪੀਲ ਕੀਤੀ ਕਿ ਚੋਣ ਕਮਿਸ਼ਨ ਦੀ ਆਜ਼ਾਦੀ, ਨਿਰਪੱਖਤਾ ਅਤੇ ਜਵਾਬਦੇਹੀ ਯਕੀਨੀ ਬਣਾਈ ਜਾਵੇ ਅਤੇ ਇਸ ਮਤੇ ਦੀ ਕਾਪੀ ਭਾਰਤ ਦੇ ਰਾਸ਼ਟਰਪਤੀ, ਪ੍ਰਧਾਨ ਮੰਤਰੀ ਅਤੇ ਮੁੱਖ ਚੋਣ ਕਮਿਸ਼ਨਰ ਨੂੰ ਅਗਲੀ ਢੁਕਵੀਂ ਕਾਰਵਾਈ ਲਈ ਭੇਜੀ ਜਾਵੇ।

ਮਤੇ ਵਿੱਚ ਕਿਹਾ ਗਿਆ ਕਿ ਦੇਸ਼ ਭਰ ਵਿੱਚ ਵੱਡੀ ਗਿਣਤੀ ਵਿੱਚ ਨਾਗਰਿਕਾਂ ਦੇ ਨਾਂ ਵੋਟਰ ਸੂਚੀਆਂ ਵਿੱਚੋਂ ਹਟਾਏ ਜਾਣ ਅਤੇ ਯੋਗ ਵੋਟਰਾਂ ਦੇ ਵੋਟ ਦੇ ਅਧਿਕਾਰ ਤੋਂ ਵਾਂਝੇ ਹੋਣ ਸਬੰਧੀ ਗੰਭੀਰ ਇਤਰਾਜ਼ ਅਤੇ ਸ਼ਿਕਾਇਤਾਂ ਸਾਹਮਣੇ ਆਈਆਂ ਹਨ, ਜਿਸ ਨਾਲ ਚੋਣ ਪ੍ਰਕਿਰਿਆ ਦੀ ਪਾਰਦਰਸ਼ਤਾ, ਨਿਰਪੱਖਤਾ ਅਤੇ ਚੋਣ ਕਮਿਸ਼ਨ ਦੀ ਜਵਾਬਦੇਹੀ ਬਾਰੇ ਸਵਾਲ ਉੱਠੇ ਹਨ।



ਬਾਬਾ ਸਾਹਿਬ ਅੰਬੇਦਕਰ ਨੇ ਸੰਵਿਧਾਨ ਰਾਹੀਂ ਭਾਰਤ ਦੇ ਹਰ ਨਾਗਰਿਕ ਨੂੰ ਵੋਟ ਕਰਨ ਦਾ ਬਰਾਬਰਤਾ ਦਾ ਅਧਿਕਾਰ ਦਿੱਤਾ ਸੀ, ਪਰ ਮੁੱਖ ਚੋਣ ਕਮਿਸ਼ਨਰ ਗਿਆਨੇਸ਼ ਕੁਮਾਰ ਨੇ ਸੰਵਿਧਾਨ ਦੀਆਂ ਧੱਜੀਆਂ ਉਡਾਉਂਦੇ ਹੋਏ ਭਾਰਤ ਦੇ ਨਾਗਰਿਕਾਂ ਤੋਂ ਇਹ ਅਧਿਕਾਰ ਖੋਹਣ ਦਾ ਕੰਮ ਕੀਤਾ

ਮਤੇ ਵਿੱਚ ਕਿਹਾ ਗਿਆ ਕਿ ਭਾਰਤ ਦਾ ਲੋਕਤੰਤਰ ਸੰਵਿਧਾਨ ਵਿੱਚ ਦਰਜ ਸਮਾਨਤਾ, ਨਿਆਂ ਅਤੇ ਲੋਕਾਂ ਦੀ ਸਰਬਉੱਚਤਾ ਦੇ ਸਿਧਾਂਤਾਂ ’ਤੇ ਆਧਾਰਿਤ ਹੈ ਅਤੇ ਵੋਟ ਦਾ ਅਧਿਕਾਰ ਲੋਕਤੰਤਰੀ ਪ੍ਰਣਾਲੀ ਦੀ ਬੁਨਿਆਦ ਹੈ। ਭਾਰਤੀ ਸੰਵਿਧਾਨ ਦੀਆਂ ਧਾਰਾਵਾਂ 324, 325 ਅਤੇ 326 ਚੋਣ ਪ੍ਰਕਿਰਿਆ ਦੀ ਨਿਗਰਾਨੀ, ਵੋਟਰ ਸੂਚੀਆਂ ਵਿੱਚ ਭੇਦਭਾਵ ਤੋਂ ਸੁਰੱਖਿਆ ਅਤੇ ਬਾਲਗ ਮਤ ਅਧਿਕਾਰ ਦੇ ਸਿਧਾਂਤਾਂ ਨੂੰ ਯਕੀਨੀ ਬਣਾਉਂਦੀਆਂ ਹਨ। ਮੁੱਖ ਮੰਤਰੀ ਨੇ ਅੱਜ ਦੋਸ਼ ਲਗਾਇਆ ਕਿ ਪੈਰਿਸ ਤੋਂ ਵਾਪਸੀ ’ਤੇ ਉਨ੍ਹਾਂ ਨੂੰ ਦਿੱਲੀ ਦੇ ਹਵਾਈ ਅੱਡੇ ’ਤੇ ਕਸਟਮ ਵਿਭਾਗ ਵੱਲੋਂ ਕਰੀਬ ਦੋ ਘੰਟੇ ਤੱਕ ਪਰੇਸ਼ਾਨ ਕੀਤਾ ਗਿਆ। ਉਨ੍ਹਾਂ ਨੇ ਇਸ ਘਟਨਾ ਨੂੰ ਆਮ ਆਦਮੀ ਪਾਰਟੀ ਵੱਲੋਂ ਮੁੱਖ ਚੋਣ ਕਮਿਸ਼ਨਰ ਗਿਆਨੇਸ਼ ਕੁਮਾਰ ਦੇ ਅਸਤੀਫ਼ੇ ਦੀ ਮੰਗ ਨਾਲ ਜੋੜਿਆ ਹੈ। ਮੁੱਖ ਮੰਤਰੀ ਨੇ ਦੋਸ਼ ਲਗਾਇਆ ਕਿ ਇਹ ਕਾਰਵਾਈ ਗਿਆਨੇਸ਼ ਕੁਮਾਰ ਵਿਰੁੱਧ ‘ਆਪ’ ਦੇ ਰੁਖ਼ ਦੇ ਬਦਲੇ ਵਜੋਂ ਕੀਤੀ ਗਈ ਹੈ। ਉਨ੍ਹਾਂ ਨੇ ਸੀਨੀਅਰ ਕਸਟਮ ਅਧਿਕਾਰੀ ਮਨੀਸ਼ ਕੁਮਾਰ ਦਾ ਜ਼ਿਕਰ ਕੀਤਾ, ਜੋ ਉਨ੍ਹਾਂ ਦੇ ਮੁਤਾਬਕ ਗਿਆਨੇਸ਼ ਕੁਮਾਰ ਦੇ ਭਰਾ ਹਨ। ਇਹ ਵਿਵਾਦ ਇਸ ਹਫ਼ਤੇ ਦੇ ਸ਼ੁਰੂ ਵਿੱਚ ਮਾਨ ਦੀ ਪੈਰਿਸ ਫੇਰੀ ਤੋਂ ਵਾਪਸੀ ਨਾਲ ਜੁੜਿਆ ਹੋਇਆ ਹੈ। ਰਿਪੋਰਟਾਂ ਅਨੁਸਾਰ, ਕਸਟਮ ਅਧਿਕਾਰੀਆਂ ਨੇ ਮੁੱਖ ਮੰਤਰੀ ਅਤੇ ਉਨ੍ਹਾਂ ਦੀ ਪਤਨੀ ਗੁਰਪ੍ਰੀਤ ਕੌਰ ਦੇ ਸਾਮਾਨ ਦੀ ਚੈਕਿੰਗ ਕੀਤੀ ਸੀ ਅਤੇ ਬਾਅਦ ਵਿੱਚ 50,000 ਰੁਪਏ ਦਾ ਜੁਰਮਾਨਾ ਲਗਾਇਆ ਗਿਆ ਸੀ। ‘ਆਪ’ ਨੇ ਦੋਸ਼ ਲਗਾਇਆ ਕਿ ਮਾਨ ਨੂੰ ਬਾਹਰ ਜਾਣ ਦੀ ਇਜਾਜ਼ਤ ਮਿਲਣ ਤੋਂ ਪਹਿਲਾਂ ਹਵਾਈ ਅੱਡੇ ’ਤੇ ਦੋ ਘੰਟੇ ਤੋਂ ਵੱਧ ਸਮਾਂ ਇੰਤਜ਼ਾਰ ਕਰਨਾ ਪਿਆ। ਇਸ ਘਟਨਾ ਕਾਰਨ ‘ਆਪ’ ਅਤੇ ਭਾਜਪਾ ਵਿਚਕਾਰ ਸਿਆਸੀ ਬਿਆਨਬਾਜ਼ੀ ਸ਼ੁਰੂ ਹੋ ਗਈ ਹੈ। ਪੰਜਾਬ ਦੀ ਸੱਤਾਧਾਰੀ ਪਾਰਟੀ ਨੇ ਦੋਸ਼ ਲਗਾਇਆ ਹੈ ਕਿ ਕੇਂਦਰੀ ਏਜੰਸੀਆਂ ਅਤੇ ਅਧਿਕਾਰੀਆਂ ਦੀ ਵਰਤੋਂ ਉਨ੍ਹਾਂ ਦੀ ਲੀਡਰਸ਼ਿਪ ਨੂੰ ਨਿਸ਼ਾਨਾ ਬਣਾਉਣ ਲਈ ਕੀਤੀ ਜਾ ਰਹੀ ਹੈ। ਭਾਜਪਾ ਦੇ ਅਧਿਕਾਰਤ ਸੋਸ਼ਲ ਮੀਡੀਆ ਹੈਂਡਲਜ਼ ’ਤੇ ਪੋਸਟ ਕੀਤਾ ਜਾ ਰਿਹਾ ਹੈ ਕਿ ਮਾਨ ਦੇ ਸਾਮਾਨ ਵਿੱਚੋਂ ਡਿਜ਼ਾਈਨਰ ਜੁੱਤੇ, ਬੈਲਟ ਅਤੇ ਹੋਰ ਮਹਿੰਗੇ ਸਮਾਨ ਬਰਾਮਦ ਕੀਤੇ ਗਏ ਹਨ।

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਕਿਹਾ ਕਿ ਉਨ੍ਹਾਂ ਦੀ ਸਰਕਾਰ ਦੀ ਨਹਿਰੀ ਸਿੰਚਾਈ ਮੁਹਿੰਮ ਪੰਜਾਬ ਦੀ ਖੇਤੀਬਾੜੀ ਵਿਵਸਥਾ ਨੂੰ ਬਦਲ ਰਹੀ ਹੈ, ਜਿਸ ਨਾਲ ਝੋਨੇ ਦੀ ਪੈਦਾਵਾਰ ਵਿੱਚ ਵੱਡਾ ਵਾਧਾ ਹੋ ਰਿਹਾ ਹੈ। ਉਨ੍ਹਾਂ ਕਿਹਾ ਕਿ ਧਰਤੀ ਹੇਠਲੇ ਪਾਣੀ ਦਾ ਪੱਧਰ ਡਿੱਗਣ ਦਾ ਸਿਲਸਿਲਾ ਰੁਕਿਆ ਹੈ, ਜਿਸ ਨਾਲ ਪਾਣੀ ਦਾ ਪੱਧਰ ਚਾਰ ਮੀਟਰ ਉੱਚਾ ਹੋਇਆ ਹੈ। ਨਹਿਰੀ ਪਾਣੀ ਨੂੰ ÷ਪੰਜਾਬ ਦੀਆਂ ਫ਼ਸਲਾਂ ਲਈ ਦੇਸੀ ਘਿਓ÷ ਦੱਸਦਿਆਂ ਉਨ੍ਹਾਂ ਕਿਹਾ ਕਿ 14,000 ਕਿਲੋਮੀਟਰ ਜ਼ਮੀਨਦੋਜ਼ ਪਾਈਪਲਾਈਨਾਂ ਦੇ ਸਹਿਯੋਗ ਨਾਲ ਹੁਣ 18,000 ਕਿਊਸਿਕ ਪਾਣੀ ਖੇਤਾਂ ਤੱਕ ਪਹੁੰਚ ਰਿਹਾ ਹੈ ਅਤੇ ਇਸ ਨੈੱਟਵਰਕ ਨੂੰ ਵਧਾਉਣ ਲਈ 6,000 ਕਿਲੋਮੀਟਰ ਹੋਰ ਪਾਈਪਲਾਈਨਾਂ ਵਿਛਾਉਣ ਦੀ ਯੋਜਨਾ ਹੈ। ਉਨ੍ਹਾਂ ਕਿਹਾ ਕਿ ਸਰਕਾਰ ਦਾ ਮਿਸ਼ਨ ਹਰ ਖੇਤ ਤੱਕ ਨਹਿਰੀ ਪਾਣੀ ਪਹੁੰਚਾਉਣਾ, ਧਰਤੀ ਹੇਠਲੇ ਪਾਣੀ ਦੇ ਬੇਸ਼ਕੀਮਤੀ ਭੰਡਾਰਾਂ ਦੀ ਰਾਖੀ ਕਰਨਾ ਅਤੇ ਪੰਜਾਬ ਦੇ ਕਿਸਾਨਾਂ ਦਾ ਭਵਿੱਖ ਸੁਰੱਖਿਅਤ ਕਰਨਾ ਹੈ।

# ਐਸ ਬੀ ਆਈ ਨੇ ਆਰਸੇਟੀ ਪਟਿਆਲਾ ਵਿਖੇ ‘ਜਨ ਸੁਰੱਖਿਆ ਸੈਚੁਰੇਸ਼ਨ ਮੁਹਿੰਮ’ ਪ੍ਰੋਗਰਾਮ ਕਰਵਾਇਆ




**ਪਟਿਆਲਾ, 23 ਅਕਤੂਬਰ**
**-ਛਤਰਪਾਲ ਸਿੰਘ-**

ਸਟੇਟ ਬੈਂਕ ਆਫ਼ ਇੰਡੀਆ ਨੇ ਗ੍ਰਾਮ ਪੰਚਾਇਤ ਜੱਸੋਵਾਲ ਲਈ, ਐਸਬੀਆਈ ਦੇ ‘ਦਿਹਾਤੀ ਸਵੈ-ਰੁਜ਼ਗਾਰ ਸਿਖਲਾਈ ਸੰਸਥਾਨ’ (ਆਰਸੇਟੀ), ਪਟਿਆਲਾ ਵਿਖੇ ਰਾਜ-ਪੱਧਰੀ ‘ਜਨ ਸੁਰੱਖਿਆ ਸੈਚੁਰੇਸ਼ਨ ਮੁਹਿੰਮ’ ਪ੍ਰੋਗਰਾਮ ਕਰਵਾਇਆ। 31 ਦਸੰਬਰ, 2026 ਤੱਕ ਚੱਲਣ ਵਾਲੀ ਇਸ ਮੁਹਿੰਮ ਦਾ ਉਦੇਸ਼ ਹਰੇਕ ਯੋਗ ਨਾਗਰਿਕ ਤੱਕ ਸਮਾਜਿਕ ਸੁਰੱਖਿਆ ਲਾਭ ਪਹੁੰਚਾਉਣਾ ਹੈ।

ਇਸ ਮੌਕੇ ਆਰਬੀਆਈ, ਐਸਬੀਆਈ, ਨਬਾਰਡ, ਹੋਰ ਬੈਂਕਾਂ ਅਤੇ ਜ਼ਿਲ੍ਹਾ ਪ੍ਰਸ਼ਾਸਨ ਦੇ ਸੀਨੀਅਰ ਅਧਿਕਾਰੀਆਂ ਦੇ ਨਾਲ-ਨਾਲ ਪਿੰਡ ਵਾਸੀ ਅਤੇ ‘ਸਵੈ-ਸਹਾਇਤਾ ਸਮੂਹਾਂ’ ਦੇ ਨੁਮਾਇੰਦੇ ਵੀ ਮੌਜੂਦ ਸਨ।

ਪ੍ਰਮੁੱਖ ਸ਼ਖਸੀਅਤਾਂ ਵਿੱਚ ਵਿਵੇਕ ਸ੍ਰੀਵਾਸਤਵ, ਖੇਤਰੀ ਨਿਰਦੇਸ਼ਕ, ਆਰਬੀਆਈ; ਅਮਰੇਸ਼ ਕੁਮਾਰ ਝਾਅ, ਮੁੱਖ ਜਨਰਲ ਮੈਨੇਜਰ, ਐਸਬੀਆਈ; ਮਨੋਹਰ ਲਾਲ, ਜਨਰਲ ਮੈਨੇਜਰ, ਨਬਾਰਡ; ਅਤੇ ਡਿਪਟੀ ਕਮਿਸ਼ਨਰ, ਪਟਿਆਲਾ ਦੇ ਵਿਸ਼ੇਸ਼ ਡਿਊਟੀ ਅਧਿਕਾਰੀ ਆਰ. ਮੁਕਿਲਨ ਸ਼ਾਮਲ ਹੋਏ। ਹੋਰ ਭਾਗੀਦਾਰਾਂ ਵਿੱਚ ਸ਼੍ਰੀ ਰਾਮ ਬਾਬੂ ਮਿਸ਼ਰਾ, ਡੀਜੀਐਮ, ਕੈਨਰਾ ਬੈਂਕ; ਆਰ. ਕੇ. ਮੀਨਾ, ਡੀਜੀਐਮ, ਪੀਐਨਬੀ ਅਤੇ ਕਨਵੀਨਰ, ਐਸਐਲਬੀਸੀ ਪੰਜਾਬ, ਵਿਜੇ ਬਿਹਾਰੀ ਪ੍ਰਸਾਦ, ਡੀਜੀਐਮ ਪੀਐਨਬੀ, ਸੁਸ਼੍ਰੀ ਉਪਾਸਨਾ ਸਿੰਘ, ਏਜੀਐਮ ਪੀਐਸਬੀ, ਵਿਕਾਸ ਭੱਲਾ, ਡੀਐਮ, ਪੀਸੀਸੀਬੀ, ਸੁਸ਼੍ਰੀ ਪਰਵਿੰਦਰ ਨਾਗਰਾ, ਏਜੀਐਮ ਨਬਾਰਡ; ਰਵੀ ਸ਼ੰਕਰ, ਏਜੀਐਮ ਐਸਬੀਆਈ, ਚੰਡੀਗੜ੍ਹ; ਅਤੇ ਸ਼੍ਰੀ ਵਿਨੈ ਕੁਮਾਰ, ਮੁੱਖ ਮੈਨੇਜਰ, ਐਸਬੀਆਈ ਮੋਹਾਲੀ ਸ਼ਾਮਲ ਸਨ।

ਇਹ ਮੁਹਿੰਮ ਪ੍ਰਧਾਨ ਮੰਤਰੀ ਜੀਵਨ ਜਯੋਤੀ ਬੀਮਾ ਯੋਜਨਾ ਅਤੇ ਅਟਲ ਪੈਨਸ਼ਨ ਯੋਜਨਾ ਅਧੀਨ ਰਜਿਸਟ੍ਰੇਸ਼ਨ ਨੂੰ ਉਤਸ਼ਾਹਿਤ ਕਰਦੀ ਹੈ। ਇਸ ਦੌਰਾਨ ‘ਸਾਈਬਰ ਸੁਰੱਖਿਆ’ ਬਾਰੇ ਇੱਕ ਸੈਸ਼ਨ ਵੀ ਆਯੋਜਿਤ ਕੀਤਾ ਗਿਆ, ਜਿਸ ਵਿੱਚ ਪਿੰਡ ਵਾਸੀਆਂ ਨੂੰ ਬੈਂਕਿੰਗ ਵੇਰਵਿਆਂ ਦੀ ਸੁਰੱਖਿਆ ਕਰਨ, ਸ਼ੱਕੀ ਲਿੰਕਾਂ ਤੋਂ ਬਚਣ ਅਤੇ ਧੋਖਾਧੜੀ ਦੀ ਤੁਰੰਤ ਰਿਪੋਰਟ ਕਰਨ ਬਾਰੇ ਜਾਗਰੂਕ ਕੀਤਾ ਗਿਆ। ਔਰਤਾਂ ਦੇ ਉੱਦਮ ਅਤੇ ਪੇਂਡੂ ਰੋਜ਼ੀ-ਰੋਟੀ ਨੂੰ ਹੁਲਾਰਾ ਦੇਣ ਲਈ, 25 ਸਵੈ-ਸਹਾਇਤਾ ਸਮੂਹਾਂ ਨੂੰ ਕਰਜ਼ਾ ਮਨਜ਼ੂਰੀ ਪੱਤਰ ਵੰਡੇ ਗਏ। ਗੀਨਾ ਰਾਣੀ, ਜ਼ਿਲ੍ਹਾ ਪ੍ਰੋਗਰਾਮ ਮੈਨੇਜਰ, ਐਨਆਰਐਲ ਐਮ, ਪਟਿਆਲਾ ਨੇ ਇਸ ਪਹਿਲਕਦਮੀ ਵਿੱਚ ਸਹਿਯੋਗ ਦਿੱਤਾ।

ਇਹ ਪ੍ਰੋਗਰਾਮ ਜਸਵਿੰਦਰ ਸ਼ਰਮਾ, ਲੀਡ ਜ਼ਿਲ੍ਹਾ ਮੈਨੇਜਰ, ਪਟਿਆਲਾ ਅਤੇ ਸੰਜੀਵ ਅਗਰਵਾਲ, ਡਾਇਰੈਕਟਰ, ਐਸਬੀਆਈ ਆਰਸੇਟੀ ਪਟਿਆਲਾ ਨੇ ਕਰਵਾਇਆ। ਰਾਜੇਸ਼ ਕੁਮਾਰ ਕੌਂਡਲ, ਖੇਤਰੀ ਪ੍ਰਬੰਧਕ, ਐਸ.ਬੀ.ਆਈ-3, ਪਟਿਆਲਾ, ਅਜੈ ਸਿੰਘ, ਖੇਤਰੀ ਪ੍ਰਬੰਧਕ, ਐਸ.ਬੀ.ਆਈ. -4, ਪਟਿਆਲਾ ਨੇ ਧੰਨਵਾਦੀ ਸ਼ਬਦ ਕਹੇ।

# ਐਕਸ਼ਨ ਕਮੇਟੀ ਵੱਲੋਂ ਮੁੱਖ ਮੰਤਰੀ ਤੇ ਡੀ ਜੀ ਪੀ ਦੇ ਅਸਤੀਫ਼ੇ ਤੱਕ ਪੋਸਟਮਾਰਟਮ ਤੋਂ ਇਨਕਾਰ

**ਮਾਨਸਾ, 23 ਅਕਤੂਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਪਰਵਿੰਦਰ ਸਿੰਘ ਝੋਟਾ ਇਨਸਾਫ ਕਮੇਟੀ ਅਤੇ ਐਸ.ਆਈ.ਟੀ ਦਰਮਿਆਨ ਹੋਈ ਤੀਸਰੀ ਮੀਟਿੰਗ ਵਿਚ ਵੀ ਗੱਲ ਕਿਸੇ ਤਣ ਪੱਤਣ ਨਹੀਂ ਲੱਗ ਸਕੀ। ਇਨਸਾਫ ਕਮੇਟੀ ਨੇ ਆਪਣੀਆਂ ਮੁੱਖ ਮੰਗਾਂ ਵਿਚ ਮੁੱਖ ਮੰਤਰੀ ਅਤੇ ਡੀ.ਜੀ.ਪੀ ਦਾ ਅਸਤੀਫਾ ਮੰਗਿਆ ਪਰ ਸਿੱਟ ਨੇ ਕਿਹਾ ਕਿ ਇਹ ਮੰਗ ਪੂਰੀ ਕਰਨੀ ਉਨ੍ਹਾਂ ਦੇ ਅਧਿਕਾਰ ਵਿਚ ਨਹੀਂ ਹੈ। ਇਸ ਤੋਂ ਬਾਅਦ ਇਨਸਾਫ ਕਮੇਟੀ ਨੇ ਸਿੱਟ ਨੂੰ ਕਹਿ ਦਿੱਤਾ ਹੈ ਕਿ ਉਨ੍ਹਾਂ ਕੋਲ ਸਰਕਾਰ ਉਹ ਕਮੇਟੀ ਬਣਾ ਕੇ ਭੇਜੇ ਜਿਹੜੀ ਮੁੱਖ ਮੰਤਰੀ ਅਤੇ ਡੀ.ਜੀ.ਪੀ ਦੇ ਅਸਤੀਫੇ ਦੀ ਮੰਗ ਪੂਰੀ ਕਰਨ ਦਾ ਅਧਿਕਾਰ ਰੱਖਦੀ ਹੋਵੇ ਬੇਸ਼ੱਕ ਉਹ ਪੰਜਾਬ ਦਾ ਮੰਤਰੀ ਮੰਡਲ ਹੋਵੇ।

ਸਿੱਟ ਵਲੋਂ ਇਨਸਾਫ ਕਮੇਟੀ ਦੀਆਂ 12 ਮੰਗਾਂ ਸਵੀਕਾਰ ਕਰਕੇ ਉਨ੍ਹਾਂ ਨੂੰ ਪੂਰਾ ਕਰਨ ਦਾ ਭਰੋਸਾ ਦਿੱਤਾ ਗਿਆ ਪਰ ਮੁੱਖ ਮੰਤਰੀ ਅਤੇ ਡੀ.ਜੀ.ਪੀ ਦੇ ਅਸਤੀਫੇ ਸਬੰਧੀ ਕੋਈ ਸਹਿਮਤੀ ਨਹੀਂ ਬਣ ਸਕੀ। ਪਰਵਿੰਦਰ ਝੋਟਾ ਇਨਸਾਫ ਕਮੇਟੀ ਵਲੋਂ ਸੰਘਰਸ਼ ਜਾਰੀ ਰੱਖਣ ਅਤੇ 25 ਅਕਤੂਬਰ ਦਿਨ ਐਤਵਾਰ ਨੂੰ ਸੂਬੇ ਭਰ ਵਿਚ ਝਾੜੂ ਫੂਕ ਪ੍ਰਦਰਸ਼ਨ ਕਰਨ ਦਾ ਐਲਾਨ ਕੀਤਾ ਗਿਆ। ਇਨਸਾਫ ਕਮੇਟੀ ਨੇ ਇਹ ਵੀ ਕਿਹਾ ਕਿ ਯੁੱਧ ਨਸ਼ਿਆਂ ਵਿਰੁੱਧ ਚਲਾਉਣ ਵਾਲੀ ਪੰਜਾਬ ਸਰਕਾਰ ਨੇ ਵਿਧਾਨ ਸਭਾ ਵਿਚ ਪਰਵਿੰਦਰ ਝੋਟਾ ਨੂੰ ਸ਼ਰਧਾਂਜਲੀ ਦੇ ਕੇ ਬੁੱਤਾ ਸਾਰ ਦਿੱਤਾ। ਜਦੋਂ ਕਿ ਇਸ ਕਤਲ



ਅਤੇ ਨਸ਼ੇ ’ਤੇ ਗੱਲਬਾਤ ਅਤੇ ਬਹਿਸ ਹੋਣੀ ਚਾਹੀਦੀ ਸੀ। ਵਿਰੋਧੀਆਂ ਨੂੰ ਬੋਲਣ ਨਹੀਂ ਦਿੱਤਾ ਗਿਆ ਅਤੇ ਸਪੀਕਰ ਨੇ ਵੀ ਸਰਕਾਰ ਦਾ ਪੱਖ ਲਿਆ।

ਪੰਜਾਬ ਸਰਕਾਰ ਵਲੋਂ ਸ਼ੁੱਕਰਵਾਰ ਨੂੰ ਅਪਨੀਤ ਰਿਆਤ, ਕੰਵਲਜੀਤ ਕੌਰ ਬਰਾੜ, ਡੀ.ਸੀ ਨਵਜੋਤ ਕੌਰ ਅਤੇ ਡੀ.ਆਈ.ਜੀ ਹਰਜੀਤ ਸਿੰਘ ਦੀ ਇਨਸਾਫ ਕਮੇਟੀ ਦੀ ਲੰਬੀ ਮੀਟਿੰਗ ਹੋਈ ਪਰ ਗੱਲਬਾਤ ਕਿਸੇ ਤਣ ਪੱਤਣ ਨਹੀਂ ਲੱਗੀ। ਸਿੱਟ ਨੇ ਅਗਲੀ ਮੀਟਿੰਗ ਵਿਚ ਹੱਲ ਨਿਕਲਣ ਦਾ ਭਰੋਸਾ ਦਿੱਤਾ।

ਇਨਸਾਫ ਕਮੇਟੀ ਨੇ ਝੋਟਾ ਦੀ ਪਤਨੀ ਮਨਪ੍ਰੀਤ ਕੌਰ, ਮਣਿਕ ਗੋਇਲ, ਗੁਰਜੰਟ ਸਿੰਘ ਅਤੇ ਹੋਰਨਾਂ ਨੇ ਕਿਹਾ ਕਿ ਉਨ੍ਹਾਂ ਨਾਲ ਸਰਕਾਰ ਦੀ ਉਹ ਕਮੇਟੀ ਆ ਕੇ ਗੱਲ ਕਰੇ, ਜਿਸ ਕੋਲ ਸਾਰੀਆਂ ਮੰਗਾਂ ਸਵੀਕਾਰ ਕਰਨ ਦਾ ਅਧਿਕਾਰ ਅਤੇ ਸ਼ਕਤੀ ਹੋਵੇ। ਇਨਸਾਫ ਕਮੇਟੀ ਨੇ ਆਪਣੀਆਂ 12 ਮੰਗਾਂ ਤੋਂ ਇਲਾਵਾ ਵਾਰ ਵਾਰ ਮੁੱਖ ਮੰਤਰੀ ਅਤੇ ਡੀ.ਜੀ.ਪੀ ਦੇ ਅਸਤੀਫੇ ਦੇ ਨਾਲ ਨਾਲ ਖਿਆਲਾ ਵਿਖੇ ਬਣਨ ਵਾਲੇ ਟਰੌਮਾ ਸੈਂਟਰ ਦਾ ਨਾਮ ਪਰਵਿੰਦਰ ਝੋਟਾ ਦੇ ਨਾਮ ਰੱਖਣ ਦੀ ਮੰਗ ਕੀਤੀ। ਸਿੱਟ ਦਾ ਕਹਿਣਾ ਹੈ ਕਿ ਜਦੋਂ ਇਹ ਸੈਂਟਰ ਬਣ ਜਾਵੇਗਾ ਤਾਂ ਪਰਵਿੰਦਰ ਝੋਟੇ ਦਾ ਨਾਂ ਦਿੱਤਾ ਜਾਵੇਗਾ ਪਰ ਇਨਸਾਫ ਕਮੇਟੀ ਇਸ ਨਾਲ ਸਹਿਮਤ ਨਹੀਂ ਹੋਈ। ਸਿੱਟ ਦੀ ਅਗਵਾਈ ਕਰਦਿਆਂ ਅਪਨੀਤ ਰਿਆਤ ਨੇ ਕਿਹਾ ਕਿ ਸਰਕਾਰ ਨੇ ਇਨਸਾਫ ਕਮੇਟੀ ਦੀਆਂ ਬਹੁਤੀਆਂ ਮੰਗਾਂ ਮੰਨ ਲਈਆਂ ਹਨ। ਸਰਕਾਰ ਨੇ ਨਸ਼ਿਆਂ ਤੇ ਕਾਰਵਾਈ ਕਰਦਿਆਂ ਬਿਨਾਂ ਡਾਕਟਰ ਦੀ ਪਰਚੀ ਤੋਂ ਪ੍ਰੀਗਾਬਾਲਿਨ ਦੀ ਵਿਕਰੀ ’ਤੇ ਰੋਕ ਲਗਾ ਦਿੱਤੀ। ਉਨ੍ਹਾਂ ਕਿਹਾ ਕਿ ਪਰਿਵਾਰ ਨੂੰ ਸੁਰੱਖਿਆ ਦੇਣ ਦੇ ਨਾਲ ਨਾਲ ਨਵੀਆਂ ਮੰਗਾਂ ’ਤੇ ਵਿਚਾਰ ਕੀਤਾ ਜਾ ਰਿਹਾ ਹੈ।

ਉਧਰ ਧਰਨੇ ਵਿਚ ਬੋਲਦਿਆਂ ਡਾ. ਪਿਆਰਾ ਲਾਲ ਗਰਗ ਨੇ ਕਿਹਾ ਕਿ ਇਸ ਪ੍ਰਤੱਖ ਕਤਲ ਕੇਸ ਵਿਚ ਪੋਸਟ ਮਾਰਟਮ ਦੀ ਬਹੁਤੀ ਲੋੜ ਨਹੀਂ। ਪੋਸਟ ਮਾਰਟਮ ਦੀ ਜ਼ਰੂਰਤ ਉਨ੍ਹਾਂ ਕੇਸਾਂ ਵਿਚ ਪੈਂਦੀ ਹੈ, ਜਿੱਥੇ ਮੌਤ ਦੇ ਕਾਰਨਾਂ, ਮੁਲਜ਼ਮ ਦਾ ਅਤਾ ਪਤਾ ਅਤੇ ਕੋਈ ਸਬੂਤ ਨਾ ਹੋਣ। ਉਨ੍ਹਾਂ ਕਿਹਾ ਕਿ ਪੋਸਟ ਮਾਰਟਮ ਉਪਰੰਤ ਮ੍ਰਿਤਕ ਦੇਹ ਛੇਤੀ ਖਰਾਬ ਹੋਣਾ ਸ਼ੁਰੂ ਹੋ ਜਾਂਦੀ ਹੈ।

ਹਮੀਰ ਸਿੰਘ ਅਤੇ ਸਾਬਕਾ ਵਿਧਾਇਕ ਹਰਦੇਵ ਅਰਸ਼ੀ ਨੇ ਕਿਹਾ ਕਿ ਇਸ ਕਤਲ ਅਤੇ ਨਸ਼ੇ ਦੇ ਕਾਰੋਬਾਰ ਨੂੰ ਲੈ ਕੇ ਵਿਧਾਨ ਸਭਾ ਵਿਚ ਬਹਿਸ ਅਤੇ ਚਰਚਾ ਹੋਣੀ ਚਾਹੀਦੀ ਸੀ ਪਰ ਸਰਕਾਰ ਨੇ ਝੋਟਾ ਨੂੰ ਸ਼ਰਧਾਂਜਲੀ ਦੇ ਕੇ ਖਾਨਾਪੂਰਤੀ ਕਰ ਦਿੱਤੀ। ਵਿਰੋਧੀਆਂ ਨੂੰ ਬੋਲਣ ਦਾ ਸਮਾਂ ਨਾ ਦੇਣਾ ਵੀ ਇਕ ਧੱਕੇਸ਼ਾਹੀ ਹੈ।

# ਮੰਨੀਆਂ ਗਈਆਂ ਪਰਵਿੰਦਰ ਝੋਟਾ ਦੇ ਪਰਿਵਾਰ ਵਲੋਂ ਸੌਂਪੀਆਂ ਬਹੁਤੀਆਂ ਮੰਗਾਂ



**ਮਾਨਸਾ, 23 ਅਕਤੂਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਪੰਜਾਬ ਸਰਕਾਰ ਵਲੋਂ ਪਰਵਿੰਦਰ ਸਿੰਘ ਝੋਟਾ ਦੇ ਇਨਸਾਫ਼ ਲਈ ਬਣੀ ਕਮੇਟੀ ਅਤੇ ਸਿੱਟ ਦੇ ਵਿਚਕਾਰ ਹੋਈ ਮੀਟਿੰਗ ਦੇ ਦੌਰਾਨ ਵੱਡੀ ਸਹਿਮਤੀ ਬਣੀ ਹੈ, ਜਿਸ ਦੇ ਦੌਰਾਨ ਪੰਜਾਬ ਸਰਕਾਰ ਵਲੋਂ ਪਰਵਿੰਦਰ ਸਿੰਘ ਝੋਟਾ ਦੇ ਪਰਿਵਾਰ ਵਲੋਂ ਸੌਂਪੀਆਂ ਗਈਆਂ 14 ਮੰਗਾਂ ’ਚੋਂ ਬਹੁਤ ਸਾਰੀਆਂ ਮੰਗਾਂ ਪ੍ਰਵਾਨ ਕਰ ਲਈਆਂ ਗਈਆਂ ਹਨ, ਜਿਸ ਸੰਬੰਧੀ ਕਮੇਟੀ ਨੂੰ ਲਿਖਤੀ ਪੱਤਰ ਵੀ ਦਿੱਤਾ ਗਿਆ ਹੈ ਅਤੇ ਮੁੜ ਤੋਂ ਕਮੇਟੀ ਦੇ ਨਾਲ ਸਿੱਟ ਦੀ ਮੀਟਿੰਗ ਹੋਵੇਗੀ ਜਿਸ ਦੇ ਵਿਚ ਸੀ.ਬੀ.ਆਈ. ਦੀ ਜਾਂਚ ਦੀ ਮੰਗ ਸੀ ਤੇ ਸੀ.ਬੀ.ਆਈ. ਜਾਂਚ ਹੋ ਰਹੀ ਹੈ।

ਪਰਵਿੰਦਰ ਸਿੰਘ ਝੋਟਾ ਦੇ ਨਾਮ ’ਤੇ ਟਰੋਮਾ ਸੈਂਟਰ ਬਣਾਇਆ ਜਾਵੇਗਾ। ਪਰਵਿੰਦਰ ਸਿੰਘ ਝੋਟਾ ਦਾ ਸਰਕਾਰੀ ਜਗ੍ਹਾ ਦੇ ਵਿਚ ਬੁੱਤ ਲਗਇਆ ਜਾਵੇਗਾ। ਪਰਵਿੰਦਰ ਸਿੰਘ ਝੋਟਾ ਸਮੇਤ ਉਸ ਦੇ ਸਾਥੀਆਂ ’ਤੇ ਪਾਏ ਹੋਏ ਪਰਚੇ ਰੱਦ ਕੀਤੇ ਜਾਣਗੇ

ਮਾਨਸਾ ਦੇ ਡੀ.ਐਸ.ਪੀ. ਹਰਜਿੰਦਰ ਸਿੰਘ ਗਿੱਲ ਥਾਣਾ ਸਿਟੀ ਟੂ ਦੀ ਐਸ.ਐਚ.ਓ. ਬੇਅੰਤ ਕੌਰ ਅਤੇ ਡਰੱਗ ਇੰਸਪੈਕਟਰ ਨੀਰਜ ਨੂੰ ਸਸਪੈਂਡ ਕਰ ਦਿੱਤਾ ਗਿਆ ਹੈ। ਪੰਜਾਬ ਸਰਕਾਰ ਵਲੋਂ ਜ਼ਖ਼ਮੀਆਂ ਦਾ ਸਰਕਾਰੀ ਖਰਚੇ ’ਤੇ ਇਲਾਜ ਕਰਵਾਇਆ ਜਾਵੇਗਾ ਅਤੇ ਪੰਜ ਪੰਜ ਲੱਖ ਰੁਪਏ ਮੁਆਵਜ਼ਾ ਦਿੱਤਾ ਜਾਵੇਗਾ।

# ਪੰਜਾਬ ਵਿੱਚ 24 ਅਕਤੂਬਰ ਨੂੰ ਹਰ ਪੋਲਿੰਗ ਬੂਥ ’ਤੇ ਲੱਗਣਗੇ ਵਿਸ਼ੇਸ਼ ਕੈਂਪ, ਵੋਟਰ ਸੂਚੀ ’ਚ ਨਾਮ ਚੈੱਕ ਕਰਨ ਦਾ ਮਿਲੇਗਾ ਮੌਕਾ

## ਨਵੇਂ ਵੋਟਰਾਂ ਦੀ ਰਜਿਸਟ੍ਰੇਸ਼ਨ ਅਤੇ ਵੋਟਰ ਵੇਰਵਿਆਂ ਵਿੱਚ ਸੋਧ ਲਈ ਵੀ ਮਿਲੇਗੀ ਸਹੂਲਤ; BLO ਰਹਿਣਗੇ ਮੌਜੂਦ

**ਚੰਡੀਗੜ੍ਹ, 23 ਅਕਤੂਬਰ**
**-ਜੀ. ਐਸ. ਤੁੰਗ-**

ਪੰਜਾਬ ਦੇ ਵੋਟਰਾਂ ਦੀ ਸਹੂਲਤ ਲਈ 24 ਅਕਤੂਬਰ 2026, ਦਿਨ ਸ਼ਨੀਵਾਰ ਨੂੰ ਸੂਬੇ ਦੇ ਹਰ ਪੋਲਿੰਗ ਬੂਥ ’ਤੇ ਵਿਸ਼ੇਸ਼ ਕੈਂਪ ਲਗਾਏ ਜਾ ਰਹੇ ਹਨ। ਮੁੱਖ ਚੋਣ ਅਫ਼ਸਰ, ਪੰਜਾਬ ਵੱਲੋਂ ਦਿੱਤੀ ਗਈ ਜਾਣਕਾਰੀ ਅਨੁਸਾਰ, ਇਹ ਕੈਂਪ ਦੁਪਹਿਰ 3 ਵਜੇ ਤੋਂ ਸ਼ਾਮ 5 ਵਜੇ ਤੱਕ ਲਗਾਏ ਜਾਣਗੇ। ਇਸ ਦੌਰਾਨ ਨਾਗਰਿਕ SIR 2026 ਉਪਰੰਤ ਤਿਆਰ ਕੀਤੀ ਗਈ ਅੰਤਿਮ ਵੋਟਰ ਸੂਚੀ ਵਿੱਚ ਆਪਣਾ ਨਾਮ ਚੈੱਕ ਕਰ ਸਕਣਗੇ ਅਤੇ ਵੋਟਰ ਸੂਚੀ ਨਾਲ ਸਬੰਧਤ ਵੱਖ-ਵੱਖ ਸੇਵਾਵਾਂ ਦਾ ਲਾਭ ਲੈ ਸਕਣਗੇ। ਚੋਣ ਪ੍ਰਕਿਰਿਆ ਵਿੱਚ ਹਰ ਯੋਗ ਨਾਗਰਿਕ ਦੀ ਭਾਗੀਦਾਰੀ ਯਕੀਨੀ ਬਣਾਉਣ ਅਤੇ ਵੋਟਰਾਂ ਨੂੰ ਆਪਣੀ ਜਾਣਕਾਰੀ ਦੀ ਜਾਂਚ ਕਰਨ ਦਾ ਮੌਕਾ ਦੇਣ ਦੇ ਮਕਸਦ ਨਾਲ ਇਹ ਕੈਂਪ ਮਹੱਤਵਪੂਰਨ ਹਨ। ਵੋਟਰਾਂ ਨੂੰ ਅਪੀਲ ਕੀਤੀ ਗਈ ਹੈ ਕਿ ਉਹ ਆਪਣੇ ਨਿਰਧਾਰਤ ਪੋਲਿੰਗ ਬੂਥ ’ਤੇ ਪਹੁੰਚ ਕੇ ਵੋਟਰ ਸੂਚੀ ਵਿੱਚ ਦਰਜ ਆਪਣੇ ਨਾਮ ਅਤੇ ਹੋਰ ਵੇਰਵਿਆਂ ਦੀ ਜਾਂਚ ਜ਼ਰੂਰ ਕਰਨ।

ਕੈਂਪ ਵਿੱਚ ਮਿਲਣਗੀਆਂ ਇਹ ਸਹੂਲਤਾਂ, ਵਿਸ਼ੇਸ਼ ਕੈਂਪ ਦੌਰਾਨ ਨਾਗਰਿਕ ਹੇਠ ਲਿਖੀਆਂ ਸੇਵਾਵਾਂ ਲਈ ਸਹਾਇਤਾ ਪ੍ਰਾਪਤ ਕਰ ਸਕਦੇ ਹਨ: ਵੋਟਰ ਸੂਚੀ ਵਿੱਚ ਨਾਮ ਦੀ ਜਾਂਚ: SIR 2026 ਉਪਰੰਤ ਤਿਆਰ ਕੀਤੀ ਗਈ ਅੰਤਿਮ ਵੋਟਰ ਸੂਚੀ ਵਿੱਚ ਆਪਣਾ ਨਾਮ ਅਤੇ ਦਰਜ ਵੇਰਵੇ ਚੈੱਕ ਕਰਨਾ।

ਨਵੇਂ ਵੋਟਰਾਂ ਦੀ ਰਜਿਸਟ੍ਰੇਸ਼ਨ: ਜਿਹੜੇ ਯੋਗ ਨਾਗਰਿਕ ਹਾਲੇ ਤੱਕ ਵੋਟਰ ਵਜੋਂ ਰਜਿਸਟਰਡ ਨਹੀਂ ਹਨ, ਉਹ ਨਵੀਂ ਰਜਿਸਟ੍ਰੇਸ਼ਨ ਦੀ ਪ੍ਰਕਿਰਿਆ ਬਾਰੇ ਜਾਣਕਾਰੀ ਅਤੇ ਸਹਾਇਤਾ ਲੈ ਸਕਦੇ ਹਨ।

ਵੇਰਵਿਆਂ ਵਿੱਚ ਸੋਧ: ਵੋਟਰ ਸੂਚੀ ਵਿੱਚ ਨਾਮ, ਪਤਾ ਜਾਂ ਹੋਰ ਦਰਜ ਜਾਣਕਾਰੀ ਵਿੱਚ ਗਲਤੀ ਹੋਣ ਦੀ ਸੂਰਤ ਵਿੱਚ ਨਿਯਮਾਂ ਅਨੁਸਾਰ ਸੋਧ ਲਈ ਅਰਜ਼ੀ ਦੇਣ ਬਾਰੇ ਮਦਦ ਲਈ ਜਾ ਸਕਦੀ ਹੈ। ਵੋਟਰ ਸੂਚੀ ਸਬੰਧੀ ਮਾਰਗਦਰਸ਼ਨ: ਨਾਗਰਿਕ ਵੋਟਰ ਰਜਿਸਟ੍ਰੇਸ਼ਨ ਅਤੇ ਸੂਚੀ ਵਿੱਚ ਜਾਣਕਾਰੀ ਅਪਡੇਟ ਕਰਵਾਉਣ ਦੀ ਪ੍ਰਕਿਰਿਆ ਬਾਰੇ ਜਾਣਕਾਰੀ ਪ੍ਰਾਪਤ ਕਰ ਸਕਦੇ ਹਨ।

**BLO ਕਰਨਗੇ ਵੋਟਰਾਂ ਦੀ ਮਦਦ**

ਵਿਸ਼ੇਸ਼ ਕੈਂਪਾਂ ਦੌਰਾਨ ਸਬੰਧਤ ਬੂਥ ਲੈਵਲ ਅਫ਼ਸਰ ਮੌਜੂਦ ਰਹਿਣਗੇ, ਜੋ ਵੋਟਰਾਂ ਨੂੰ ਸੂਚੀ ਵਿੱਚ ਨਾਮ ਲੱਭਣ, ਦਰਜ ਵੇਰਵਿਆਂ ਦੀ ਜਾਂਚ ਕਰਨ ਅਤੇ ਲੋੜ ਅਨੁਸਾਰ ਅਰਜ਼ੀਆਂ ਦੀ ਪ੍ਰਕਿਰਿਆ ਬਾਰੇ ਮਾਰਗਦਰਸ਼ਨ ਦੇਣਗੇ। ਇਸ ਨਾਲ ਵੋਟਰਾਂ ਨੂੰ ਆਪਣੇ ਪੋਲਿੰਗ ਬੂਥ ’ਤੇ ਹੀ ਵੋਟਰ ਸੂਚੀ ਨਾਲ ਜੁੜੀਆਂ ਸਮੱਸਿਆਵਾਂ ਸਬੰਧੀ ਸਹਾਇਤਾ ਪ੍ਰਾਪਤ ਕਰਨ ਦਾ ਮੌਕਾ ਮਿਲੇਗਾ। ਯੋਗ ਨਾਗਰਿਕਾਂ ਨੂੰ ਨਾਮ ਦੀ ਜਾਂਚ ਕਰਨ ਦੀ ਅਪੀਲ ਵੋਟਰ ਸੂਚੀ ਵਿੱਚ ਨਾਮ ਦਰਜ ਹੋਣਾ ਚੋਣਾਂ ਵਿੱਚ ਵੋਟ ਪਾਉਣ ਲਈ ਅਹਿਮ ਹੈ। ਇਸ ਲਈ ਨਾਗਰਿਕਾਂ ਨੂੰ ਚਾਹੀਦਾ ਹੈ ਕਿ ਉਹ ਸਿਰਫ਼ ਪੁਰਾਣੇ ਵੋਟਰ ਕਾਰਡ ’ਤੇ ਨਿਰਭਰ ਰਹਿਣ ਦੀ ਬਜਾਏ ਮੌਜੂਦਾ ਵੋਟਰ ਸੂਚੀ ਵਿੱਚ ਆਪਣਾ ਨਾਮ ਅਤੇ ਵੇਰਵੇ ਵੀ ਚੈੱਕ ਕਰਨ। ਜੇਕਰ ਨਾਮ ਦਰਜ ਨਹੀਂ ਹੈ ਜਾਂ ਕਿਸੇ ਵੇਰਵੇ ਵਿੱਚ ਗਲਤੀ ਹੈ, ਤਾਂ ਕੈਂਪ ਦੌਰਾਨ BLO ਨਾਲ ਸੰਪਰਕ ਕਰਕੇ ਅਗਲੀ ਕਾਰਵਾਈ ਬਾਰੇ ਜਾਣਕਾਰੀ ਲਈ ਜਾ ਸਕਦੀ ਹੈ।ਮੁੱਖ ਚੋਣ ਅਫ਼ਸਰ, ਪੰਜਾਬ ਵੱਲੋਂ ਨਾਗਰਿਕਾਂ ਨੂੰ ਅਪੀਲ ਹੈ ਕਿ ਉਹ 24 ਅਕਤੂਬਰ, ਸ਼ਨੀਵਾਰ ਨੂੰ ਦੁਪਹਿਰ 3 ਤੋਂ ਸ਼ਾਮ 5 ਵਜੇ ਤੱਕ ਆਪਣੇ ਪੋਲਿੰਗ ਬੂਥ ’ਤੇ ਲੱਗਣ ਵਾਲੇ ਵਿਸ਼ੇਸ਼ ਕੈਂਪ ਵਿੱਚ ਪਹੁੰਚਣ ਅਤੇ ਵੋਟਰ ਸੂਚੀ ਨਾਲ ਸਬੰਧਤ ਸੇਵਾਵਾਂ ਦਾ ਲਾਭ ਲੈਣ।







ਅਦਰਾ ਸ਼ਹੀਦ-ਏ-ਆਜ਼ਮ 1982 ਤੋਂ ਸੱਚੀ, ਨਿਰਪੱਖ ਤੇ ਜ਼ਿੰਮੇਵਾਰ ਪੱਤਰਕਾਰਤਾ ਰਾਹੀਂ ਲੋਕਾਂ ਦੀ ਆਵਾਜ਼ ਬਣਿਆ ਹੋਇਆ ਹੈ। ਚੌਧਰੀ ਪ੍ਰਭਜੀਤ ਸਿੰਘ ਵੱਲੋਂ ਸਥਾਪਿਤ ਇਹ ਮੀਡੀਆ ਸੰਸਥਾ ਅੱਜ ਪ੍ਰਿੰਟ ਅਤੇ ਸ਼ੋਸਲ ਮੀਡੀਆ, ਡਿਜ਼ੀਟਲ ਪਲੇਟਫਾਰਮ ਰਾਹੀਂ ਪੰਜਾਬ, ਭਾਰਤ ਅਤੇ ਵਿਦੇਸ਼ਾਂ ਤਕ ਗੁਰਬਾਣੀ, ਖ਼ਬਰਾਂ, ਲੋਕ ਭਲਾਈ ਦੇ ਮੁੱਦੇ, ਲੋਕਾਂ ਤੱਕ ਨਿਰੰਤਰ ਪਹੁੰਚਾ ਰਿਹਾ ਹੈ।



# ਪੋਲੀਟਿਕਸ



## ਜੇਕਰ ਭਗਵੰਤ ਮਾਨ 5 ਸਾਲਾਂ ਤੋਂ ਚੁਟਕਲੇ ਸੁਣਾ ਰਹੇ ਨੇ ਤਾਂ ਭਾਜਪਾ ਨੇ 14 ਸਾਲਾਂ ਵਿਚ ਪੰਜਾਬ, ਪੰਜਾਬੀਆਂ ਅਤੇ ਸਿੱਖ ਕੌਮ ਦੇ ਕਿਹੜੇ ਮਸਲੇ ਨੂੰ ਹੱਲ ਕੀਤਾ : ਟਿਵਾਣਾ

**ਫ਼ਤਹਿਗੜ੍ਹ ਸਾਹਿਬ, 23 ਅਕਤੂਬਰ**
**-ਜੀ. ਐਸ. ਤੁੰਗ-**
**-ਸ਼ਹੀਦ-ਏ-ਆਜ਼ਮ-ਬਿਊਰੋ-**

ਪੰਜਾਬ ਸੂਬੇ ਤੇ ਇਥੋ ਦੀ ਸਰਜਮੀਨ ਨੇ ਬੀਤੇ 79 ਸਾਲਾਂ ਵਿਚ ਇੰਡੀਆ ਦੇ ਨਿਵਾਸੀਆ ਨੂੰ ਸੈਂਟਰ ਪੂਲ ਵਿਚ ਸਭ ਤੋ ਵੱਧ ਕਣਕ ਤੇ ਚੌਲ ਦੇ ਕੇ ਢਿੱਡ ਭਰਦੇ ਆ ਰਹੇ ਹਨ । ਇਸ ਤੋ ਇਲਾਵਾ ਮੁਲਕ ਦੀਆਂ ਸਰਹੱਦਾਂ ਉਤੇ ਵੱਡੀ ਗਿਣਤੀ ਵਿਚ ਸ਼ਹਾਦਤਾਂ ਤੇ ਕੁਰਬਾਨੀਆ ਦੇ ਕੇ ਦੁਸਮਣ ਲਈ ਕੰਧ ਬਣਕੇ ਰੱਖਿਆ ਕਰਦੇ ਆ ਰਹੇ ਹਨ । ਫਿਰ ਆਪਣੀ ਸਰਜਮੀਨ ਦੀ ਸਰਬੱਤ ਦੇ ਭਲੇ ਵਾਲੀ ਸੋਚ ਅਧੀਨ ਮੁਲਕ ਨਿਵਾਸੀਆ ਦੀ ਹਰ ਔਕੜ ਭਾਵੇ ਉਹ ਕੁਦਰਤੀ ਆਫਤ ਹੋਵੇ ਜਾਂ ਅੰਦਰੂਨੀ ਦਿਸ਼ਾਹੀਣ ਸਵਾਰਥੀ ਸੋਚ ਅਧੀਨ ਪ੍ਰਬੰਧ ਦੀ ਬਦੌਲਤ ਮਨੁੱਖਤਾ ਨੂੰ ਦਰਪੇਸ ਆਉਣ ਵਾਲੀਆ ਮੁਸ਼ਕਿਲਾਂ ਹੋਣ ਪੰਜਾਬੀ ਅਤੇ ਸਿੱਖ ਆਪਣਾ ਦਸਵੰਦ ਕੱਢਕੇ ਅਜਿਹੇ ਸਮੇ ਬਿਨ੍ਹਾਂ ਕਿਸੇ ਭੇਦਭਾਵ ਤੋ ਪੀੜ੍ਹਤਾਂ ਨੂੰ ਰੋਟੀ, ਕੱਪੜਾ, ਦਵਾਈਆ ਆਦਿ ਸਿਹਤ ਸਹੂਲਤਾਂ ਪ੍ਰਦਾਨ ਕਰਕੇ ਸੇਵਾ ਕਰਦੇ ਆ ਰਹੇ ਹਨ । ਪਰ ਦੁੱਖ ਅਤੇ ਅਫਸੋਸ ਹੈ ਕਿ ਮੁਲਕ ਦੇ ਹੁਕਮਰਾਨਾਂ ਨੇ ਪੰਜਾਬ ਸੂਬੇ, ਪੰਜਾਬੀਆਂ ਅਤੇ ਸਿੱਖਾਂ ਦੇ ਸਭ ਵਿਧਾਨਿਕ, ਸਮਾਜਿਕ, ਭੂਗੋਲਿਕ, ਧਾਰਮਿਕ ਤੇ ਇਖਲਾਕੀ ਹੱਕ ਹਕੂਕਾ ਨੂੰ ਕੁੱਚਲਕੇ ਨਿਰੰਤਰ ਗੈਰ ਇਨਸਾਨੀਅਤ ਪੰਜਾਬੀਆਂ ਤੇ ਸਿੱਖਾਂ ਦੇ ਖੂਨ ਨਾਲ ਹੋਲੀ ਖੇਡਦੇ ਆਏ ਹਨ । ਮਨੁੱਖਤਾ ਦੀ ਸੇਵਾ ਵਿਚ ਹਾਜਰ ਰਹਿਣ ਵਾਲੇ ਪੰਜਾਬੀਆਂ ਤੇ ਸਿੱਖਾਂ ਨੂੰ ਅੱਤਵਾਦੀ, ਵੱਖਵਾਦੀ, ਸਰਾਰਤੀ ਅਨਸਰ, ਗਰਮਦਲੀਏ ਬਦਨਾਮਨੁਮਾ ਨਾਮ ਦੇ ਕੇ ਬਦਨਾਮ ਕਰਦੇ ਹੋਏ ਉਨ੍ਹਾਂ ਨੂੰ ਵੱਡੀ ਗਿਣਤੀ ਵਿਚ ਝੂਠੇ ਪੁਲਿਸ ਮੁਕਾਬਲਿਆ ਅਤੇ ਤਸੱਦਦ ਜੁਲਮ ਕਰਕੇ ਮੌਤ ਦੇ ਮੂੰਹ ਵਿਚ ਧਕੇਲਦੇ ਆ ਰਹੇ ਹਨ । ਪੰਜਾਬ ਵਿਚ ਇਨ੍ਹਾਂ ਫਿਰਕੂ ਹੁਕਮਰਾਨਾਂ ਨੇ ਸਮਾਜਿਕ ਤੇ ਇਨਸਾਨੀ ਕਦਰਾਂ ਕੀਮਤਾਂ ਦਾ ਵੱਡੇ ਪੱਧਰ ਤੇ ਘਾਣ ਕਰਨ ਦੇ ਨਾਲ ਪੰਜਾਬੀਆਂ ਦੇ ਕੀਮਤੀ ਦਰਿਆਵਾ, ਨਹਿਰਾਂ ਦੇ ਪਾਣੀਆ, ਚੰਡੀਗੜ੍ਹ, ਭਾਖੜਾ ਬਿਆਸ ਮੈਨੇਜਮੈਂਟ ਮੁੱਖੀ ਦੇ ਅਹੁਦੇ, ਡੈਮਾਂ ਤੋ ਪੈਦਾ ਹੋਣ ਵਾਲੀ ਬਿਜਲੀ ਖੋਹਕੇ ਖੁਦ ਹੀ ਇੰਡੀਅਨ ਵਿਧਾਨ ਦੇ ਨਿਯਮਾਂ ਦਾ ਘਾਣ ਕਰਦੇ ਆ ਰਹੇ ਹਨ । ਹੁਣ ਜਦੋ ਪੰਜਾਬ ਸੂਬੇ ਦੀ ਵਿਧਾਨ ਸਭਾ ਚੋਣਾਂ ਸਿਰ ਤੇ ਹਨ ਤਾਂ ਮੁਲਕ ਦੇ ਗ੍ਰਹਿ ਵਜੀਰ ਅਮਿਤ ਸ਼ਾਹ, ਹਰਿਆਣਾ ਦੇ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਇਹ ਪ੍ਰਚਾਰ ਕਰ ਰਹੇ ਹਨ ਕਿ ਭਗਵੰਤ ਮਾਨ ਬੀਤੇ 5 ਸਾਲਾਂ ਤੋ ਚੁਟਕਲੇ ਸੁਣਾ ਰਹੇ ਹਨ ਅਤੇ ਪੰਜਾਬ ਸੂਬੇ ਨੂੰ ਨਸਿਆ ਦੇ ਦਲਦਲ ਵਿਚ ਧਕੇਲਕੇ ਜਿੰਦਗਾਨੀਆ ਨਾਲ ਖਿਲਵਾੜ ਕੀਤਾ ਜਾ ਰਿਹਾ ਹੈ । ਜੇਕਰ ਆਮ ਆਦਮੀ ਪਾਰਟੀ ਇਥੋ ਦੀ ਕਾਨੂੰਨੀ ਵਿਵਸਥਾਂ ਜਾਂ ਨਸਿਆ ਦੇ ਵਪਾਰ ਲਈ ਦੋਸਪੂਰਨ ਪ੍ਰਬੰਧ ਲਈ ਜਿੰਮੇਵਾਰ ਹੈ ਤਾਂ ਸ੍ਰੀ ਮੋਦੀ, ਸ਼ਾਹ ਅਤੇ ਨਾਇਬ ਸਿੰਘ ਸੈਣੀ ਜਿਨ੍ਹਾਂ ਦੀ ਸੈਂਟਰ ਵਿਚ 14 ਸਾਲਾਂ ਤੋ ਸਰਕਾਰ ਕਾਇਮ ਹੈ, ਉਨ੍ਹਾਂ ਵੱਲੋ ਇਸ ਲੰਮੇ ਸਮੇ ਦੌਰਾਨ ਪੰਜਾਬੀਆਂ ਤੇ ਸਿੱਖ ਕੌਮ ਦੀਆਂ ਮੁਸਕਿਲਾਂ ਨੂੰ ਹੱਲ ਕਰਨ ਲਈ ਹੁਣ ਤੱਕ ਕੀ ਉਦਮ ਜਾਂ ਕੋਸਿਸਾਂ ਹੋਈਆ ਹਨ ? ਉਸ ਬਾਰੇ ਪੰਜਾਬੀਆਂ ਤੇ ਸਿੱਖ ਕੌਮ ਨੂੰ ਕੀ ਮੋਦੀ-ਸ਼ਾਹ ਜਾਂ ਨਾਇਬ ਸਿੰਘ ਸੈਣੀ ਜਾਣਕਾਰੀ ਦੇਣਗੇ ਇਹ ਵਿਚਾਰ ਸ. ਇਕਬਾਲ ਸਿੰਘ ਟਿਵਾਣਾ ਮੁੱਖ ਬੁਲਾਰਾ ਸਿਆਸੀ ਤੇ ਮੀਡੀਆ ਸਲਾਹਕਾਰ ਸ਼੍ਰੋਮਣੀ ਅਕਾਲੀ



ਦਲ (ਅੰਮ੍ਰਿਤਸਰ) ਨੇ ਚੋਣਾਂ ਦੇ ਸਮੇ ਨੂੰ ਮੁੱਖ ਰੱਖਕੇ ਬੀਜੇਪੀ-ਆਰ.ਐਸ.ਐਸ ਅਤੇ ਉਨ੍ਹਾਂ ਦੀ ਲੀਡਰਸਿਪ ਵੱਲੋ ਪੰਜਾਬੀਆਂ ਤੇ ਸਿੱਖਾਂ ਨੂੰ ਗੁੰਮਰਾਹ ਕਰਕੇ ਕੇਵਲ ਤੇ ਕੇਵਲ ਆਪਣੀਆ ਸਿਆਸੀ ਵੋਟਾਂ ਪ੍ਰਾਪਤ ਕਰਨ ਦੀ ਗੱਲ ਕਰਦੇ ਹੋਏ ਮੋਦੀ-ਸ਼ਾਹ ਅਤੇ ਨਾਇਬ ਸਿੰਘ ਸੈਣੀ ਵਰਗੇ ਸਵਾਰਥੀ ਤੇ ਮਨੁੱਖਤਾ ਵਿਰੋਧੀ ਭਾਜਪਾਈਆ ਨੂੰ ਪੰਜਾਬੀਆਂ ਤੇ ਸਿੱਖ ਕੌਮ ਦੀ ਕਚਹਿਰੀ ਵਿਚ ਖੜ੍ਹਾ ਕਰਦੇ ਹੋਏ ਪ੍ਰਗਟ ਕੀਤੇ । ਉਨ੍ਹਾਂ ਕਿਹਾ ਕਿ ਜੇਕਰ ਅੱਜ ਪੰਜਾਬ ਦੀ ਨੌਜਵਾਨੀ ਨਸਿਆ ਵਿਚ ਗਲਤਾਨ ਹੈ, ਲੱਖਾਂ ਦੀ ਗਿਣਤੀ ਵਿਚ ਵੱਡੀ ਬੇਰੁਜਗਾਰੀ ਹੈ, ਕਿਸਾਨ-ਮਜਦੂਰ, ਮੁਲਾਜਮ, ਵਿਦਿਆਰੀ ਹਰ ਮੋੜ ਚੌਕ ਤੇ ਸੰਘਰਸ ਕਰਨ ਲਈ ਮਜਬੂਰ ਹਨ, ਕਾਨੂੰਨੀ ਵਿਵਸਥਾਂ ਡਾਵਾਡੋਲ ਹੈ, ਤਾਂ ਇਸ ਲਈ ਹੁਣ ਤੱਕ ਪੰਜਾਬ ਤੇ ਸੈਂਟਰ ਵਿਚ ਹਕੂਮਤ ਕਰਨ ਵਾਲੀਆ ਬੀਜੇਪੀ-ਆਰ.ਐਸ.ਐਸ, ਕਾਂਗਰਸ, ਬਾਦਲ ਦਲੀਏ, ਆਮ ਆਦਮੀ ਪਾਰਟੀ ਦੀਆਂ ਸਰਕਾਰਾਂ ਹੀ ਜਿੰਮੇਵਾਰ ਹਨ । ਜਿਨ੍ਹਾਂ ਨੇ ਪੰਜਾਬ ਅਤੇ ਪੰਜਾਬੀਆਂ ਤੇ ਸਿੱਖ ਕੌਮ ਨੂੰ ਘਸਿਆਰਾ ਬਣਾਉਣ ਦੀ ਮੰਦਭਾਵਨਾ ਅਧੀਨ ਸੂਬੇ ਅਤੇ ਇਥੋ ਦੇ ਨਿਵਾਸੀਆ ਦੇ ਸਭ ਮਾਲੀ ਅਤੇ ਕੁਦਰਤੀ ਸਾਧਨਾਂ ਦੀ ਬੇਰਹਿੰਮੀ ਨਾਲ ਲੁੱਟ ਖਸੁੱਟ ਕਰਦੇ ਆ ਰਹੇ ਹਨ । ਇਥੇ ਕੋਈ ਵੀ ਵੱਡਾ ਉਦਯੋਗ ਨਾ ਦੇ ਕੇ ਦਰਿਆਵਾ ਦੇ ਪਾਣੀਆ ਨੂੰ ਜਬਰੀ ਖੋਹਕੇ ਖੇਤੀ ਪ੍ਰਧਾਨ ਸੂਬੇ ਦੀ ਪੈਦਾਵਾਰ ਤੇ ਮਾਲੀ ਹਾਲਤ ਨੂੰ ਨੁਕਸਾਨ ਪਹੁੰਚਾਇਆ ਜਾ ਰਿਹਾ ਹੈ । 750 ਦੇ ਕਰੀਬ ਕਿਸਾਨਾਂ ਦੀਆਂ ਜਾਨਾਂ ਲੈਣ ਵਾਲੇ ਇਹ ਹਨ, ਗੁਜਰਾਤ ਤੇ ਹੋਰ ਸੂਬਿਆ ਤੋ ਪੰਜਾਬ ਵਿਚ ਨਸੀਲੀਆ ਵਸਤਾਂ ਦੇ ਕਾਰੋਬਾਰ ਦੀ ਸਰਪ੍ਰਸਤੀ ਕਰਕੇ ਇਥੋ ਦੇ ਮਾਹੌਲ ਨੂੰ ਗੰਧਲਾ ਕਰਨ ਦੇ ਦੋਸ਼ੀ ਇਹ ਹਨ । ਸਜਾਵਾਂ ਪੂਰੀਆ ਕਰ ਚੁੱਕੇ ਸਿੱਖਾਂ ਨੂੰ ਮੁਆਫ ਨਾ ਕਰਕੇ ਕਾਨੂੰਨ ਤੇ ਵਿਧਾਨ ਦੀ ਉਲੰਘਣਾ ਕਰਨ ਵਾਲੇ ਇਹ ਆਪ ਹਨ । ਹੁਣ ਕੇਵਲ ਤੇ ਕੇਵਲ ਵੋਟ ਸਿਆਸਤ ਨੂੰ ਮੁੱਖ ਰੱਖਕੇ 2029 ਤੱਕ ਪੰਜਾਬ ਵਿਚ ਨਸ਼ਾ ਖਤਮ ਕਰਨ ਦੇ ਅਤੇ ਇਥੇ ਕਾਨੂੰਨੀ ਵਿਵਸਥਾਂ ਕਾਇਮ ਕਰਨ ਦੇ ਖੋਖਲੇ ਦਾਅਵੇ ਕਰ ਰਹੇ ਹਨ । ਜਦੋਕਿ ਪੰਜਾਬ ਦੀ ਸਮੁੱਚੀ ਅਜੋਕੀ ਤਰਾਸਦੀ ਲਈ ਇਹ ਉਪਰੋਕਤ ਸੈਂਟਰ ਅਤੇ ਪੰਜਾਬ ਵਿਚ ਹਕੂਮਤ ਕਰਨ ਵਾਲੀਆ ਹਿੰਦੂਤਵ ਜਮਾਤਾਂ ਜਿੰਮੇਵਾਰ ਹਨ । ਇਥੋ ਤੱਕ ਗੈਰ ਪੰਜਾਬੀਆ ਨੂੰ ਪੰਜਾਬ ਵਿਚ ਵੱਡੇ ਸਿਆਸੀ ਤੇ ਸਰਕਾਰੀ ਅਹੁਦੇ ਦੇ ਕੇ ਪੰਜਾਬ ਦੇ ਖਜਾਨੇ ਉਤੇ ਬੋਝ ਪਾ ਕੇ ਇਥੋ ਦੇ ਖਜਾਨੇ ਦੀ ਲੁੱਟ ਖਸੁੱਟ ਸ੍ਰੀ ਕੇਜਰੀਵਾਲ ਵਰਗੇ ਗੈਰ ਪੰਜਾਬੀ ਕਰ ਰਹੇ ਹਨ । ਇਹ ਲੋਕ ਪੰਜਾਬੀਆਂ ਤੇ ਸਿੱਖਾਂ ਨੂੰ ਹੁਣ ਕਿਸੇ ਤਰ੍ਹਾਂ ਵੀ ਗੁੰਮਰਾਹ ਨਹੀ ਕਰ ਸਕਣਗੇ । ਬਲਕਿ ਸਿੱਖਾਂ ਤੇ ਪੰਜਾਬੀਆ ਨੂੰ ਚਾਹੀਦਾ ਹੈ ਕਿ 2027 ਦੀਆਂ ਆਉਣ ਵਾਲੀਆ ਵਿਧਾਨ ਸਭਾ ਚੋਣਾਂ ਵਿਚ ਪੰਜਾਬੀਆ ਤੇ ਸਿੱਖ ਕੌਮ ਦੀ ਆਪਣੀ ਸਾਂਝੀ ਸਰਕਾਰ ਕਾਇਮ ਕਰਨ ਵਿਚ ਯੋਗਦਾਨ ਪਾਉਣ ਨਾ ਕਿ ਮੁਗਲਾਂ, ਅੰਗਰੇਜਾਂ, ਅਫਗਾਨਾਂ ਦੀ ਤਰ੍ਹਾਂ ਬਾਹਰਲੇ ਧਾੜਵੀਆ ਅਤੇ ਲੁਟੇਰਿਆ ਨੂੰ ਪੰਜਾਬ ਦੀ ਸਰਜਮੀਨ ਦੀ ਹਕੂਮਤ ਪ੍ਰਦਾਨ ਕਰਨ ਦੀ ਗੁਸਤਾਖੀ ਕਰਨ ।

## ਨਸ਼ਿਆਂ ਦੇ ਖਾਤਮੇ ਲਈ ਪੁਲਿਸ ਦੇ ਨਾਲ-ਨਾਲ ਸਮਾਜ ਦੇ ਹਰ ਵਰਗ ਦਾ ਸਹਿਯੋਗ ਵੀ ਜ਼ਰੂਰੀ-ਐਸ.ਐਚ.ਓ. ਗੁਰਬੀਰ ਸਿੰਘ

**ਫ਼ਤਹਿਗੜ੍ਹ ਸਾਹਿਬ, 23 ਅਕਤੂਬਰ**
**-ਜੀ. ਐਸ. ਤੁੰਗ-**
**-ਸ਼ਹੀਦ-ਏ-ਆਜ਼ਮ-ਬਿਊਰੋ-**

ਪੰਜਾਬ ਸਰਕਾਰ ਵੱਲੋਂ ਨਸ਼ਿਆਂ ਦੇ ਖਾਤਮੇ ਲਈ ਚਲਾਈ ਜਾ ਰਹੀ ਮੁਹਿੰਮ 'ਯੁੱਧ ਨਸ਼ਿਆਂ ਵਿਰੁੱਧ' ਤਹਿਤ ਵਿਧਾਨ ਸਭਾ ਹਲਕਾ ਫਤਿਹਗੜ੍ਹ ਸਾਹਿਬ ਦੇ ਨਸ਼ਾ ਪ੍ਰਭਾਵਿਤ ਹੌਟਸਪੌਟ ਪਿੰਡ ਦਾਦੂਮਾਜਰਾ ਵਿਖੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਵਿੱਚ ਜਾਗਰੂਕਤਾ ਪ੍ਰੋਗਰਾਮ ਕਰਵਾਇਆ ਗਿਆ। ਇਸ ਮੌਕੇ ਥਾਣਾ ਬਡਾਲੀ ਆਲਾ ਸਿੰਘ ਦੇ ਐਸ.ਐਚ.ਓ. ਗੁਰਬੀਰ ਸਿੰਘ ਨੇ ਸਕੂਲੀ ਵਿਦਿਆਰਥੀਆਂ ਨੂੰ ਸਮਾਜ ਵਿੱਚ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਬਾਰੇ ਜਾਣਕਾਰੀ ਦਿੰਦਿਆਂ ਨਸ਼ਾ ਮੁਕਤ ਸਮਾਜ ਦੀ ਸਿਰਜਣਾ ਲਈ ਸਾਂਝੇ ਯਤਨਾਂ ਦੀ ਮਹੱਤਤਾ ਬਾਰੇ ਦੱਸਿਆ। ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਐਸ.ਐਚ.ਓ. ਗੁਰਬੀਰ ਸਿੰਘ ਨੇ ਕਿਹਾ ਕਿ ਨਸ਼ੇ ਇੱਕ ਗੰਭੀਰ ਸਮਾਜਿਕ



ਸਮੱਸਿਆ ਹਨ, ਜੋ ਨੌਜਵਾਨ ਪੀੜ੍ਹੀ ਦੇ ਭਵਿੱਖ ਨੂੰ ਨੁਕਸਾਨ ਪਹੁੰਚਾਉਣ ਦੇ ਨਾਲ-ਨਾਲ ਪਰਿਵਾਰਾਂ ਅਤੇ ਸਮਾਜ 'ਤੇ ਵੀ ਮਾੜਾ ਪ੍ਰਭਾਵ ਪਾਉਂਦੇ ਹਨ। ਉਨ੍ਹਾਂ ਕਿਹਾ ਕਿ ਨਸ਼ਿਆਂ ਦੇ ਮੁਕੰਮਲ ਖਾਤਮੇ ਲਈ ਪੁਲਿਸ ਦੇ ਨਾਲ-ਨਾਲ ਸਮਾਜ ਦੇ ਹਰ ਵਰਗ ਨੂੰ ਇਕਜੁੱਟ ਹੋ ਕੇ ਯਤਨ ਕਰਨ ਦੀ ਲੋੜ ਹੈ। ਉਨ੍ਹਾਂ ਵਿਦਿਆਰਥੀਆਂ ਨੂੰ ਨਸ਼ਿਆਂ ਤੋਂ ਦੂਰ ਰਹਿਣ, ਆਪਣਾ ਧਿਆਨ ਪੜ੍ਹਾਈ ਅਤੇ ਖੇਡਾਂ ਵੱਲ ਕੇਂਦਰਿਤ ਕਰਨ ਅਤੇ ਆਪਣੇ ਆਲੇ-ਦੁਆਲੇ ਦੇ ਲੋਕਾਂ ਨੂੰ ਵੀ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਬਾਰੇ ਜਾਗਰੂਕ ਕਰਨ ਲਈ ਪ੍ਰੇਰਿਤ ਕੀਤਾ। ਇਸ ਮੌਕੇ ਸਕੂਲ ਦੇ ਪ੍ਰਿੰਸੀਪਲ ਸ੍ਰੀ ਮਹਿੰਦਰ ਸਿੰਘ ਨੇ ਕਿਹਾ ਕਿ ਸਕੂਲਾਂ ਵਿੱਚ ਵਿਦਿਆਰਥੀਆਂ ਨੂੰ ਮਿਆਰੀ ਸਿੱਖਿਆ ਦੇਣ ਦੇ ਨਾਲ-ਨਾਲ ਉਨ੍ਹਾਂ ਨੂੰ ਸਮਾਜਿਕ ਬੁਰਾਈਆਂ ਤੋਂ ਦੂਰ ਰਹਿਣ ਅਤੇ ਚੰਗੀਆਂ ਕਦਰਾਂ-ਕੀਮਤਾਂ ਅਪਣਾਉਣ ਲਈ ਪ੍ਰੇਰਿਤ ਕਰਨਾ ਵੀ ਬੇਹੱਦ ਜ਼ਰੂਰੀ ਹੈ। ਇਸ ਮੌਕੇ ਸਕੂਲ ਦੇ ਅਧਿਆਪਕ ਵੀ ਹਾਜ਼ਰ ਸਨ।

## ਭਗਵਾਨ ਵਾਲਮੀਕਿ ਪ੍ਰਗਟ ਦਿਵਸ ਮੌਕੇ 25 ਅਕਤੂਬਰ ਨੂੰ ਸਜਾਈ ਜਾਵੇਗੀ 37ਵੀਂ ਵਿਸ਼ਾਲ ਸ਼ੋਭਾ ਯਾਤਰਾ

### ਮੁੱਖ ਮੰਤਰੀ ਹੋਣਗੇ ਮੁੱਖ ਮਹਿਮਾਨ, 250 ਤੋਂ ਵੱਧ ਸੁੰਦਰ ਝਾਕੀਆਂ ਖਿੱਚਣਗੀਆਂ ਖਿੱਚ ਦਾ ਕੇਂਦਰ

**ਲੁਧਿਆਣਾ, 23 ਅਕਤੂਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਭਾਰਤੀਯ ਵਾਲਮੀਕਿ ਧਰਮ ਸਮਾਜ (ਰਜਿ.) ਭਾਵਾਧਸ, ਭਾਰਤ ਵੱਲੋਂ ਭਗਵਾਨ ਵਾਲਮੀਕਿ ਜੀ ਦੇ ਪ੍ਰਗਟ ਦਿਵਸ ਨੂੰ ਸਮਰਪਿਤ 37ਵੀਂ ਪਾਵਨ ਵਿਸ਼ਾਲ ਸ਼ੋਭਾ ਯਾਤਰਾ 25 ਅਕਤੂਬਰ, ਐਤਵਾਰ ਨੂੰ ਸ਼ਾਮ 4 ਵਜੇ ਸਜਾਈ ਜਾਵੇਗੀ। ਇਸ ਸਬੰਧੀ ਲੁਧਿਆਣਾ ਕਲੱਬ ਵਿਖੇ ਰਾਸ਼ਟਰੀ ਮੁੱਖ



ਸੰਚਾਲਕ ਵੀਰੇਸ਼ ਵਿਜੈ ਦਾਨਵ ਦੀ ਅਗਵਾਈ ਹੇਠ ਪ੍ਰੈੱਸ ਵਾਰਤਾ ਕੀਤੀ ਗਈ, ਜਿਸ ਵਿੱਚ ਰਾਸ਼ਟਰੀ ਸੰਚਾਲਕ ਕਰਮਯੋਗੀ ਚੌਧਰੀ ਯਸ਼ਪਾਲ ਵਿਸ਼ੇਸ਼ ਤੌਰ 'ਤੇ ਹਾਜ਼ਰ ਹੋਏ।

ਪ੍ਰੈੱਸ ਵਾਰਤਾ ਦੌਰਾਨ ਦੱਸਿਆ ਗਿਆ ਕਿ ਸ਼ੋਭਾ ਯਾਤਰਾ ਦਰੇਸੀ ਦੇ ਖੁੱਲ੍ਹੇ ਮੈਦਾਨ ਤੋਂ ਸ਼ੁਰੂ ਹੋ ਕੇ ਕੂਪਰ ਮਾਰਕੀਟ, ਪੁਰਾਣੀ ਸਬਜ਼ੀ ਮੰਡੀ, ਪ੍ਰਤਾਪ ਬਾਜ਼ਾਰ, ਮਾਤਾ ਰਾਣੀ ਚੌਂਕ, ਘੰਟਾ ਘਰ, ਚੌੜਾ ਬਾਜ਼ਾਰ, ਘਾਹ ਮੰਡੀ, ਡਿਵੀਜ਼ਨ ਨੰਬਰ 3 ਅਤੇ ਇਸਲਾਮੀਆ ਸਕੂਲ ਰੋਡ ਤੋਂ ਹੁੰਦੀ ਹੋਈ ਘਾਟੀ ਮੁਹੱਲਾ ਵਿਖੇ ਸੰਪੰਨ ਹੋਵੇਗੀ। ਇਸ ਮੌਕੇ ਪੰਜਾਬ ਦੇ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਣਗੇ। ਇਸ ਤੋਂ ਇਲਾਵਾ ਮਨੀਸ਼ ਸਿਸੋਦੀਆ, ਹਰਦੀਪ ਸਿੰਘ ਮੁੰਡੀਆਂ, ਤਰਨਪ੍ਰੀਤ ਸਿੰਘ ਸੌਂਦ, ਪ੍ਰਿੰਸੀਪਲ ਇੰਦਰਜੀਤ ਕੌਰ ਸਮੇਤ ਕਈ ਰਾਜਨੀਤਿਕ ਅਤੇ ਸਮਾਜਿਕ ਸ਼ਖ਼ਸੀਅਤਾਂ ਦੀ ਸ਼ਮੂਲੀਅਤ ਰਹੇਗੀ।

ਸ਼ੋਭਾ ਯਾਤਰਾ ਦਾ ਉਦਘਾਟਨ ਸ. ਹਰਜੋਤ ਸਿੰਘ ਬੈਂਸ ਵੱਲੋਂ ਕੀਤਾ ਜਾਵੇਗਾ। ਯਾਤਰਾ ਵਿੱਚ 250 ਤੋਂ ਵੱਧ ਸੁੰਦਰ ਝਾਕੀਆਂ, ਬੈਂਡ-ਵਾਜੇ, ਸਕੂਲੀ ਬੱਚੇ, ਗਤਕਾ ਪਾਰਟੀਆਂ, ਭਜਨ ਮੰਡਲੀਆਂ ਅਤੇ ਭਗਵਾਨ ਵਾਲਮੀਕਿ ਮਹਾਰਾਜ ਜੀ ਦੀ ਪਾਲਕੀ ਸ਼ਰਧਾਲੂਆਂ ਲਈ ਖਿੱਚ ਦਾ ਕੇਂਦਰ ਹੋਵੇਗੀ। ਸੂਫ਼ੀ ਗਾਇਕ ਸੁਲਤਾਨ ਨੂਰਾਂ ਅਤੇ ਵੀਰ ਹੈਪੀ ਰਾਹਤ ਐਂਡ ਪਾਰਟੀ ਵੱਲੋਂ ਭਜਨਾਂ ਰਾਹੀਂ ਭਗਵਾਨ ਵਾਲਮੀਕਿ ਜੀ ਦੀ ਮਹਿਮਾ ਦਾ ਗੁਣਗਾਨ ਕੀਤਾ ਜਾਵੇਗਾ। ਰੂਟ ਦੌਰਾਨ ਵੱਖ-ਵੱਖ ਥਾਵਾਂ 'ਤੇ ਫੁੱਲਾਂ ਦੀ ਵਰਖਾ ਵੀ ਕੀਤੀ ਜਾਵੇਗੀ।

## ਵਧੀਕ ਡਿਪਟੀ ਕਮਿਸ਼ਨਰ ਨੇ ਜ਼ਿਲ੍ਹਾ ਰੋਡ ਸੇਫਟੀ ਕਮੇਟੀ ਦੀ ਮੀਟਿੰਗ ਦੌਰਾਨ ਸੜਕ ਸੁਰੱਖਿਆ ਅਤੇ ਪ੍ਰਧਾਨ ਮੰਤਰੀ ਰਾਹਤ ਸਕੀਮ ਦੀ ਕਾਰਗੁਜਾਰੀ ਦਾ ਲਿਆ ਜਾਇਜ਼ਾ



**ਫ਼ਤਹਿਗੜ੍ਹ ਸਾਹਿਬ, 23 ਅਕਤੂਬਰ**
**-ਜੀ. ਐਸ. ਤੁੰਗ-**
**-ਸ਼ਹੀਦ-ਏ-ਆਜ਼ਮ-ਬਿਊਰੋ-**

ਵਧੀਕ ਡਿਪਟੀ ਕਮਿਸ਼ਨਰ ਸ੍ਰੀਮਤੀ ਅਮਰਵੀਰ ਕੌਰ ਭੁੱਲਰ ਦੀ ਪ੍ਰਧਾਨਗੀ ਹੇਠ ਸਥਾਨਕ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਜ਼ਿਲ੍ਹਾ ਰੋਡ ਸੇਫਟੀ ਕਮੇਟੀ ਦੀ ਮੀਟਿੰਗ ਹੋਈ। ਜਿਸ ਵਿੱਚ ਸੜਕ ਸੁਰੱਖਿਆ ਨਾਲ ਸਬੰਧਤ ਵੱਖ-ਵੱਖ ਵਿਭਾਗਾਂ ਵੱਲੋਂ ਕੀਤੇ ਜਾ ਰਹੇ ਕਾਰਜਾਂ ਦੀ ਵਿਸਥਾਰ ਨਾਲ ਸਮੀਖਿਆ ਕੀਤੀ ਗਈ। ਵਧੀਕ ਡਿਪਟੀ ਕਮਿਸ਼ਨਰ ਨੇ ਕਿਹਾ ਕਿ ਪ੍ਰਧਾਨ ਮੰਤਰੀ ਰਾਹਤ ਸਕੀਮ ਤਹਿਤ ਸੜ੍ਹਕੀ ਦੁਰਘਟਨਾਂ ਦੌਰਾਨ ਜਖਮੀਆਂ ਨੂੰ ਪਹਿਲੇ 07 ਦਿਨ ਜਾਂ 1.50 ਲੱਖ ਰੁਪਏ ਤੱਕ ਦਾ ਇਲਾਜ ਸਰਕਾਰੀ ਅਤੇ ਇੰਮਪੈਨਲਡ ਹਸਪਤਾਲਾਂ ਵਿੱਚ ਮੁਫਤ ਦਿੱਤਾ ਜਾਂਦਾ ਹੈ। ਉਨ੍ਹਾਂ ਸਿਹਤ ਵਿਭਾਗ ਦੇ ਅਧਿਕਾਰੀਆਂ ਨੂੰ ਕਿਹਾ ਕਿ ਇੰਮਪੈਨਲਡ ਹਸਪਤਾਲਾਂ ਦੀ ਸੂਚੀ ਪੁਲਿਸ ਥਾਣਿਆਂ, ਸਰਕਾਰੀ ਹਸਪਤਾਲਾਂ ਵਿੱਚ ਚਸਪਾ ਕੀਤੀ ਜਾਵੇ। ਉਨ੍ਹਾਂ ਕਿਹਾ ਕਿ ਇਸ ਸਕੀਮ ਤਹਿਤ ਲਾਭ ਲੈਣ ਲਈ ਕਿਸੇ ਵੀ ਰਾਜ ਦਾ ਕੋਈ ਵੀ ਵਿਅਕਤੀ ਆਪਣਾ ਇਲਾਜ ਕਰਵਾ ਸਕਦਾ ਹੈ ਅਤੇ ਪੁਲਿਸ ਵੱਲੋਂ ਸਿਰਫ ਜਖਮੀਆਂ ਤੇ ਦੁਰਘਟਨਾਂ ਦੀ ਜਾਣਕਾਰੀ ਲਈ ਜਾਂਦੀ ਹੈ, ਮਰੀਜ ਜਾਂ ਮਰੀਜ ਦੇ ਪਰਿਵਾਰ ਦੀ ਸਹਿਮਤੀ ਤੋਂ ਬਿਨਾਂ ਕੋਈ ਕਾਰਵਾਈ ਨਹੀਂ ਕੀਤੀ ਜਾਂਦੀ ਹੈ। ਵਧੀਕ ਡਿਪਟੀ ਕਮਿਸ਼ਨਰ ਨੇ ਸਬੰਧਤ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਮਾਨਯੋਗ ਸੁਪਰੀਮ ਕੋਰਟ ਅਤੇ ਸਰਕਾਰ ਵੱਲੋਂ ਜਾਰੀ ਹਦਾਇਤਾਂ ਦੀ ਪਾਲਣਾ ਕਰਦਿਆਂ ਨੈਸ਼ਨਲ ਹਾਈਵੇ ਉੱਤੇ ਗੈਰ ਕਾਨੂੰਨੀ ਤਰੀਕੇ ਨਾਲ ਲਗਾਏ ਆਰਜੀ ਢਾਬੇ, ਸਟਾਲਾਂ ਅਤੇ ਉਸਾਰੀਆਂ ਤੇ ਬਣਦੀ ਕਾਰਵਾਈ ਅਮਲ ਚ ਲਿਆਂਦੀ ਜਾਵੇ ਤਾਂ ਜੋ ਨੈਸ਼ਨਲ ਹਾਈਵੇ ਤੇ ਹੋਣ ਵਾਲੇ ਸੜਕੀ ਹਾਦਸਿਆਂ ਤੋਂ ਰਾਹਤ ਮਿਲ ਸਕੇ। ਉਨ੍ਹਾਂ ਕਿਹਾ ਕਿ ਲੰਮੇ ਰੂਟ ਤੇ ਜਾਣ ਵਾਲੇ ਭਾਰੀ ਵਾਹਨ ਅਕਸਰ ਸੜਕਾਂ ਦੇ ਕਿਨਾਰੇ ਖੜ੍ਹਦੇ ਹਨ ਜਿਨ੍ਹਾਂ ਤੇ ਫੌਰੀ ਕਾਰਵਾਈ ਕੀਤੀ ਜਾਵੇ ਤਾਂ ਜੋ ਕੋਈ ਵੀ ਅਣਸੁਖਾਵੀ ਘਟਨਾ ਨਾ ਵਾਪਰੇ। ਉਨ੍ਹਾਂ ਸੜਕਾਂ 'ਤੇ ਆਵਾਰਾ ਪਸ਼ੂਆਂ ਦੀ ਰੋਕਥਾਮ, ਸੜਕ ਕਿਨਾਰੇ ਗੈਰ-ਕਾਨੂੰਨੀ ਗਤੀਵਿਧੀਆਂ ਨੂੰ ਰੋਕਣ, ਹਿੱਟ ਐਂਡ ਰਨ ਮਾਮਲਿਆਂ, ਵਾਹਨਾਂ ਦੀ ਚੈਕਿੰਗ ਅਤੇ ਇਨਫੋਰਸਮੈਂਟ, ਸੇਫ ਸਕੂਲ ਵਾਹਨ ਸਕੀਮ ਅਤੇ ਬਲੈਕ ਸਪੌਟਸ ਸਬੰਧੀ ਕਾਰਵਾਈ ਦੀ ਸਮੀਖਿਆ ਕੀਤੀ ਗਈ। ਮੀਟਿੰਗ ਦੌਰਾਨ ਰਿਜ਼ਨਲ ਟਰਾਂਸਪੋਰਟ ਅਫਸਰ ਸ੍ਰੀ ਨਮਨ ਮੜਕਨ, ਐਸ.ਡੀ.ਐਮ. ਫਤਹਿਗੜ੍ਹ ਸਾਹਿਬ ਕਰੁਣ ਗੁਪਤਾ, ਸਹਾਇਕ ਕਮਿਸ਼ਨਰ(ਜਨਰਲ) ਸੂਬਾ ਸਿੰਘ, ਡੀ.ਐਸ.ਪੀ. ਇੰਦਰਪ੍ਰੀਤ ਸਿੰਘ, ਜ਼ਿਲ੍ਹਾ ਵਿਕਾਸ ਤੇ ਪੰਚਾਇਤ ਅਫਸਰ ਜਸਪ੍ਰੀਤ ਕੌਰ, ਸਹਾਇਕ ਰਿਜ਼ਨਲ ਟਰਾਂਸਪੋਰਟ ਅਫਸਰ, ਸ੍ਰੀ ਮਨਿੰਦਰ ਸਿੰਘ ਤੋਂ ਇਲਾਵਾ ਹੋਰ ਅਧਿਕਾਰੀ ਹਾਜਰ ਸਨ।

## 100 ਕਰੋੜ ਰੁਪਏ ਦੀ ਲਾਗਤ ਨਾਲ 957 ਆਂਗਣਵਾੜੀ ਕੇਂਦਰਾਂ ਦੀ ਉਸਾਰੀ ਮੁਕੰਮਲ

### ਨਵੇਂ ਕੇਂਦਰ ਬੱਚਿਆਂ, ਗਰਭਵਤੀ ਮਹਿਲਾਵਾਂ ਅਤੇ ਦੁੱਧ ਪਿਲਾਉਣ ਵਾਲੀਆਂ ਮਾਵਾਂ ਨੂੰ ਬਿਹਤਰ ਸੇਵਾਵਾਂ ਪ੍ਰਦਾਨ ਕਰਨਗੇ: ਬਲਜੀਤ ਕੌਰ

**ਚੰਡੀਗੜ੍ਹ, 23 ਅਕਤੂਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਪੰਜਾਬ ਸਰਕਾਰ ਵੱਲੋਂ ਆਂਗਣਵਾੜੀ ਢਾਂਚੇ ਨੂੰ ਮਜ਼ਬੂਤ ਕਰਨ ਲਈ ਸੂਬੇ ਵਿੱਚ ਬਣਾਏ ਜਾ ਰਹੇ 1000 ਆਧੁਨਿਕ ਆਂਗਣਵਾੜੀ ਕੇਂਦਰਾਂ ਵਿੱਚੋਂ 100 ਕਰੋੜ ਰੁਪਏ ਦੀ ਲਾਗਤ ਨਾਲ 957 ਕੇਂਦਰਾਂ ਦਾ ਨਿਰਮਾਣ ਮੁਕੰਮਲ ਹੋ ਗਿਆ ਹੈ, ਜਦਕਿ ਬਾਕੀ ਕੇਂਦਰਾਂ ਦਾ ਕੰਮ ਤੇਜ਼ੀ ਨਾਲ ਚੱਲ ਰਿਹਾ ਹੈ।

ਇਸ ਗੱਲ ਦਾ ਪ੍ਰਗਟਾਵਾ ਪੰਜਾਬ ਦੀ ਸਮਾਜਿਕ ਸੁਰੱਖਿਆ, ਇਸਤਰੀ ਤੇ ਬਾਲ ਵਿਕਾਸ ਮੰਤਰੀ ਡਾ. ਬਲਜੀਤ ਕੌਰ ਨੇ ਕੀਤਾ। ਉਨ੍ਹਾਂ ਕਿਹਾ ਕਿ ਇੰਟੀਗ੍ਰੇਟਿਡ ਚਾਈਲਡ ਡਿਵੈਲਪਮੈਂਟ ਸਰਵਿਸਿਜ਼ ਸਕੀਮ ਅਧੀਨ ਮਹਾਤਮਾ ਗਾਂਧੀ ਰਾਸ਼ਟਰੀ ਪੇਂਡੂ ਰੋਜ਼ਗਾਰ ਗਾਰੰਟੀ ਐਕਟ (ਮਨਰੇਗਾ) ਨਾਲ ਕਨਵਰਜੈਂਸ ਰਾਹੀਂ ਇਨ੍ਹਾਂ ਆਂਗਣਵਾੜੀ ਕੇਂਦਰਾਂ ਦੀ ਉਸਾਰੀ ਕੀਤੀ ਜਾ ਰਹੀ ਹੈ। ਇਸ ਪ੍ਰੋਜੈਕਟ ਲਈ ਪੰਜਾਬ ਸਰਕਾਰ ਵੱਲੋਂ 100 ਕਰੋੜ ਰੁਪਏ ਦੀ ਬਜਟ ਵਿਵਸਥਾ ਕੀਤੀ ਗਈ ਹੈ, ਜਿਸ ਦਾ ਉਦੇਸ਼ ਪਿੰਡ ਪੱਧਰ 'ਤੇ ਬੱਚਿਆਂ ਅਤੇ ਮਹਿਲਾਵਾਂ ਲਈ ਮਜ਼ਬੂਤ ਸਮਾਜਿਕ ਢਾਂਚਾ ਤਿਆਰ ਕਰਨਾ ਹੈ।



ਇਹ ਆਧੁਨਿਕ ਆਂਗਣਵਾੜੀ ਕੇਂਦਰ ਬੱਚਿਆਂ ਲਈ ਪ੍ਰੀ-ਸਕੂਲ ਸਿੱਖਿਆ, ਪੂਰਕ ਪੋਸ਼ਣ, ਸਿਹਤ ਜਾਂਚ, ਵਿਕਾਸ ਨਿਗਰਾਨੀ ਅਤੇ ਹੋਰ ਜ਼ਰੂਰੀ ਸੇਵਾਵਾਂ ਲਈ ਸੁਵਿਧਾਜਨਕ ਸਥਾਨ ਵਜੋਂ ਕੰਮ ਕਰਨਗੇ। ਇਨ੍ਹਾਂ ਕੇਂਦਰਾਂ ਰਾਹੀਂ ਗਰਭਵਤੀ ਮਹਿਲਾਵਾਂ, ਦੁੱਧ ਪਿਲਾਉਣ ਵਾਲੀਆਂ ਮਾਵਾਂ ਅਤੇ ਨੰਨ੍ਹੇ ਬੱਚਿਆਂ ਨੂੰ ਵੀ ਹੋਰ ਬਿਹਤਰ ਸੇਵਾਵਾਂ ਮਿਲਣਗੀਆਂ। ਡਾ. ਬਲਜੀਤ ਕੌਰ ਨੇ ਕਿਹਾ ਕਿ ਪੰਜਾਬ ਸਰਕਾਰ ਬੱਚਿਆਂ ਅਤੇ ਮਹਿਲਾਵਾਂ ਦੀ ਭਲਾਈ ਨੂੰ ਸਰਵਉੱਚ ਤਰਜੀਹ ਦੇ ਰਹੀ ਹੈ।

ਉਨ੍ਹਾਂ ਕਿਹਾ ਕਿ ਆਧੁਨਿਕ ਆਂਗਣਵਾੜੀ ਕੇਂਦਰਾਂ ਦੀ ਉਸਾਰੀ ਸਿਰਫ਼ ਇਮਾਰਤਾਂ ਦਾ ਨਿਰਮਾਣ ਨਹੀਂ, ਸਗੋਂ ਸੂਬੇ ਦੇ ਨੰਨ੍ਹੇ-ਮੁੰਨੇ ਬੱਚਿਆਂ ਦੇ ਸੁਰੱਖਿਅਤ, ਤੰਦਰੁਸਤ ਅਤੇ ਰੌਸ਼ਨ ਭਵਿੱਖ ਦੀ ਮਜ਼ਬੂਤ ਨੀਂਹ ਰੱਖਣ ਦਾ ਉਪਰਾਲਾ ਹੈ।

## ਕਾਂਗਰਸ ਪੰਜਾਬ 'ਚ ਚਲਾਏਗੀ ਜਨ ਸੰਪਰਕ ਮੁਹਿੰਮ; ਪਾਰਟੀ ਦੇ ਅਹੁਦੇਦਾਰ ਕਮਰ ਕੱਸ ਲੈਣ: ਪਰਗਟ ਸਿੰਘ

**ਚੰਡੀਗੜ੍ਹ, 23 ਅਕਤੂਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਪੰਜਾਬ ਵਿੱਚ ਅਗਾਮੀ ਵਿਧਾਨ ਸਭਾ ਚੋਣਾਂ 2027 ਨੂੰ ਲੈ ਕੇ ਕਾਂਗਰਸ ਨੇ ਤਿਆਰੀਆਂ ਤੇਜ਼ ਕਰ ਦਿੱਤੀਆਂ ਹਨ। ਇਸੇ ਦੇ ਮੱਦੇਨਜ਼ਰ ਬੁੱਧਵਾਰ ਨੂੰ ਪੰਜਾਬ ਕਾਂਗਰਸ ਦੇ ਪ੍ਰਧਾਨ ਪਰਗਟ ਸਿੰਘ ਨੇ ਚੰਡੀਗੜ੍ਹ ਵਿਖੇ ਪਾਰਟੀ ਦੇ ਵੱਖ-ਵੱਖ ਫਰੰਟਲ ਸੰਗਠਨਾਂ ਦੇ ਆਗੂਆਂ ਨਾਲ ਮੀਟਿੰਗ ਕੀਤੀ। ਉਨ੍ਹਾਂ ਸਾਰੇ ਅਹੁਦੇਦਾਰਾਂ ਨੂੰ ਚੋਣਾਂ ਦੀਆਂ ਤਿਆਰੀਆਂ 'ਚ ਜੁਟਣ ਅਤੇ ਆਗਾਮੀ ਚੋਣਾਂ ਵਿੱਚ ਪੂਰੀ ਤਾਕਤ ਲਗਾਉਣ ਦਾ ਸੱਦਾ ਦਿੱਤਾ ਤਾਂ ਜੋ ਪੰਜਾਬ ਵਿੱਚ ਕਾਂਗਰਸ ਦੀ ਸਰਕਾਰ ਬਣਾਈ ਜਾ ਸਕੇ।



ਉਨ੍ਹਾਂ ਕਿਹਾ ਕਿ ਪੰਜਾਬ ਵਿੱਚ ਜਨ ਸੰਪਰਕ ਮੁਹਿੰਮ ਚਲਾਈ ਜਾਵੇ। ਇਸ ਦੌਰਾਨ ਪਾਰਟੀ ਦੀ ਵਿਚਾਰਧਾਰਾ ਨੂੰ ਘਰ-ਘਰ ਤੱਕ ਪਹੁੰਚਾਇਆ ਜਾਵੇ ਅਤੇ ਵੱਧ ਤੋਂ ਵੱਧ ਲੋਕਾਂ ਨੂੰ ਪਾਰਟੀ ਨਾਲ ਜੋੜਿਆ ਜਾਵੇ। ਜੇਕਰ ਸਾਰੇ ਆਗੂ ਅਤੇ ਵਰਕਰ ਪੂਰੀ ਮਿਹਨਤ, ਸਮਰਪਣ ਅਤੇ ਏਕਤਾ ਨਾਲ ਮੈਦਾਨ ਵਿੱਚ ਉਤਰਦੇ ਹਨ, ਤਾਂ ਪੰਜਾਬ ਵਿੱਚ ਕਾਂਗਰਸ ਨੂੰ ਮਜ਼ਬੂਤ ਜਨ-ਸਮਰਥਨ ਮਿਲੇਗਾ ਅਤੇ ਸਾਲ 2027 ਵਿੱਚ ਸੂਬੇ ਅੰਦਰ ਕਾਂਗਰਸ ਦੀ ਸਰਕਾਰ ਬਣਾਉਣ ਦਾ ਟੀਚਾ ਹਾਸਲ ਕੀਤਾ ਜਾ ਸਕੇਗਾ। 'ਆਪ' ਨੇ ਪੰਜਾਬ ਦੇ ਲੋਕਾਂ ਨਾਲ ਜਿਹੜੇ ਵਾਅਦੇ ਕੀਤੇ ਸਨ, ਉਹ ਵੀ ਪੂਰੇ ਨਹੀਂ ਕੀਤੇ। ਇਸ ਸਬੰਧੀ ਲੋਕਾਂ ਨੂੰ ਜਾਣੂੰ ਕਰਵਾਇਆ ਜਾਵੇ। ਇਸ ਮੌਕੇ ਕਾਂਗਰਸ ਦੇ ਵੱਖ-ਵੱਖ ਸੈਲਾਂ ਅਤੇ ਸੰਗਠਨਾਂ ਦੇ ਸੀਨੀਅਰ ਆਗੂ ਮੌਜੂਦ ਸਨ।

## ਨਿਊ ਸ਼ਕਤੀ ਨਗਰ ਦੀਆਂ ਸੜਕਾਂ ਨੂੰ ਖੱਡਾ ਮੁਕਤ ਬਣਾਉਣ ਦੀ ਮੁਹਿੰਮ ਸ਼ੁਰੂ, ਮੇਅਰ ਪਦਮਜੀਤ ਸਿੰਘ ਮਹਿਤਾ ਨੇ ਪ੍ਰੀਮਿਕਸ ਦੇ ਕੰਮ ਦੀ ਕਰਵਾਈ ਸ਼ੁਰੂਆਤ

**ਬਠਿੰਡਾ, 23 ਅਕਤੂਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਸ਼ਹਿਰ ਦੀਆਂ ਸੜਕਾਂ ਨੂੰ ਖੱਡਾ ਮੁਕਤ ਬਣਾਉਣ ਅਤੇ ਲੋਕਾਂ ਨੂੰ ਆਵਾਜਾਈ ਦੀਆਂ ਬਿਹਤਰ ਸਹੂਲਤਾਂ ਮੁਹੱਈਆ ਕਰਵਾਉਣ ਦੇ ਉਦੇਸ਼ ਨਾਲ ਬਠਿੰਡਾ ਦੇ ਮੇਅਰ ਸ੍ਰੀ ਪਦਮਜੀਤ ਸਿੰਘ ਮਹਿਤਾ ਨੇ ਵਾਰਡ ਨੰਬਰ 47 ਦੇ ਨਿਊ ਸ਼ਕਤੀ ਨਗਰ ਵਿੱਚ ਪ੍ਰੀਮਿਕਸ ਵਿਛਾਉਣ ਦੇ ਕੰਮ ਦੀ ਸ਼ੁਰੂਆਤ ਕਰਵਾਈ। ਇਸ ਮੌਕੇ ਵਾਰਡ ਕੌਂਸਲਰ ਸ੍ਰੀਮਤੀ ਕਮਲੇਸ਼ ਮਹਿਰਾ, ਸ੍ਰੀ ਰਾਜ ਮਹਿਰਾ ਸਮੇਤ ਇਲਾਕੇ ਦੀਆਂ ਕਈ ਪ੍ਰਮੁੱਖ ਸ਼ਖ਼ਸੀਅਤਾਂ ਮੌਜੂਦ ਸਨ।

ਇਸ ਮੌਕੇ ਮੇਅਰ ਸ੍ਰੀ ਪਦਮਜੀਤ ਸਿੰਘ ਮਹਿਤਾ ਨੇ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਸੂਬੇ ਦੇ ਸ਼ਹਿਰਾਂ ਵਿੱਚ ਬੁਨਿਆਦੀ ਸਹੂਲਤਾਂ ਨੂੰ ਬਿਹਤਰ ਬਣਾਉਣ ਅਤੇ ਲੋਕਾਂ ਨੂੰ ਸੁਵਿਧਾਜਨਕ ਨਾਗਰਿਕ ਸੇਵਾਵਾਂ ਮੁਹੱਈਆ ਕਰਵਾਉਣ 'ਤੇ ਜ਼ੋਰ ਦੇ ਰਹੀ ਹੈ। ਇਸੇ ਦਿਸ਼ਾ ਵਿੱਚ ਬਠਿੰਡਾ ਸ਼ਹਿਰ ਦੇ ਵਿਕਾਸ ਕਾਰਜਾਂ ਨੂੰ ਅੱਗੇ ਵਧਾਉਂਦਿਆਂ ਸੜਕਾਂ ਦੇ ਨਿਰਮਾਣ, ਮੁਰੰਮਤ ਅਤੇ ਸੁਧਾਰ ਵੱਲ ਵਿਸ਼ੇਸ਼ ਧਿਆਨ ਦਿੱਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਸ਼ਹਿਰ ਦਾ ਵਿਕਾਸ ਸਿਰਫ਼ ਵੱਡੇ ਪ੍ਰੋਜੈਕਟਾਂ ਤੱਕ ਸੀਮਤ ਨਹੀਂ ਰਹਿਣਾ ਚਾਹੀਦਾ, ਸਗੋਂ ਹਰੇਕ ਵਾਰਡ ਅਤੇ ਹਰੇਕ ਮੁਹੱਲੇ ਵਿੱਚ ਰਹਿਣ ਵਾਲੇ ਨਾਗਰਿਕਾਂ ਨੂੰ ਵੀ ਵਿਕਾਸ ਦਾ ਲਾਭ ਮਿਲਣਾ ਚਾਹੀਦਾ ਹੈ।

ਮੇਅਰ ਸ੍ਰੀ ਮਹਿਤਾ ਨੇ ਕਿਹਾ ਕਿ ਆਮ ਲੋਕਾਂ ਦੀਆਂ ਰੋਜ਼ਾਨਾ ਦੀਆਂ ਸਮੱਸਿਆਵਾਂ ਦਾ ਹੱਲ ਕਰਨਾ ਹੀ ਲੋਕ ਹਿੱਤ ਵਿੱਚ ਕੀਤੇ ਜਾਣ ਵਾਲੇ ਵਿਕਾਸ ਕਾਰਜਾਂ ਦਾ ਮੁੱਖ ਉਦੇਸ਼ ਹੈ। ਸੜਕਾਂ ਕਿਸੇ ਵੀ ਸ਼ਹਿਰ ਦੇ ਬੁਨਿਆਦੀ ਢਾਂਚੇ ਦਾ ਅਹਿਮ ਹਿੱਸਾ ਹੁੰਦੀਆਂ ਹਨ। ਇਨ੍ਹਾਂ ਦੀ ਬਿਹਤਰ ਹਾਲਤ ਨਾਲ ਲੋਕਾਂ ਦੀ ਆਵਾਜਾਈ ਸੁਖਾਲੀ ਹੁੰਦੀ ਹੈ ਅਤੇ ਵਾਹਨ ਚਾਲਕਾਂ ਦੇ ਨਾਲ-ਨਾਲ ਪੈਦਲ ਚੱਲਣ ਵਾਲਿਆਂ ਨੂੰ ਵੀ ਸਹੂਲਤ ਮਿਲਦੀ ਹੈ। ਇਸ ਲਈ ਨਗਰ ਨਿਗਮ ਵੱਲੋਂ ਸ਼ਹਿਰ ਦੇ ਵੱਖ-ਵੱਖ ਇਲਾਕਿਆਂ ਵਿੱਚ ਸੜਕਾਂ ਦੀ ਹਾਲਤ ਸੁਧਾਰਨ ਲਈ ਯੋਜਨਾਬੱਧ ਢੰਗ ਨਾਲ ਕੰਮ ਕਰਵਾਇਆ ਜਾ ਰਿਹਾ ਹੈ।



ਉਨ੍ਹਾਂ ਕਿਹਾ ਕਿ ਨਿਊ ਸ਼ਕਤੀ ਨਗਰ ਵਿੱਚ ਪ੍ਰੀਮਿਕਸ ਦਾ ਕੰਮ ਸ਼ੁਰੂ ਕਰਵਾਉਣਾ ਵੀ ਇਸੇ ਯਤਨ ਦਾ ਹਿੱਸਾ ਹੈ। ਜਿੱਥੇ ਸੜਕਾਂ ਦੀ ਹਾਲਤ ਸੁਧਾਰਨ ਦੀ ਲੋੜ ਹੈ, ਉੱਥੇ ਪਹਿਲ ਦੇ ਆਧਾਰ 'ਤੇ ਕੰਮ ਕਰਵਾਉਣ ਦੇ ਯਤਨ ਕੀਤੇ ਜਾ ਰਹੇ ਹਨ, ਤਾਂ ਜੋ ਲੋਕਾਂ ਨੂੰ ਖਸਤਾ ਹਾਲ ਸੜਕਾਂ ਕਾਰਨ ਆਉਣ ਵਾਲੀਆਂ ਮੁਸ਼ਕਲਾਂ ਤੋਂ ਰਾਹਤ ਮਿਲ ਸਕੇ।

ਮੇਅਰ ਸ੍ਰੀ ਪਦਮਜੀਤ ਸਿੰਘ ਮਹਿਤਾ ਨੇ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਦੀਆਂ ਵਿਕਾਸ ਸਬੰਧੀ ਤਰਜੀਹਾਂ ਦੇ ਅਨੁਸਾਰ ਬਠਿੰਡਾ ਵਿੱਚ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਬਣਾਉਣ ਲਈ ਯਤਨ ਕੀਤੇ ਜਾ ਰਹੇ ਹਨ। ਸ਼ਹਿਰ ਦੀਆਂ ਸੜਕਾਂ ਨੂੰ ਖੱਡਾ ਮੁਕਤ ਬਣਾਉਣ ਦੇ ਨਾਲ-ਨਾਲ ਸਫ਼ਾਈ ਵਿਵਸਥਾ, ਸੀਵਰੇਜ, ਪਾਣੀ ਦੀ ਨਿਕਾਸੀ ਅਤੇ ਹੋਰ ਨਾਗਰਿਕ ਸਹੂਲਤਾਂ ਵਿੱਚ ਸੁਧਾਰ ਕਰਨਾ ਵੀ ਜ਼ਰੂਰੀ ਹੈ। ਇਨ੍ਹਾਂ ਸਾਰੇ ਪਹਿਲੂਆਂ ਨੂੰ ਧਿਆਨ ਵਿੱਚ ਰੱਖਦਿਆਂ ਸ਼ਹਿਰ ਦੇ ਵਿਕਾਸ ਨੂੰ ਅੱਗੇ ਵਧਾਇਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਉਨ੍ਹਾਂ ਦਾ ਯਤਨ ਹੈ ਕਿ ਬਠਿੰਡਾ ਨੂੰ ਇੱਕ ਅਜਿਹਾ ਆਧੁਨਿਕ ਸ਼ਹਿਰ ਬਣਾਇਆ ਜਾਵੇ, ਜਿੱਥੇ ਲੋਕਾਂ ਨੂੰ ਬਿਹਤਰ ਸੜਕਾਂ, ਸਾਫ਼-ਸੁਥਰਾ ਵਾਤਾਵਰਣ ਅਤੇ ਜ਼ਰੂਰੀ ਨਾਗਰਿਕ ਸਹੂਲਤਾਂ ਮੁਹੱਈਆ ਹੋਣ।

ਵਿਕਾਸ ਕਾਰਜਾਂ ਦੀ ਸਫ਼ਲਤਾ ਉਦੋਂ ਹੀ ਯਕੀਨੀ ਬਣੇਗੀ, ਜਦੋਂ ਇਨ੍ਹਾਂ ਦਾ ਲਾਭ ਸਿੱਧੇ ਤੌਰ 'ਤੇ ਆਮ ਲੋਕਾਂ ਤੱਕ ਪਹੁੰਚੇਗਾ। ਇਸੇ ਸੋਚ ਨਾਲ ਸ਼ਹਿਰ ਦੇ ਵੱਖ-ਵੱਖ ਵਾਰਡਾਂ ਵਿੱਚ ਸਥਾਨਕ ਲੋੜਾਂ ਅਨੁਸਾਰ ਕੰਮ ਕਰਵਾਉਣ ਵੱਲ ਧਿਆਨ ਦਿੱਤਾ ਜਾ ਰਿਹਾ ਹੈ।

ਮੇਅਰ ਸ੍ਰੀ ਮਹਿਤਾ ਨੇ ਕਿਹਾ ਕਿ ਸੜਕ ਨਿਰਮਾਣ ਦਾ ਉਦੇਸ਼ ਸਿਰਫ਼ ਸੜਕ ਤਿਆਰ ਕਰਨਾ ਹੀ ਨਹੀਂ, ਸਗੋਂ ਲੋਕਾਂ ਨੂੰ ਲੰਬੇ ਸਮੇਂ ਤੱਕ ਬਿਹਤਰ ਸਹੂਲਤ ਮੁਹੱਈਆ ਕਰਵਾਉਣਾ ਵੀ ਹੋਣਾ ਚਾਹੀਦਾ ਹੈ।



## ਸਿੱਧੂ ਕਾਲੋਨੀ 'ਚ 'ਆਪ' ਨੂੰ ਵੱਡਾ ਝਟਕਾ; ਕਈ ਆਗੂ ਪਰਿਵਾਰਾਂ ਸਮੇਤ ਕਾਂਗਰਸ 'ਚ ਸ਼ਾਮਲ

# ਜ਼ਮੀਨੀ ਪੱਧਰ 'ਤੇ ਕਾਂਗਰਸ ਹੋ ਰਹੀ ਮਜ਼ਬੂਤ, ਨਵੇਂ ਸਾਥੀਆਂ ਨੂੰ ਮਿਲੇਗਾ ਪੂਰਾ ਸਤਿਕਾਰ: ਮੋਹਿਤ ਮੋਹਿੰਦਰਾ



**ਪਟਿਆਲਾ, 23 ਅਕਤੂਬਰ**
**-ਛਤਰਪਾਲ ਸਿੰਘ-**

ਹਲਕਾ ਪਟਿਆਲਾ ਦਿਹਾਤੀ ਅਧੀਨ ਪੈਂਦੀ ਸਿੱਧੂ ਕਾਲੋਨੀ, ਭਾਦਸੋਂ ਰੋਡ ਵਿਖੇ ਆਮ ਆਦਮੀ ਪਾਰਟੀ ਨੂੰ ਉਸ ਸਮੇਂ ਵੱਡਾ ਸਿਆਸੀ ਝਟਕਾ ਲੱਗਾ, ਜਦੋਂ ਇਲਾਕੇ ਦੇ ਕਈ ਪ੍ਰਮੁੱਖ ਆਗੂ ਅਤੇ ਸਰਗਰਮ ਵਰਕਰ 'ਆਪ' ਨੂੰ ਅਲਵਿਦਾ ਆਖ ਕੇ ਪੰਜਾਬ ਯੂਥ ਕਾਂਗਰਸ ਦੇ ਸਾਬਕਾ ਪ੍ਰਧਾਨ ਅਤੇ ਹਲਕਾ ਇੰਚਾਰਜ ਸ਼੍ਰੀ ਮੋਹਿਤ ਮੋਹਿੰਦਰਾ ਦੀ ਅਗਵਾਈ ਹੇਠ ਰਸਮੀ ਤੌਰ 'ਤੇ ਕਾਂਗਰਸ ਪਾਰਟੀ ਵਿੱਚ ਸ਼ਾਮਲ ਹੋ ਗਏ। ਮੋਹਿਤ ਮੋਹਿੰਦਰਾ ਨੇ ਕਾਂਗਰਸ ਪਰਿਵਾਰ ਵਿੱਚ ਸ਼ਾਮਲ ਹੋਏ ਸਮੂਹ ਮੈਂਬਰਾਂ ਦਾ ਨਿੱਘਾ ਸਵਾਗਤ ਕੀਤਾ ਅਤੇ ਪਾਰਟੀ ਵਿੱਚ ਪੂਰਾ ਮਾਣ-ਸਨਮਾਨ ਦੇਣ ਦਾ ਭਰੋਸਾ ਦਿਵਾਇਆ। ਇਸ ਮੌਕੇ ਸ਼ਾਮਲ ਹੋਣ ਵਾਲਿਆਂ ਵਿੱਚ ਖ਼ੁਸ਼ਹਾਲ ਸਿੰਘ, ਨਵਜੋਤ ਪਾਂਡੇ, ਸੰਜੀਵ ਸ਼ਰਮਾ, ਮੋਹਿਤ ਸ਼ਰਮਾ, ਸੁਖਚੈਨ ਸਿੰਘ ਚੀਮਾ, ਮਨਿੰਦਰ ਸਿੰਘ ਅਤੇ ਜਸਵੀਰ ਸਿੰਘ ਸੇਠੀ ਆਪਣੇ ਸਮੁੱਚੇ ਪਰਿਵਾਰਾਂ ਸਮੇਤ ਆਮ ਆਦਮੀ ਪਾਰਟੀ ਛੱਡ ਕੇ ਰਸਮੀ ਤੌਰ 'ਤੇ ਕਾਂਗਰਸ ਪਾਰਟੀ ਵਿੱਚ ਸ਼ਾਮਲ ਹੋਏ।

ਸਮਾਗਮ ਨੂੰ ਸੰਬੋਧਨ ਕਰਦਿਆਂ ਮੋਹਿਤ ਮੋਹਿੰਦਰਾ ਨੇ ਕਿਹਾ ਕਿ ਆਮ ਲੋਕ ਮੌਜੂਦਾ ਸਰਕਾਰ ਦੀਆਂ ਲੋਕ-ਵਿਰੋਧੀ ਨੀਤੀਆਂ ਅਤੇ ਲਾਰਿਆਂ ਤੋਂ ਪੂਰੀ ਤਰ੍ਹਾਂ ਅੱਕ ਚੁੱਕੇ ਹਨ। ਉਨ੍ਹਾਂ ਕਿਹਾ ਕਿ ਜ਼ਮੀਨੀ ਪੱਧਰ 'ਤੇ ਲੋਕਾਂ ਦਾ ਕਾਂਗਰਸ ਪਾਰਟੀ ਵੱਲ ਵਧਦਾ ਝੁਕਾਅ ਅਤੇ ਭਰੋਸਾ ਇਸ ਗੱਲ ਦਾ ਸਪੱਸ਼ਟ ਸੰਕੇਤ ਹੈ ਕਿ ਸੂਬੇ ਦੇ ਲੋਕ ਕਾਂਗਰਸ ਦੀਆਂ ਵਿਕਾਸਵਾਦੀ ਤੇ ਲੋਕ-ਪੱਖੀ ਨੀਤੀਆਂ ਨਾਲ ਜੁੜਨਾ ਚਾਹੁੰਦੇ ਹਨ। ਨਵੇਂ ਸ਼ਾਮਲ ਹੋਏ ਆਗੂਆਂ ਨੇ ਕਿਹਾ ਕਿ ਉਹ ਮੌਜੂਦਾ ਸਰਕਾਰ ਦੀ ਕਾਰਗੁਜ਼ਾਰੀ ਤੋਂ ਨਿਰਾਸ਼ ਹੋ ਕੇ ਅਤੇ ਮੋਹਿਤ ਮੋਹਿੰਦਰਾ ਦੀ ਅਗਵਾਈ ਤੋਂ ਪ੍ਰਭਾਵਿਤ ਹੋ ਕੇ ਕਾਂਗਰਸ ਵਿੱਚ ਆਏ ਹਨ ਅਤੇ ਪਾਰਟੀ ਨੂੰ ਮਜ਼ਬੂਤ ਕਰਨ ਲਈ ਪੂਰੀ ਤਨਦੇਹੀ ਨਾਲ ਕੰਮ ਕਰਨਗੇ।

ਇਸ ਮੌਕੇ ਜ਼ਿਲ੍ਹਾ ਕਾਂਗਰਸ ਕਮੇਟੀ ਪਟਿਆਲਾ ਸ਼ਹਿਰੀ ਦੇ ਪ੍ਰਧਾਨ ਨਰੇਸ਼ ਦੁੱਗਲ, ਬਲਾਕ ਤ੍ਰਿਪੜੀ ਦੇ ਪ੍ਰਧਾਨ ਹਰਵਿੰਦਰ ਸ਼ੁਕਲਾ, ਬਲਾਕ ਦਫ਼ਤਰ ਇੰਚਾਰਜ ਹੈਪੀ, ਮੰਡਲ ਪ੍ਰਧਾਨ ਲਵਜੋਤ ਸਿੰਘ ਸਮੇਤ ਵੱਡੀ ਗਿਣਤੀ ਵਿੱਚ ਸਥਾਨਕ ਕਾਂਗਰਸੀ ਆਗੂ, ਵਰਕਰ ਅਤੇ ਇਲਾਕਾ ਨਿਵਾਸੀ ਹਾਜ਼ਰ ਸਨ।

# ਫੌਜ, ਨੀਮ ਫੌਜੀ ਬਲਾਂ ਅਤੇ ਪੁਲਿਸ ਵਿੱਚ ਭਰਤੀ ਹੋਣ ਲਈ ਸਿਖਲਾਈ ਕੋਰਸ

**ਪਟਿਆਲਾ, 23 ਅਕਤੂਬਰ**
**-ਜੀ. ਐਸ. ਤੁੰਗ-**

ਜ਼ਿਲ੍ਹਾ ਰੱਖਿਆ ਸੇਵਾਵਾਂ ਭਲਾਈ ਅਫਸਰ ਕਮਾਂਡਰ. ਬਲਜਿੰਦਰ ਵਿਰਕ (ਰਿਟਾ.) ਨੇ ਦੱਸਿਆ ਕਿ ਵਿਭਾਗ ਦੇ ਪ੍ਰੀ-ਰਿਕਰੂਟਮੈਂਟ ਸੈਂਟਰ ਵਿਖੇ ਫੌਜ ਅਤੇ ਨੀਮ ਫੌਜੀ ਬਲਾਂ ਵਿਚ ਭਰਤੀ ਹੋਣ ਲਈ ਕੇਵਲ ਪੰਜਾਬ ਦੇ ਬੱਚਿਆ ਲਈ ਪ੍ਰੀ-ਰਿਕਰੂਟਮੈਂਟ ਟ੍ਰੇਨਿੰਗ ਕੋਰਸ ਮਿਤੀ 02/11/2026ਤੋਂ ਸ਼ੁਰੂ ਕੀਤਾ ਜਾ ਰਿਹਾ ਹੈ, ਜਿਸ ਦਾ ਮੰਤਵ ਸੈਨਾ ਵਿਚ ਸੇਵਾ ਕਰ ਰਹੇ ਸੈਨਿਕਾਂ, ਸਾਬਕਾ ਸੈਨਿਕਾਂ ਅਤੇ ਬਾਕੀ ਸ੍ਰੇਣੀਆਂ ਦੇ ਬੱਚਿਆਂ ਨੂੰ ਫੌਜ, ਨੀਮ ਫੌਜੀ ਬਲਾਂ ਅਤੇ ਪੁਲਿਸ ਵਿੱਚ ਭਰਤੀ ਹੋਣ ਲਈ ਯੋਗ ਬਣਾਉਣਾ ਹੈ। ਇਹ ਕੋਰਸ 45 ਦਿਨ ਦਾ ਹੋਵੇਗਾ। ਜਿਸ ਦੌਰਾਨ ਵਿਦਿਆਰਥੀਆਂ ਨੂੰ ਸਰੀਰਕ ਤੌਰ ਤੇ ਭਰਤੀ ਹੋਣ ਲਈ ਲੋੜੀਦੇਂ ਮਿਆਰ ਲਈ ਤਿਆਰ ਕੀਤਾ ਜਾਵੇਗਾ। ਇਸ ਤੋਂ ਇਲਾਵਾ ਉਹਨਾ ਨੂੰ ਲਿਖਤੀ ਇਮਤਿਹਾਨ ਦੀ ਤਿਆਰੀ ਵੀ ਕਰਵਾਈ ਜਾਵੇਗੀ।

ਫੌਜ ਵਿੱਚ ਸਿਪਾਹੀ ਦੀ ਭਰਤੀ ਲਈ ਉਮੀਦਵਾਰ ਦੀ ਉਮਰ 17-1/2 ਤੋਂ 22 ਸਾਲ, ਕੱਦ 170 ਸੈਂਟੀਮੀਟਰ, ਛਾਤੀ 77 ਤੋਂ 82 ਸੈਂਟੀਮਿਟਰ ਅਤੇ ਵਜਨ 50 ਕਿੱਲੋ ਹੋਣਾ ਚਾਹੀਦਾ ਹੈ ਅਤੇ ਉਮੀਦਵਾਰ ਦਸਵੀਂ ਕਲਾਸ ਵਿੱਚ ਕੁੱਲ 45%ਅਤੇ ਹਰੇਕ ਵਿਸ਼ੇ ਵਿੱਚ 33% ਨੰਬਰਾਂ ਨਾਲ ਪਾਸ ਹੋਣ ਜ਼ਰੂਰੀ ਹੈ। ਕਲਰਕ/ਐਸ.ਕੇ.ਟੀ ਦੀ ਭਰਤੀ ਲਈ ਉਮੀਦਵਾਰਾਂ ਦੀ ਉਮਰ 17-1/2 ਤੋਂ 22 ਸਾਲ ਦੇ ਵਿਚਕਾਰ ਅਤੇ ਕੱਦ ਘੱਟੋਂ ਘੱਟ 162 ਸੈਟੀਮੀਟਰ ਹੋਣਾ ਜ਼ਰੂਰੀ ਹੈ। ਅੰਗਰੇਜ਼ੀ ਅਤੇ ਗਣਿਤ/ਅਕਾਊਂਟਿੰਗ/ਬੁਕ ਕੀਪਿੰਗ ਵਿਸ਼ਿਆਂ ਵਿਚ 50% ਨੰਬਰਾ ਨਾਲ ਪਾਸ ਹੋਣਾ ਜ਼ਰੂਰੀ ਹੈ। ਚਾਹਵਾਨ ਉਮੀਦਵਾਰ ਆਪਣੇ ਪੜ੍ਹਾਈ ਦੇ ਸਰਟਿਫਿਕੇਟ, ਪਾਸਪੋਰਟ ਸਾਇਜ਼ ਫੋਟੋ, ਡਿਸਾਚਾਰਜ ਬੁੱਕ (ਕੇਵਲ ਸਾਬਕਾ ਸੈਨਿਕਾਂ ਦੇ ਬੱਚਿਆਂ ਲਈ) ਅਤੇ ਐਸ.ਸੀ ਜਾਤੀ ਦੇ ਉਮੀਦਵਾਰ ਆਪਣਾ ਜਾਤੀ ਦਾ ਸਰਟੀਫਿਕੇਟ ਨਾਲ ਲੈ ਕੇ ਜ਼ਿਲ੍ਹਾ ਰੱਖਿਆ ਸੇਵਾਵਾਂ ਭਲਾਈ ਦਫਤਰ, ਪਟਿਆਲਾ, ਨੇੜੇ ਰੇਲਵੇ ਸਟੇਸ਼ਨ, ਵਿਖੇ ਆਪਣੇ ਨਾਮ ਦੀ ਰਜਿਸਟ੍ਰੇਸ਼ਨ ਕਰਵਾ ਸਕਦੇ ਹਨ। ਉਹਨਾ ਨੇ ਇਹ ਵੀ ਦੱਸਿਆ ਹੈ ਕਿ ਪਟਿਆਲਾ ਜ਼ਿਲ੍ਹੇ ਦੇ ਉਮੀਦਵਾਰ ਹੀ ਇਸ ਟ੍ਰੇਨਿੰਗ ਵਿਚ ਸ਼ਾਮਲ ਹੋ ਸਕਦੇ ਹਨ। ਪ੍ਰੀ-ਰਿਕਰੂਟਮੈਂਟ ਸੈਂਟਰ ਸਿਖਲਾਈ ਲਈ ਇੱਕ ਆਲ ਵੈਦਰ ਟਰੈਕ ਅਤ ਟ੍ਰੇਨਿੰਗ ਦੇ ਜ਼ਰੂਰੀ ਸਾਜੋ ਸਮਾਨ ਉਪਲੱਬਧ ਹਨ। ਵਧੇਰੇ ਜਾਣਕਾਰੀ ਲਈ ਫੋਨ ਨੰ. 0175-2361188, 9988411466 ਕਿਸੇ ਵੀ ਕੰਮ ਕਾਜ ਵਾਲੇ ਦਿਨ ਸੰਪਰਕ ਕਰ ਸਕਦੇ ਹਨ।

# ਪਟਿਆਲਾ ਡਿਪੂ ਪੈਨਸ਼ਨਰਜ਼ ਦਾ ਵਫਦ ਦੀ ਮੰਗਾਂ ਸਬੰਧੀ ਮੈਨੇਜਿੰਗ ਡਾਇਰੈਕਟਰ ਨਾਲ ਮੀਟਿੰਗ ਆਯੋਜਿਤ

**ਪਟਿਆਲਾ, 23 ਅਕਤੂਬਰ**
**-ਜੀ. ਐਸ. ਤੁੰਗ-**

ਪਟਿਆਲਾ ਡਿਪੂ ਪੈਨਸ਼ਨਰਜ਼ ਦਾ ਵਫਦ ਪੈਨਸ਼ਨ ਅਤੇ ਹੋਰ ਬਕਾਏ ਦੀ ਅਦਾਇਗੀ ਦੇ ਸਬੰਧ ਵਿੱਚ ਸ੍ਰ. ਜ਼ੋਗਿੰਦਰ ਸਿੰਘ ਦੀ ਪ੍ਰਧਾਨਗੀ ਹੇਠ ਵਧੀਕ ਮੈਨੇਜਿੰਗ ਡਾਇਰੈਕਟਰ ਅਤੇ ਮੈਨੇਜਿੰਗ ਡਾਇਰੈਕਟਰ ਨੂੰ ਮਿਲਿਆ। ਏ.ਐਮ.ਡੀ. ਸਾਹਿਬ ਨੇ ਬਕਾਇਦਾ ਨਾਲ ਜਾ ਕੇ ਐਮ.ਡੀ. ਸਾਹਿਬ ਨਾਲ ਮੀਟਿੰਗ ਕਰਵਾਈ। ਮੀਟਿੰਗ ਦੌਰਾਨ ਵਫਦ ਨੇ ਬਕਾਏ ਦੀ ਅਦਾਇਗੀ ਅਤੇ ਪੈਨਸ਼ਨ ਦਿਵਾਲੀ ਤੋਂ ਪਹਿਲਾਂ—ਪਹਿਲਾਂ ਕਰਨ ਲਈ ਬੇਨਤੀ ਕੀਤੀ। ਐਮ.ਡੀ. ਸਾਹਿਬ ਨੇ ਏ.ਐਮ.ਡੀ. ਸਾਹਿਬ ਨੂੰ ਸਮੁੱਚੀਆਂ ਕੁੱਲ ਅਦਾਇਗੀਆਂ ਦੀਆਂ ਲਿਸਟਾਂ ਤਿਆਰ ਕਰਨ ਲਈ ਕਿਹਾ ਅਤੇ ਦੱਸਿਆ ਕਿ ਸਰਕਾਰ ਤੋਂ ਪੈਸੇ ਦੀ ਮੰਗ ਕੀਤੀ ਜਾ ਰਹੀ ਹੈ। ਇਸ ਤਰ੍ਹਾਂ ਜਿੰਨੀ ਰਕਮ ਪ੍ਰਾਪਤ ਹੋਵੇਗੀ ਉਸੇ ਅਨੁਪਾਤ ਵਿੱਚ ਅਦਾਇਗੀਆਂ ਕੀਤੀਆਂ ਜਾਣਗੀਆਂ। ਉਹਨਾਂ ਕਿਹਾ ਕਿ ਫਿਲਹਾਲ ਸਾਡੀ ਤਰਜੀਹ ਦਿਵਾਲੀ ਤੋਂ ਪਹਿਲਾਂ ਪੈਨਸ਼ਨ ਅਤੇ ਤਨਖਾਹ ਦੇਣ ਦੀ ਹੈ ਤਾਂ ਜ਼ੋ ਤਿਉਹਾਰ ਕਰਮਚਾਰੀਆਂ ਅਤੇ ਪੈਨਸ਼ਨਰਾਂ ਨੂੰ ਨਾਮੋਸ਼ੀ ਨਾ ਹੋਵੇ, ਦੋਵੇਂ ਅਧਿਕਾਰੀਆਂ ਨੇ ਬਹੁਤ ਹੀ ਵਧੀਆ ਤਰੀਕੇ ਨਾਲ ਅਤੇ ਤਸੱਲੀ ਨਾਲ ਗੱਲਬਾਤ ਕੀਤੀ ਅਤੇ ਪੂਰੀ ਤਸੱਲੀ ਨਾਲ ਦੱਸਿਆ ਕਿ ਤਨਖਾਹ ਦੇ ਮੌਕੇ ਤੇ ਅਤੇ ਪੈਨਸ਼ਨ ਦਿਵਾਲੀ ਤੋਂ ਪਹਿਲਾਂ ਪਾ ਦਿੱਤੀ ਜਾਵੇਗੀ ਅਤੇ ਬਾਕੀ ਅਦਾਇਗੀਆਂ ਦੀ ਵਿਉਂਤ ਪ੍ਰਾਪਤ ਰਕਮ ਮੁਤਾਬਿਕ ਕੀਤੀ ਜਾਵੇਗੀ। ਐਮ.ਡੀ. ਸਾਹਿਬ ਨੇ ਇਹ ਵੀ ਦੱਸਿਆ ਕਿ ਕੁੱਝ ਹੀ ਦਿਨਾਂ ਅੰਦਰ ਮਾਨਯੋਗ ਮੰਤਰੀ ਜੀ ਪੀ.ਆਰ.ਟੀ.ਸੀ. ਦੇ ਅਦਾਰੇ ਵਿੱਚ ਆਉਣਗੇ ਅਤੇ ਉਸ ਸਮੇਂ ਉਨ੍ਹਾਂ ਸਾਹਮਣੇ ਤਫਸੀਲ ਰੱਖੀ ਜਾਵੇਗੀ।

# ਅੰਮ੍ਰਿਤਸਰ ਵਿੱਚ ਨਸ਼ਾ ਤਸਕਰੀ ਨੈੱਟਵਰਕ ਨਾਲ ਜੁੜੇ ਚਾਰ ਵਿਅਕਤੀ 10 ਕਿਲੋ ਹੈਰੋਇਨ ਸਮੇਤ ਕਾਬੂ

➢ ਗ੍ਰਿਫ਼ਤਾਰ ਕੀਤੇ ਗਏ ਮੁਲਜ਼ਮ ਵਿਦੇਸ਼ ਵਿੱਚ ਬੈਠੇ ਤਸਕਰਾਂ ਦੇ ਇਸ਼ਾਰੇ 'ਤੇ ਕੰਮ ਕਰ ਰਹੇ ਸਨ: ਡੀ.ਜੀ.ਪੀ. ਗੌਰਵ ਯਾਦਵ ➢ ਇਸ ਮਾਮਲੇ ਦੀਆਂ ਅਗਲੀਆਂ-ਪਿਛਲੀਆਂ ਕੜੀਆਂ ਦਾ ਪਤਾ ਲਗਾਉਣ ਲਈ ਜਾਂਚ ਜਾਰੀ

**ਅੰਮ੍ਰਿਤਸਰ, 23 ਅਕਤੂਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਪੰਜਾਬ ਨੂੰ ਨਸ਼ਾ ਮੁਕਤ ਸੂਬਾ ਬਣਾਉਣ ਲਈ ਵਿੱਢੀ ਮੁਹਿੰਮ ਦੌਰਾਨ ਵੱਡੀ ਸਫਲਤਾ ਹਾਸਲ ਕਰਦਿਆਂ, ਕਾਊਂਟਰ ਇੰਟੈਲੀਜੈਂਸ (ਸੀਆਈ) ਅੰਮ੍ਰਿਤਸਰ ਨੇ ਚਾਰ ਵਿਅਕਤੀਆਂ ਨੂੰ 10 ਕਿਲੋ ਹੈਰੋਇਨ ਸਮੇਤ ਗ੍ਰਿਫ਼ਤਾਰ ਕਰਕੇ ਨਸ਼ਾ ਤਸਕਰੀ ਨੈੱਟਵਰਕ ਦਾ ਪਰਦਾਫਾਸ਼ ਕੀਤਾ ਹੈ। ਇਹ ਜਾਣਕਾਰੀ ਅੱਜ ਇੱਥੇ ਡਾਇਰੈਕਟਰ ਜਨਰਲ ਆਫ਼ ਪੁਲਿਸ (ਡੀ.ਜੀ.ਪੀ.) ਗੌਰਵ ਯਾਦਵ ਨੇ ਦਿੱਤੀ।




ਗ੍ਰਿਫ਼ਤਾਰ ਕੀਤੇ ਗਏ ਵਿਅਕਤੀਆਂ ਦੀ ਪਛਾਣ ਸੁਖਰਾਜ ਸਿੰਘ ਵਾਸੀ ਹਰਗੋਬਿੰਦ ਐਵੇਨਿਊ; ਅਜੀਤਪਾਲ ਸਿੰਘ ਉਰਫ਼ ਮੋਟਾ ਵਾਸੀ ਖੰਡਵਾਲਾ; ਅਨਮੋਲਪ੍ਰੀਤ ਸਿੰਘ ਵਾਸੀ ਜਵਾਹਰ ਨਗਰ ਅਤੇ ਗੌਬਿਨ ਗਿੱਲ ਵਾਸੀ ਪਿੰਡ ਚੋਗਾਵਾਂ ਵਜੋਂ ਹੋਈ ਹੈ; ਇਹ ਸਾਰੇ ਮੁਲਜ਼ਮ ਅੰਮ੍ਰਿਤਸਰ ਜ਼ਿਲ੍ਹੇ ਨਾਲ ਸਬੰਧਤ ਹਨ। ਨਸ਼ੀਲੇ ਪਦਾਰਥਾਂ ਦੀ ਬਰਾਮਦਗੀ ਤੋਂ ਇਲਾਵਾ, ਪੁਲਿਸ ਟੀਮਾਂ ਨੇ ਉਨ੍ਹਾਂ ਦਾ ਹੀਰੋ ਸਪਲੈਂਡਰ ਮੋਟਰਸਾਈਕਲ ਅਤੇ ਇੱਕ ਕਾਲੇ ਰੰਗ ਦਾ ਹੌਂਡਾ ਐਕਟਿਵਾ ਸਕੂਟਰ ਜਿਨ੍ਹਾਂ ਦੀ ਵਰਤੋਂ ਹੈਰੋਇਨ ਦੀ ਖੇਪ ਨੂੰ ਲਿਜਾਣ ਲਈ ਕੀਤੀ ਜਾ ਰਹੀ ਸੀ, ਨੂੰ ਵੀ ਜ਼ਬਤ ਕੀਤਾ ਹੈ।

ਡੀਜੀਪੀ ਗੌਰਵ ਯਾਦਵ ਨੇ ਦੱਸਿਆ ਕਿ ਮੁੱਢਲੀ ਜਾਂਚ ਤੋਂ ਪਤਾ ਲੱਗਾ ਹੈ ਕਿ ਗ੍ਰਿਫ਼ਤਾਰ ਕੀਤੇ ਗਏ ਮੁਲਜ਼ਮ ਕਥਿਤ ਤੌਰ 'ਤੇ ਵਿਦੇਸ਼ਾਂ ਵਿੱਚ ਬੈਠੇ ਤਸਕਰਾਂ ਨਾਲ ਮਿਲ ਕੇ ਕੰਮ ਕਰ ਰਹੇ ਸਨ ਅਤੇ ਖੇਪਾਂ ਪ੍ਰਾਪਤ ਕਰਕੇ ਸੂਬੇ ਵਿੱਚ ਅੱਗੇ ਡਿਲੀਵਰ ਕਰ ਰਹੇ ਸਨ।

ਇਸ ਆਪਰੇਸ਼ਨ ਬਾਰੇ ਜਾਣਕਾਰੀ ਦਿੰਦਿਆਂ ਉਨ੍ਹਾਂ ਦੱਸਿਆ ਕਿ ਸੀ.ਆਈ. ਅੰਮ੍ਰਿਤਸਰ ਦੀ ਟੀਮ ਨੂੰ ਭਰੋਸੇਯੋਗ ਸੂਚਨਾ ਮਿਲੀ ਸੀ ਕਿ ਵਿਦੇਸ਼ ਵਿੱਚ ਬੈਠੇ ਆਪਣੇ ਹੈਂਡਲਰ ਦੇ ਨਿਰਦੇਸ਼ਾਂ 'ਤੇ, ਉਸਦੇ ਸਾਥੀ ਸੁਖਰਾਜ ਸਿੰਘ, ਅਜੀਤਪਾਲ ਸਿੰਘ ਉਰਫ਼ ਮੋਟਾ, ਅਨਮੋਲਪ੍ਰੀਤ ਸਿੰਘ ਅਤੇ ਗੌਬਿਨ ਗਿੱਲ ਨੇ ਹੈਰੋਇਨ ਦੀ ਇੱਕ ਵੱਡੀ ਖੇਪ ਪ੍ਰਾਪਤ ਕੀਤੀ ਹੈ ਅਤੇ ਉਹ ਇਸਨੂੰ ਅੱਗੇ ਕਿਸੇ ਹੋਰ ਪਾਰਟੀ ਨੂੰ ਡਿਲੀਵਰ ਕਰਨ ਵਾਲੇ ਹਨ। ਪੁਲਿਸ ਟੀਮਾਂ ਨੇ ਤੁਰੰਤ ਕਾਰਵਾਈ ਕਰਦਿਆਂ ਪਿੰਡ ਘਨੂਪੁਰ ਕਾਲੇ ਵਿੱਚ ਡੇਰਾ ਬਾਬਾ ਦਰਸ਼ਨ ਸਿੰਘ ਨੇੜੇ ਇਨ੍ਹਾਂ ਚਾਰੇ ਸ਼ੱਕੀ ਵਿਅਕਤੀਆਂ ਨੂੰ ਉਸ ਸਮੇਂ ਕਾਬੂ ਕਰ ਲਿਆ, ਜਦੋਂ ਉਹ ਆਪਣੇ ਮੋਟਰਸਾਈਕਲ ਅਤੇ ਸਕੂਟਰ 'ਤੇ ਜਾ ਰਹੇ ਸਨ। ਪੁਲਿਸ ਨੇ ਉਨ੍ਹਾਂ ਕੋਲੋਂ 10 ਕਿਲੋ ਹੈਰੋਇਨ ਬਰਾਮਦ ਕੀਤੀ।

ਡੀਜੀਪੀ ਨੇ ਦੱਸਿਆ ਕਿ ਇਸ ਮਾਮਲੇ ਨਾਲ ਜੁੜੀਆਂ ਅਗਲੀਆਂ ਅਤੇ ਪਿਛਲੀਆਂ ਕੜੀਆਂ ਦਾ ਪਤਾ ਲਗਾਉਣ ਲਈ ਅਗਲੇਰੀ ਜਾਂਚ ਜਾਰੀ ਹੈ ਤਾਂ ਜੋ ਇਸ ਵਿੱਚ ਸ਼ਾਮਲ ਹੋਰ ਵਿਅਕਤੀਆਂ ਦੀ ਪਛਾਣ ਕੀਤੀ ਜਾ ਸਕੇ ਅਤੇ ਸਰਹੱਦ ਪਾਰੋਂ ਚੱਲ ਰਹੇ ਨਸ਼ਾ ਤਸਕਰੀ ਦੇ ਵਿਆਪਕ ਨੈੱਟਵਰਕ ਦਾ ਪਰਦਾਫਾਸ਼ ਕੀਤਾ ਜਾ ਸਕੇ। ਇਸ ਸਬੰਧ ਵਿੱਚ, ਥਾਣਾ ਸਟੇਟ ਸਪੈਸ਼ਲ ਆਪਰੇਸ਼ਨਜ਼ ਸੈੱਲ (ਐਸਐਸਓਸੀ), ਅੰਮ੍ਰਿਤਸਰ ਵਿਖੇ ਐਨਡੀਪੀਐਸ ਐਕਟ ਦੀਆਂ ਧਾਰਾਵਾਂ 21, 25 ਅਤੇ 29 ਤਹਿਤ ਮਿਤੀ 22-10-2026 ਨੂੰ ਐਫਆਈਆਰ ਨੰਬਰ 67 ਦਰਜ ਕੀਤੀ ਗਈ ਹੈ।

# 2027 ਵਿਚ ਆਮ ਆਦਮੀ ਪਾਰਟੀ ਦੀ ਦੁਬਾਰਾ ਸਰਕਾਰ ਬਣੇਗੀ : ਨਵਲਦੀਪ ਸਿੰਘ , ਹਰਪਾਲ ਵਿਰਕ



**ਪਟਿਆਲਾ, 23 ਅਕਤੂਬਰ**
**-ਛਤਰਪਾਲ ਸਿੰਘ-**

ਅੱਜ ਆਮ ਆਦਮੀ ਪਾਰਟੀ ਨੇ ਪਟਿਆਲਾ ਜ਼ਿਲ੍ਹੇ ਦੇ ਪਾਰਟੀ 'ਚ ਨਵ-ਨਿਯੁਕਤ ਅਹੁਦੇਦਾਰਾਂ ਨੂੰ ਸਨਮਾਨਿਤ ਕੀਤਾ। ਇਸ ਮੌਕੇ ਪੰਜਾਬ ਦੇ ਸਕੱਤਰ ਜਗਦੀਪ ਸਿੰਘ ਜੱਗਾ, ਜ਼ਿਲ੍ਹਾ ਸ਼ਹਿਰੀ ਇੰਚਾਰਜ ਨਵਲਦੀਪ ਸਿੰਘ ਮੌਲਵੀਵਾਲਾ , ਪਟਿਆਲਾ ਦਿਹਾਤੀ ਦੇ ਇੰਚਾਰਜ ਹਰਪਾਲ ਸਿੰਘ ਵਿਰਕ, ਮੇਅਰ ਕੁੰਦਨ ਗੋਗੀਆ, ਲੋਕ ਸਭਾ ਇੰਚਾਰਜ ਬਲਜਿੰਦਰ ਸਿੰਘ ਢਿਲੋਂ , ਅਮਿਤ ਡਾਬੀ ਜਿਲਾ ਸੈਕਟਰੀ ਨੇ ਨਵੇਂ ਅਹੁਦੇਦਾਰਾਂ ਨੂੰ ਸਨਮਾਨਿਤ ਕੀਤਾ। ਆਮ ਆਦਮੀ ਪਾਰਟੀ ਦੇ ਸਕੱਤਰ ਜਗਦੀਪ ਸਿੰਘ ਜੱਗਾ ਨੇ ਅਹੁਦੇਦਾਰਾਂ ਨੂੰ ਕਿਹਾ ਕਿ ਪੰਜਾਬ ਸਰਕਾਰ ਵਲੋਂ ਜੋ ਲੋਕ ਭਲਾਈ ਸਕੀਮਾਂ ਚਲ ਰਹੀਆ ਹਨ ਉਨ੍ਹਾਂ ਨੂੰ ਹਰ ਘਰ ਪਹੁੰਚਾਇਆ ਜਾਵੇ। ਪਟਿਆਲਾ ਅਰਬਨ ਦੇ ਇੰਚਾਰਜ ਨਵਲਦੀਪ ਸਿੰਘ ਮੌਲਵੀਵਾਲਾ ਅਤੇ ਹਰਪਾਲ ਸਿੰਘ ਵਿਰਕ ਨੇ ਸਾਂਝੇ ਤੌਰ 'ਤੇ ਕਿਹਾ ਕਿ ਜ਼ਿਲ੍ਹਾ ਪਟਿਆਲਾ ਦੀ ਆਮ ਆਦਮੀ ਪਾਰਟੀ ਦੀ ਟੀਮ ਇੱਕਜੁਟ ਹੈ ਅਤੇ 2027 ਵਿਚ ਦੁਬਾਰਾ ਆਮ ਆਦਮੀ ਪਾਰਟੀ ਦੀ ਸਰਕਾਰ ਬਣਾਉਣ ਲਈ ਕੰਮ ਕੀਤਾ ਜਾਵੇਗਾ। ਨਵਲਦੀਪ ਸਿੰਘ ਨੇ ਕਿਹਾ ਪੰਜਾਬੀ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ 2027 ਵਿਚ ਦੁਬਾਰਾ ਆਮ ਆਦਮੀ ਪਾਰਟੀ ਦੀ ਸਰਕਾਰ ਬਨਾਉਣ ਲਈ ਤਿਆਰ-ਬਰ-ਤਿਆਰ ਹਨ ਅਤੇ 2022 ਨਾਲੋਂ ਵੀ ਵੱਧ ਸੀਟਾ ਜਿੱਤ ਕੇ ਆਮ ਆਦਮੀ ਪਾਰਟੀ ਦੀ ਸਰਕਾਰ ਪੰਜਾਬ ਵਿੱਚ ਦੁਬਾਰਾ ਬਣੇਗੀ। ਪਟਿਆਲਾ ਰੂਰਲ ਦੇ ਇੰਚਾਰਜ ਹਰਪਾਲ ਸਿੰਘ ਵਿਰਕ ਨੇ ਕਿਹਾ ਕਿ ਭਗਵੰਤ ਮਾਨ ਸਰਕਾਰ ਵਲੋਂ ਜਿੰਨੇ ਵਿਕਾਸ ਦੇ ਕੰਮ ਕੀਤੇ ਗਏ ਹਨ, ਪਿਛਲੀਆਂ ਸਰਕਾਰਾਂ ਨੇ ਭ੍ਰਿਸ਼ਟਾਚਾਰ ਤੋਂ ਇਲਾਵਾ ਕੋਈ ਲੋਕ ਭਲਾਈ ਦੇ ਕੰਮ ਨਹੀਂ ਕੀਤੇ।

ਨਵੇਂ ਬਣੇ ਅਹੁਦੇਦਾਰਾਂ ਵਿੱਚ ਸਟੇਟ ਜੋਆਇੰਟ ਸੈਕਟਰੀ ਮੇਘ ਚੰਦ ਸ਼ੇਰ ਮਾਜਰਾ, ਤੇਜਿੰਦਰ ਮਹਿਤਾ, ਸੁਰਜੀਤ ਸਿੰਘ ਅਬਲੋਵਾਲ, ਸਟੇਟ ਵਾਈਸ ਪ੍ਰਧਾਨ ਵਿਰਾਸਤੀ ਸੇਵਾ ਇੰਦਰ ਜੀਤ ਸਿੰਘ ਸੰਧੂ, ਲੋਕ ਸਭਾ ਵਾਈਸ ਪ੍ਰਧਾਨ ਹਰਿੰਦਰ ਕੋਹਲੀ, ਲਖ਼ਵਿੰਦਰ ਜੰਮੂ, ਹਲਕਾ ਸੰਗਠਨ ਇੰਚਾਰਜ ਗੁਰਵਿੰਦਰ ਸਿੰਘ, ਦੀਪਕ ਮਿੱਤਲ, ਹਿੰਮਤ ਕੁਮਾਰ, ਕਰਮਜੀਤ ਸਿੰਘ ਟਰੇਡ ਵਿੰਗ, ਜੀ ਐੱਸ ਓਬਰਾਏ ਜੋਆਇੰਟ, ਹਿੰਮਤ ਕੁਮਾਰ ਸੁਨਾਰੀਆ ਬੀ ਸੀ ਵਿੰਗ, ਪਟਿਆਲਾ ਸਿਟੀ ਕੋਰਡੀਨੇਟਰ, ਅਕਵਿੰਦਰ ਸਿੰਘ ਮਲੀ, ਤਰਸੇਮ, ਨਵਦੀਪ ਗਿੱਲ ਬਲਾਕ ਪ੍ਰਧਾਨ ਪਟਿਆਲਾ, ਜਸਵਿੰਦਰ ਸਿੰਘ ਕਿਸਾਨ ਵਿੰਗ, ਗੁਲਜਾਰ ਸਿੰਘ ਸਟੇਟ ਜੋਆਇੰਟ ਸੈਕਟਰੀ ਐਜੂਕੇਸ਼ਨ ਵਿੰਗ, ਅੰਗਰੇਜ ਸਿੰਘ ਵਾਈਸ ਕੋਰਡੀਨੇਟਰ ਵਿਰਾਸਤ ਸੇਵਾ ਸੰਗਠਨ, ਸੰਜੀਵ ਕੁਮਾਰ ਟ੍ਰੇਡਿੰਗ ਵਿੰਗ, ਮੁਖਤਿਆਰ ਸਿੰਘ ਜਿਲ੍ਹਾ ਕੋਰਡੀਨੇਟਰ ਐਕਸ ਸਰਵਿਸਮੈਨ, ਇਨ੍ਹਾਂ ਸਾਰਿਆਂ ਨੂੰ ਸਿਰੋਪੇ ਪਾ ਕੇ ਸਨਮਾਨ ਕੀਤਾ ਗਿਆ। ਸਮੁਚੀ ਲੀਡਰਸ਼ਿਪ ਨੇ ਇਕਜੁਟ ਹੋਕੇ ਕਿਹਾ ਕਿ ਉਹ ਆਪਣੀ ਜਿੰਮੇਵਾਰੀ ਪੂਰੀ ਤਨ ਦੇਹੀ ਨਾਲ ਨਿਭਾਉਣਗੇ। ਇਸ ਮੌਕੇ ਸ਼ਿਵਰਾਜ ਵਿਰਕ ਯੂਥ ਵਿੰਗ, ਰਵਿੰਦਰ ਪਾਲ ਸਿੰਘ ਪ੍ਰਿੰਸ ਲਾਂਬਾ ਮੀਡਿਆ ਵਿੰਗ, ਸੁਮੀਤ ਟਕੇਜਾ ਸ਼ੋਸਲ ਮੀਡਿਆ ਅਤੇ ਵਿਨੋਦ ਸਿੰਗਲਾ ਟ੍ਰੇਡ ਵਿੰਗ ਆਦਿ ਵੀ ਹਾਜਰ ਸਨ।

# ਪੰਜਾਬ ਸਰਕਾਰ ਨੇ ਝੋਨੇ ਦੇ ਮੌਜੂਦਾ ਖਰੀਦ ਸੀਜ਼ਨ ਦੌਰਾਨ 2.92 ਲੱਖ ਕਿਸਾਨਾਂ ਦੇ ਖਾਤਿਆਂ ਵਿੱਚ 11,000 ਕਰੋੜ ਰੁਪਏ ਤੋਂ ਵੱਧ ਦੀ ਰਾਸ਼ੀ ਟਰਾਂਸਫਰ ਕੀਤੀ: ਲਾਲ ਚੰਦ ਕਟਾਰੂਚੱਕ

**ਚੰਡੀਗੜ੍ਹ, 23 ਅਕਤੂਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਸੂਬੇ ਦੇ ਕਿਸਾਨੀ ਭਾਈਚਾਰੇ ਦੇ ਹਿੱਤਾਂ ਦੀ ਰਾਖੀ ਲਈ ਪੂਰੀ ਤਰ੍ਹਾਂ ਵਚਨਬੱਧ ਹੈ ਅਤੇ ਸਰਕਾਰ ਹਰੇਕ ਖਰੀਦ ਸੀਜ਼ਨ ਦੌਰਾਨ ਖਰੀਦੀ ਗਈ ਫਸਲ ਦੇ ਬਦਲੇ ਕਿਸਾਨਾਂ ਨੂੰ ਉਨ੍ਹਾਂ ਦੇ ਖਾਤਿਆਂ ਵਿੱਚ ਤੁਰੰਤ ਭੁਗਤਾਨ ਕਰਨਾ ਯਕੀਨੀ ਬਣਾਉਂਦੀ ਹੈ।



ਇਹ ਇਸ ਤੱਥ ਤੋਂ ਸਪੱਸ਼ਟ ਹੁੰਦਾ ਹੈ ਕਿ ਝੋਨੇ ਦੇ ਮੌਜੂਦਾ ਖਰੀਦ ਸੀਜ਼ਨ ਦੌਰਾਨ ਹੁਣ ਤੱਕ 2,92,814 ਕਿਸਾਨਾਂ ਦੀ ਫਸਲ ਖਰੀਦੀ ਗਈ ਹੈ ਅਤੇ ਉਨ੍ਹਾਂ ਦੇ ਖਾਤਿਆਂ ਵਿੱਚ 11,767.46 ਕਰੋੜ ਰੁਪਏ ਦੀ ਰਾਸ਼ੀ ਟਰਾਂਸਫਰ ਕੀਤੀ ਜਾ ਚੁੱਕੀ ਹੈ।

ਅੱਜ ਇੱਥੇ ਵਿਭਾਗ ਦੇ ਉੱਚ ਅਧਿਕਾਰੀਆਂ ਨਾਲ ਹੋਈ ਇੱਕ ਮੀਟਿੰਗ ਦੌਰਾਨ ਖਰੀਦ ਪ੍ਰਕਿਰਿਆ ਦਾ ਜਾਇਜ਼ਾ ਲੈਂਦਿਆਂ, ਖੁਰਾਕ, ਸਿਵਲ ਸਪਲਾਈ ਅਤੇ ਖ਼ਪਤਕਾਰ ਮਾਮਲਿਆਂ ਬਾਰੇ ਮੰਤਰੀ ਸ੍ਰੀ ਲਾਲ ਚੰਦ ਕਟਾਰੂਚੱਕ ਨੇ ਦੱਸਿਆ ਕਿ ਪਿਛਲੇ 72 ਘੰਟਿਆਂ ਦੌਰਾਨ ਅਨਾਜ ਦੀ ਚੁਕਾਈ ਦੀ ਦਰ 83 ਫ਼ੀਸਦ ਰਹੀ ਹੈ।

ਮੰਤਰੀ ਦੇ ਧਿਆਨ ਵਿੱਚ ਲਿਆਂਦਾ ਗਿਆ ਕਿ ਬੀਤੀ ਸ਼ਾਮ ਤੱਕ, ਸੂਬੇ ਦੀਆਂ ਮੰਡੀਆਂ ਵਿੱਚ ਕੁੱਲ 56.08 ਲੱਖ ਮੀਟ੍ਰਿਕ ਟਨ ਝੋਨੇ ਦੀ ਆਮਦ ਹੋਈ, ਜਿਸ ਵਿੱਚੋਂ 54.61 ਲੱਖ ਮੀਟ੍ਰਿਕ ਟਨ ਝੋਨੇ ਦੀ ਖਰੀਦ ਕੀਤੀ ਜਾ ਚੁੱਕੀ ਹੈ ਅਤੇ 34.28 ਲੱਖ ਮੀਟ੍ਰਿਕ ਟਨ ਝੋਨੇ ਦੀ ਚੁਕਾਈ ਹੋ ਚੁੱਕੀ ਹੈ।

ਕਿਸਾਨਾਂ ਵੱਲੋਂ ਆਪਣੇ ਖ਼ੂਨ-ਪਸੀਨੇ ਨਾਲ ਪੈਦਾ ਕੀਤੀ ਗਈ ਫਸਲ ਦੇ ਹਰ ਦਾਣੇ ਨੂੰ ਖਰੀਦਣ ਪ੍ਰਤੀ ਸੂਬਾ ਸਰਕਾਰ ਦੀ ਵਚਨਬੱਧਤਾ ਨੂੰ ਦੁਹਰਾਉਂਦਿਆਂ ਮੰਤਰੀ ਨੇ ਵੀਡੀਓ ਕਾਨਫਰੰਸਿੰਗ ਰਾਹੀਂ ਜ਼ਿਲ੍ਹਾ ਖੁਰਾਕ ਤੇ ਸਪਲਾਈ ਕੰਟਰੋਲਰਾਂ (ਡੀ.ਐਫ.ਐਸ.ਸੀ.) ਨਾਲ ਵੀ ਗੱਲਬਾਤ ਕੀਤੀ ਅਤੇ ਉਨ੍ਹਾਂ ਨੂੰ ਇਹ ਯਕੀਨੀ ਬਣਾਉਣ ਦੀ ਹਦਾਇਤ ਕੀਤੀ ਕਿ ਕੋਈ ਵੀ ਫਰਜ਼ੀ ਖਰੀਦ ਨਾ ਹੋਣ ਦਿੱਤੀ ਜਾਵੇ ਅਤੇ ਬਾਹਰਲੇ ਸੂਬਿਆਂ ਵਿੱਚੋਂ ਫਸਲ ਸੂਬੇ ਦੀਆਂ ਮੰਡੀਆਂ ਵਿੱਚ ਨਾ ਆਉਣ ਦਿੱਤਾ ਜਾਵੇ।

ਇਸ ਮੌਕੇ ਮੰਤਰੀ ਨੂੰ ਜਾਣੂੰ ਕਰਵਾਇਆ ਗਿਆ ਕਿ ਰਾਸ਼ਨ ਕਿੱਟਾਂ ਦੀ ਵੰਡ ਵਿੱਚ ਪੂਰੀ ਪਾਰਦਰਸ਼ਿਤਾ ਯਕੀਨੀ ਬਣਾਈ ਜਾ ਰਹੀ ਹੈ ਅਤੇ ਦੂਜੀ ਤਿਮਾਹੀ ਦੌਰਾਨ ਹੁਣ ਤੱਕ ਕੁੱਲ 29 ਲੱਖ ਕਿੱਟਾਂ ਵੰਡੀਆਂ ਜਾ ਚੁੱਕੀਆਂ ਹਨ। ਮੰਤਰੀ ਨੇ ਅਧਿਕਾਰੀਆਂ ਨੂੰ ਇਸ ਕੰਮ ਵਿੱਚ ਗੁਣਵੱਤਾ ਯਕੀਨੀ ਬਣਾਉਣ ਦੇ ਨਿਰਦੇਸ਼ ਦਿੱਤੇ।

ਇਸ ਮੌਕੇ ਹੋਰਨਾਂ ਤੋਂ ਇਲਾਵਾ ਖੁਰਾਕ, ਸਿਵਲ ਸਪਲਾਈ ਅਤੇ ਖ਼ਪਤਕਾਰ ਮਾਮਲੇ ਵਿਭਾਗ ਦੇ ਪ੍ਰਮੁੱਖ ਸਕੱਤਰ ਰਾਹੁਲ ਤਿਵਾੜੀ, ਡਾਇਰੈਕਟਰ ਵਰਿੰਦਰ ਕੁਮਾਰ ਸ਼ਰਮਾ, ਵਿਸ਼ੇਸ਼ ਸਕੱਤਰ ਕਮਲ ਕੁਮਾਰ ਗਰਗ, ਪਨਸਪ ਦੇ ਐਮ.ਡੀ. ਬੀ. ਸ੍ਰੀਨਿਵਾਸਨ, ਖੁਰਾਕ, ਸਿਵਲ ਸਪਲਾਈ ਅਤੇ ਖਪਤਕਾਰ ਮਾਮਲੇ ਵਿਭਾਗ ਦੇ ਵਧੀਕ ਡਾਇਰੈਕਟਰ ਡਾ. ਅੰਜੁਮਨ ਭਾਸਕਰ ਅਤੇ ਜਨਰਲ ਮੈਨੇਜਰ (ਵਿੱਤ) ਸਰਵੇਸ਼ ਕੁਮਾਰ ਸ਼ਾਮਿਲ ਸਨ।

# ਸੂਰਜੀ ਊਰਜਾ ਨਾਲ ਬਿਜਲੀ ਖ਼ਰਚਿਆਂ 'ਤੇ ਵਾਰ: ਢਿੱਲਵਾਂ ਦਾ ਬਾਬਾ ਫ਼ਰੀਦ ਯੂਨੀਵਰਸਿਟੀ ਦੌਰਾ



**ਫਰੀਦਕੋਟ, 23 ਅਕਤੂਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਪੰਜਾਬ ਵਿੱਚ ਨਵਿਆਉਣਯੋਗ ਊਰਜਾ ਦੀ ਵਰਤੋਂ ਨੂੰ ਉਤਸ਼ਾਹਿਤ ਕਰਨ ਅਤੇ ਸਰਕਾਰੀ ਸੰਸਥਾਵਾਂ ਦੇ ਬਿਜਲੀ ਖ਼ਰਚਿਆਂ ਨੂੰ ਘਟਾਉਣ ਦੇ ਉਦੇਸ਼ ਨਾਲ ਪੰਜਾਬ ਐਨਰਜੀ ਡਿਵੈਲਪਮੈਂਟ ਏਜੰਸੀ (ਪੇਡਾ) ਦੇ ਵਾਈਸ ਚੇਅਰਮੈਨ ਸੁਖਜੀਤ ਸਿੰਘ ਢਿੱਲਵਾਂ ਨੇ ਅੱਜ ਬਾਬਾ ਫ਼ਰੀਦ ਯੂਨੀਵਰਸਿਟੀ ਆਫ਼ ਹੈਲਥ ਸਾਇੰਸਿਜ਼, ਫ਼ਰੀਦਕੋਟ ਦਾ ਦੌਰਾ ਕੀਤਾ। ਇਸ ਮੌਕੇ ਉਨ੍ਹਾਂ ਯੂਨੀਵਰਸਿਟੀ ਦੇ ਵਾਈਸ ਚਾਂਸਲਰ ਡਾ. ਰਾਜਿੰਦਰ ਬਾਂਸਲ ਨਾਲ ਵਿਸ਼ੇਸ਼ ਮੀਟਿੰਗ ਕਰਕੇ ਯੂਨੀਵਰਸਿਟੀ ਵਿੱਚ ਸੂਰਜੀ ਊਰਜਾ ਪ੍ਰਣਾਲੀ ਸਥਾਪਤ ਕਰਨ ਅਤੇ ਬਿਜਲੀ ਦੇ ਬਿੱਲਾਂ 'ਤੇ ਹੋਣ ਵਾਲੇ ਖ਼ਰਚਿਆਂ ਨੂੰ ਘਟਾਉਣ ਦੀਆਂ ਸੰਭਾਵਨਾਵਾਂ ਬਾਰੇ ਵਿਚਾਰ-ਵਟਾਂਦਰਾ ਕੀਤਾ।

ਮੀਟਿੰਗ ਦੌਰਾਨ ਯੂਨੀਵਰਸਿਟੀ ਦੇ ਵੱਖ-ਵੱਖ ਕੈਂਪਸਾਂ ਅਤੇ ਇਮਾਰਤਾਂ ਵਿੱਚ ਸੂਰਜੀ ਊਰਜਾ ਪ੍ਰਣਾਲੀ ਸਥਾਪਤ ਕਰਨ ਦੀਆਂ ਸੰਭਾਵਨਾਵਾਂ ਦਾ ਜਾਇਜ਼ਾ ਲਿਆ ਗਿਆ। ਇਸ ਦੇ ਨਾਲ ਹੀ ਸੂਰਜੀ ਊਰਜਾ ਦੀ ਵਰਤੋਂ ਰਾਹੀਂ ਬਿਜਲੀ ਦੀਆਂ ਲੋੜਾਂ ਪੂਰੀਆਂ ਕਰਨ, ਊਰਜਾ ਦੀ ਬੱਚਤ ਕਰਨ ਅਤੇ ਯੂਨੀਵਰਸਿਟੀ ਦੇ ਬਿਜਲੀ ਖ਼ਰਚਿਆਂ ਵਿੱਚ ਕਟੌਤੀ ਕਰਨ ਬਾਰੇ ਵੀ ਚਰਚਾ ਕੀਤੀ ਗਈ।

ਇਸ ਪਹਿਲਕਦਮੀ ਦਾ ਮੁੱਖ ਉਦੇਸ਼ ਯੂਨੀਵਰਸਿਟੀ 'ਤੇ ਪੈਣ ਵਾਲੇ ਬਿਜਲੀ ਦੇ ਵਿੱਤੀ ਬੋਝ ਨੂੰ ਘਟਾਉਣ ਦੇ ਨਾਲ-ਨਾਲ ਸਾਫ਼ ਅਤੇ ਵਾਤਾਵਰਨ-ਅਨੁਕੂਲ ਊਰਜਾ ਦੇ ਵਿਕਲਪਾਂ ਨੂੰ ਉਤਸ਼ਾਹਿਤ ਕਰਨਾ ਹੈ। ਮੀਟਿੰਗ ਦੌਰਾਨ ਸੂਰਜੀ ਊਰਜਾ ਦੀ ਵਰਤੋਂ ਨਾਲ ਵਾਤਾਵਰਨ ਦੀ ਸੰਭਾਲ, ਰਵਾਇਤੀ ਊਰਜਾ ਸਰੋਤਾਂ 'ਤੇ ਨਿਰਭਰਤਾ ਘਟਾਉਣ ਅਤੇ ਲੰਬੇ ਸਮੇਂ ਦੌਰਾਨ ਸੰਸਥਾ ਦੇ ਸੰਚਾਲਨ ਖ਼ਰਚਿਆਂ ਵਿੱਚ ਬੱਚਤ ਕਰਨ ਵਰਗੇ ਅਹਿਮ ਪਹਿਲੂਆਂ 'ਤੇ ਵੀ ਵਿਚਾਰ ਸਾਂਝੇ ਕੀਤੇ ਗਏ।

ਇਸ ਤੋਂ ਇਲਾਵਾ, ਪ੍ਰਸਤਾਵਿਤ ਸੂਰਜੀ ਊਰਜਾ ਪ੍ਰਣਾਲੀ ਨੂੰ ਅਮਲੀ ਰੂਪ ਦੇਣ ਲਈ ਲੋੜੀਂਦੇ ਤਕਨੀਕੀ ਅਤੇ ਪ੍ਰਬੰਧਕੀ ਪੱਖਾਂ ਬਾਰੇ ਵੀ ਵਿਚਾਰ-ਚਰਚਾ ਕੀਤੀ ਗਈ। ਮੀਟਿੰਗ ਵਿੱਚ ਯੂਨੀਵਰਸਿਟੀ ਦੇ ਮੈਡੀਕਲ ਸੁਪਰਡੈਂਟ, ਰਜਿਸਟਰਾਰ, ਐਸ.ਡੀ.ਓ. ਅਤੇ ਪੇਡਾ ਦੇ ਅਧਿਕਾਰੀ ਤੇ ਸਟਾਫ਼ ਮੈਂਬਰ ਹਾਜ਼ਰ ਸਨ।

ਇਸ ਮੌਕੇ ਸਬੰਧਤ ਅਧਿਕਾਰੀਆਂ ਨੇ ਪ੍ਰਾਜੈਕਟ ਦੀ ਸੰਭਾਵੀ ਯੋਜਨਾਬੰਦੀ ਅਤੇ ਇਸ ਨੂੰ ਲਾਗੂ ਕਰਨ ਲਈ ਲੋੜੀਂਦੇ ਕਦਮਾਂ ਬਾਰੇ ਆਪਣੇ ਵਿਚਾਰ ਸਾਂਝੇ ਕੀਤੇ।

# ਅਮਰੀਕਾ ਦਾ ਹਰ ਬੱਚਾ ਬਣੇਗਾ ਸਪੇਸਐੱਕਸ ਦਾ ਹਿੱਸੇਦਾਰ : ਮਸਕ

**ਨਿਊ ਯੌਰਕ, 23 ਅਕਤੂਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਦੁਨੀਆਂ ਦੇ ਸਭ ਤੋਂ ਅਮੀਰ ਕਾਰੋਬਾਰੀ ਈਲੋਨ ਮਸਕ ਆਪਣੀ ਨਵੀਂ ਯੋਜਨਾ ਕਾਰਨ ਖ਼ਬਰਾਂ 'ਚ ਹਨ। ਇਸ ਯੋਜਨਾ ਦੇ ਲਾਗੂ ਹੋਣ 'ਤੇ ਲੱਖਾਂ ਬੱਚਿਆਂ ਨੂੰ ਦੁਨੀਆ ਦੀਆਂ ਪ੍ਰਮੁੱਖ ਪੁਲਾੜ ਕੰਪਨੀਆਂ 'ਚ ਹਿੱਸੇਦਾਰ ਬਣਨ ਦਾ ਮੌਕਾ ਮਿਲ ਸਕਦਾ ਹੈ। ਮਸਕ ਨੇ ਸੋਸ਼ਲ ਮੀਡੀਆ ਪਲੈਟਫ਼ੌਰਮ X 'ਤੇ ਪੋਸਟ 'ਚ ਕਿਹਾ ਹੈ ਕਿ ਉਹ ਅਗਲੇ ਸਾਲ ਅਮਰੀਕਾ ਦੇ ਹਰ ਬੱਚੇ ਨੂੰ ਸਪੇਸਐੱਕਸ ਦਾ ਹਿੱਸੇਦਾਰ ਬਣਾਵੇਗਾ। ਉਸ ਨੇ ਇਸ ਨੂੰ ਅਜਿਹੀਆਂ ਕਈ ਯੋਜਨਾਵਾਂ 'ਚੋਂ ਪਹਿਲ ਦੱਸਿਆ ਹੈ। ਹਾਲਾਂਕਿ ਇਹ ਅਜੇ ਸਪੱਸ਼ਟ ਨਹੀਂ ਕਿ ਸ਼ੇਅਰ ਕਿਸ ਪ੍ਰਕਿਰਿਆ ਅਤੇ ਸ਼ਰਤਾਂ ਅਧੀਨ ਵੰਡੇ ਜਾਣਗੇ।

**7.4 ਕਰੋੜ ਬੱਚਿਆਂ ਨੂੰ ਮਿਲ ਸਕਦੈ ਲਾਭ:** ਸੰਯੁਕਤ ਰਾਸ਼ਟਰ ਦੇ ਅੰਕੜਿਆਂ ਅਨੁਸਾਰ ਸੰਯੁਕਤ ਰਾਜ ਅਮਰੀਕਾ 'ਚ 18 ਸਾਲ ਤੋਂ ਘੱਟ ਉਮਰ ਦੇ ਬੱਚਿਆਂ ਦੀ ਗਿਣਤੀ ਲਗਭਗ 7.4 ਕਰੋੜ ਹੈ। ਖ਼ਬਰਾਂ 'ਚ ਦੱਸੇ ਗਏ ਇੱਕ ਸਪੇਸਐੱਕਸ ਸ਼ੇਅਰ ਲਈ 146 ਡਾਲਰ ਦੀ ਅਨੁਮਾਨਿਤ ਕੀਮਤ ਦੇ ਆਧਾਰ 'ਤੇ ਹਰੇਕ ਬੱਚੇ ਨੂੰ ਇੱਕ ਹਿੱਸਾ ਦੇਣ ਦੀ ਕੁੱਲ ਲਾਗਤ ਲਗਭਗ 10.8 ਅਰਬ ਡਾਲਰ ਬਣਦੀ ਹੈ। ਇਹ ਰਕਮ ਭਾਰਤੀ ਮੁਦਰਾ 'ਚ ਲਗਭਗ 1.02 ਲੱਖ ਕਰੋੜ ਰੁਪਏ ਦੇ ਬਰਾਬਰ ਹੈ। ਹਾਲਾਂਕਿ, ਇਹ ਗਣਨਾ ਅਨੁਮਾਨਿਤ ਸ਼ੇਅਰ ਮੁੱਲ ਅਤੇ ਬੱਚਿਆਂ ਦੀ ਗਿਣਤੀ 'ਤੇ ਆਧਾਰਤ ਹੈ। ਸਪੇਸਐੱਕਸ ਇੱਕ ਨਿੱਜੀ ਕੰਪਨੀ ਹੈ, ਇਸ ਲਈ ਇਸ ਦੇ ਸ਼ੇਅਰਾਂ ਦੀ ਕੀਮਤ ਅਤੇ ਟ੍ਰਾਂਸਫ਼ਰ ਦੀਆਂ ਸ਼ਰਤਾਂ ਆਮ ਸਟਾਕ ਮਾਰਕੀਟ 'ਚ ਸੂਚੀਬੱਧ ਕੰਪਨੀਆਂ ਨਾਲੋਂ ਵੱਖਰੀਆਂ ਹੋ ਸਕਦੀਆਂ ਹਨ।

ਈਲੋਨ ਮਸਕ ਸਪੇਸਐੱਕਸ ਦਾ ਸਭ ਤੋਂ ਵੱਡਾ ਸ਼ੇਅਰ ਧਾਰਕ ਹੈ। ਖ਼ਬਰਾਂ 'ਚ ਹਵਾਲਾ ਦਿੱਤੀ ਗਈ ਰੈਗੂਲੇਟਰੀ ਫ਼ਾਈਲਿੰਗ ਅਨੁਸਾਰ, 30 ਜੂਨ ਤਕ ਕੰਪਨੀ 'ਚ ਉਸ ਦੀ ਹਿੱਸੇਦਾਰੀ ਲਗਭਗ 48.4 ਪ੍ਰਤੀਸ਼ਤ ਸੀ। ਫ਼ਾਈਲਿੰਗ 'ਚ ਕਿਹਾ ਗਿਆ ਹੈ ਕਿ ਮਸਕ ਕੋਲ ਲਗਭਗ 6.42 ਅਰਬ ਸ਼ੇਅਰ ਹਨ। ਇਸ 'ਚ ਵੱਖ-ਵੱਖ ਵਰਗਾਂ ਦੇ ਸ਼ੇਅਰ ਅਤੇ ਟਰੱਸਟਾਂ ਦੁਆਰਾ ਰੱਖੇ ਗਏ ਸ਼ੇਅਰ ਸ਼ਾਮਿਲ ਹਨ। ਉਸ ਕੋਲ ਸਟੌਕ ਵਿਕਲਪ ਅਧਿਕਾਰ ਵੀ ਹਨ।

# ਖਾਲਸਾ ਸਕੂਲ ਰੋਪੜ ਦੇ ਵਿਦਿਆਰਥੀਆਂ ਨੇ ਵੱਖ-ਵੱਖ ਮਾਡਲ ਅਤੇ ਚਾਰਟ ਤਿਆਰ ਕੀਤੇ



**ਰੂਪਨਗਰ, 23 ਅਕਤੂਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਖਾਲਸਾ ਮਾਡਲ ਸਕੂਲ ਰੂਪਨਗਰ ਵਿਖੇ ਇੰਟਰ ਹਾਊਸ ਗਣਿਤ ਮੇਲਾ ਕਰਵਾਇਆ ਗਿਆ । ਜਿਸ ਵਿੱਚ ਤੀਸਰੀ ਤੋਂ ਅੱਠਵੀਂ ਜਮਾਤ ਤੱਕ ਦੇ ਵਿਦਿਆਰਥੀਆਂ ਨੇ ਹਿੱਸਾ ਲਿਆ । ਵਿਦਿਆਰਥੀਆਂ ਨੇ ਵੱਖ-ਵੱਖ ਮਾਡਲ ਅਤੇ ਚਾਰਟ ਤਿਆਰ ਕਰਕੇ ਪ੍ਰਦਰਸ਼ਿਤ ਕੀਤੇ ਅਤੇ ਉਹਨਾਂ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ ।ਜੱਜਾਂ ਵੱਲੋਂ ਪੁੱਛੇ ਗਏ ਪ੍ਰਸ਼ਨਾਂ ਦੇ ਉਨਾਂ ਦੇ ਆਤਮ ਵਿਸ਼ਵਾਸ ਨਾਲ ਜਵਾਬ ਦਿੱਤੇ । ਇਸ ਮੇਲੇ ਵਿੱਚ ਤੀਸਰੀ ਤੋਂ ਅੱਠਵੀਂ ਜਮਾਤ ਤੱਕ ਦੇ ਵਿਦਿਆਰਥੀਆਂ ਨੇ ਸ਼ਾਨਦਾਰ ਪ੍ਰਦਰਸ਼ਨ ਕੀਤਾ। ਤੀਸਰੀ ਜਮਾਤ ਵਿੱਚ ਸੁਖਮਨ ਸਿੰਘ ਤੇ ਪ੍ਰਭਨੂਰ ਕੌਰ ਨੇ ਪਹਿਲਾ ਸਥਾਨ, ਰਵਦੀਪ ਕੌਰ ਤੇ ਟਵਿੰਕਲ ਨੇ ਦੂਜਾ ਸਥਾਨ ਅਤੇ ਅਮਨਜੋਤ ਕੌਰ ਤੇ ਏਕਮਦੀਪ ਸਿੰਘ ਨੇ ਤੀਜਾ ਸਥਾਨ ਹਾਸਿਲ ਕੀਤਾ। ਚੌਥੀ ਜਮਾਤ ਜਸਮੀਤ ਕੌਰ ਤੇ ਖੁਸ਼ਬੂ ਨੇ ਪਹਿਲਾ ਸਥਾਨ, ਮੰਨਤ ਤੇ ਹਰਜੋਤ ਕੌਰ ਨੇ ਦੂਜਾ ਸਥਾਨ ਅਤੇ ਜਸਕੀਰਤ ਸਿੰਘ ਤੇ ਪ੍ਰੀਅਲ ਨੇ ਤੀਜਾ ਸਥਾਨ ਹਾਸਿਲ ਕੀਤਾ। ਪੰਜਵੀਂ ਜਮਾਤ ਵਿੱਚ ਹਿਮਾਂਸ਼ੂ ਤੇ ਜਸਕੀਰਤ ਸਿੰਘ ਨੇ ਪਹਿਲਾ ਸਥਾਨ, ਜੈਸਮੀਨ ਅਤੇ ਹਰਨੂਰ ਸਿੰਘ ਨੇ ਦੂਜਾ ਸਥਾਨ ਅਤੇ ਅਰਸ਼ਪ੍ਰੀਤ ਕੌਰ ਤੇ ਅੰਸ਼ਦੀਪ ਨੇ ਤੀਜਾ ਸਥਾਨ ਹਾਸਿਲ ਕੀਤਾ। ਛੇਵੀਂ ਜਮਾਤ ਵਿੱਚ ਹਰਪ੍ਰੀਤ ਕੌਰ ਤੇ ਗੁਰਪ੍ਰੀਤ ਕੌਰ ਨੇ ਪਹਿਲਾ ਸਥਾਨ ,ਅਰਮਾਨਪ੍ਰੀਤ ਸਿੰਘ ਤੇ ਹਿਮਾਂਸ਼ੀ ਨੇ ਦੂਜਾ ਸਥਾਨ ਅਤੇ ਸੀਰਤਪ੍ਰੀਤ ਕੌਰ ਅਤੇ ਹਰਕੀਰਤ ਕੌਰ ਨੇ ਤੀਜਾ ਸਥਾਨ ਹਾਸਿਲ ਕੀਤਾ । ਸੱਤਵੀਂ ਜਮਾਤ ਵਿੱਚ ਹਰਸਿਮਰਨ ਕੌਰ ਤੇ ਸਹਿਜਦੀਪ ਨੇ ਪਹਿਲਾ ਸਥਾਨ ,ਸ਼ਾਈਨਾ ਤੇ ਹਰਮਨਜੋਤ ਸਿੰਘ ਨੇ ਦੂਜਾ ਸਥਾਨ ਅਤੇ ਸਹਿਜਪ੍ਰੀਤ ਕੌਰ ਤੇ ਦਿਲਪ੍ਰੀਤ ਕੌਰ ਨੇ ਤੀਜਾ ਸਥਾਨ ਹਾਸਿਲ ਕੀਤਾ । ਅੱਠਵੀਂ ਜਮਾਤ ਵਿੱਚ ਕੋਮਲ ਤੇ ਗੁਰਤੇਜ ਸਿੰਘ ਨੇ ਪਹਿਲਾ ਸਥਾਨ, ਸਹਿਜਪ੍ਰੀਤ ਕੌਰ ਤੇ ਪਰਮਿੰਦਰ ਕੌਰ ਨੇ ਦੂਜਾ ਸਥਾਨ ਅਤੇ ਪ੍ਰਭਜੋਤ ਸਿੰਘ ਤੇ ਕੰਚਨ ਨੇ ਤੀਜਾ ਸਥਾਨ ਹਾਸਿਲ ਕੀਤਾ । ਇਹਨਾਂ ਮੁਕਾਬਲਿਆਂ ਵਿੱਚ ਸਾਹਿਬਜ਼ਾਦਾ ਜ਼ੋਰਾਵਰ ਸਿੰਘ ਹਾਊਸ ਨੇ ਪਹਿਲਾ ਸਥਾਨ , ਸਾਹਿਬਜ਼ਾਦਾ ਅਜੀਤ ਸਿੰਘ ਹਾਊਸ ਨੇ ਦੂਜਾ ਸਥਾਨ ਅਤੇ ਸਾਹਿਬਜ਼ਾਦਾ ਜੁਝਾਰ ਸਿੰਘ ਹਾਊਸ ਨੇ ਤੀਜਾ ਸਥਾਨ ਹਾਸਿਲ ਕੀਤਾ । ਇਸ ਮੁਕਾਬਲੇ ਵਿੱਚ ਹਰਪ੍ਰੀਤ ਸਿੰਘ ਅਤੇ ਕਰਨੈਲ ਸਿੰਘ ਨੇ ਜੱਜਾਂ ਦੀ ਭੂਮਿਕਾ ਨਿਭਾਈ।ਜੱਜਾਂ ਵੱਲੋਂ ਵਿਦਿਆਰਥੀਆਂ ਦੇ ਪ੍ਰਦਰਸ਼ਨ ਦੀ ਪ੍ਰਸ਼ੰਸਾ ਕੀਤੀ ਗਈ। ਹਰਬੰਸ ਸਿੰਘ ਕੰਧੋਲਾ ਮੈਨੇਜਰ ਅੰਬਾਲਾ ਬੋਰਡ ਆਫ ਐਜੂਕੇਸ਼ਨ ਨੇ ਜੇਤੂ ਵਿਦਿਆਰਥੀਆਂ ਨੂੰ ਵਧਾਈ ਦਿੱਤੀ । ਪ੍ਰਿੰਸੀਪਲ ਕੁਲਵਿੰਦਰ ਸਿੰਘ ਮਾਹਲ ਨੇ ਜੇਤੂ ਵਿਦਿਆਰਥੀਆਂ ਨੂੰ ਸਨਮਾਨਿਤ ਕੀਤਾ ਅਤੇ ਜੱਜ ਸਾਹਿਬਾਨਾਂ ਦਾ ਧੰਨਵਾਦ ਕੀਤਾ । ਇਸ ਮੌਕੇ ਸੁਖਪ੍ਰੀਤ ਕੌਰ, ਗੁਰਪ੍ਰੀਤ ਕੌਰ ਇਨਚਾਰਜ ਖਾਲਸਾ ਮਾਡਲ ਸਕੂਲ, ਬਲਜੀਤ ਕੌਰ, ਨਰੇਸ਼ ਬਾਲਾ, ਸ਼ਿਵਾਨੀ ਕਪੂਰ, ਗੁਰਪ੍ਰੀਤ ਕੌਰ, ਸੁਨੀਤਾ , ਸਮੂਹ ਸਟਾਫ ਅਤੇ ਵਿਦਿਆਰਥੀਆਂ ਹਾਜ਼ਰ ਸਨ।

# ਆਪਣੇ ਅਧਿਕਾਰਾਂ ਨੂੰ ਜਾਣੋ: ਸਥਾਈ ਲੋਕ ਅਦਾਲਤ ਤੇਜ਼ ਅਤੇ ਸੁਲਭ ਨਿਆਂ ਪ੍ਰਦਾਨ ਕਰਦੀ ਹੈ

**ਚੰਡੀਗੜ੍ਹ, 23 ਅਕਤੂਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਯੂ.ਟੀ. ਚੰਡੀਗੜ੍ਹ ਦੀ 'ਜਨ ਉਪਯੋਗੀ ਸੇਵਾਵਾਂ ਲਈ ਸਥਾਈ ਲੋਕ ਅਦਾਲਤ' ਦੀ ਸਰਪ੍ਰਸਤੀ ਵਿੱਚ ਸਰਕਾਰੀ ਮਾਡਲ ਸੀਨੀਅਰ ਸੈਕੰਡਰੀ ਸਕੂਲ, ਸੈਕਟਰ 43, ਚੰਡੀਗੜ੍ਹ ਵਿਖੇ ਇੱਕ ਜਾਗਰੂਕਤਾ ਪ੍ਰੋਗਰਾਮ ਆਯੋਜਿਤ ਕੀਤਾ ਗਿਆ।



ਇਸ ਪ੍ਰੋਗਰਾਮ ਨੂੰ ਯੂ.ਟੀ. ਚੰਡੀਗੜ੍ਹ ਦੀ 'ਜਨ ਉਪਯੋਗੀ ਸੇਵਾਵਾਂ ਲਈ ਸਥਾਈ ਲੋਕ ਅਦਾਲਤ' ਦੀ ਚੇਅਰਪਰਸਨ (ਇੰਚਾਰਜ) ਸੁਸ਼੍ਰੀ ਰੂਨਮ ਕੌਸ਼ਿਕ ਅਤੇ ਮੈਂਬਰ ਸੁਸ਼੍ਰੀ ਸੁਰਜੀਤ ਕੌਰ ਨੇ ਸੰਬੋਧਨ ਕੀਤਾ। ਉਨ੍ਹਾਂ ਨੇ ਵਿਦਿਆਰਥੀਆਂ ਅਤੇ ਸਕੂਲ ਦੇ ਸਟਾਫ਼ ਨੂੰ ਸਥਾਈ ਲੋਕ ਅਦਾਲਤ ਦੀ ਭੂਮਿਕਾ ਅਤੇ ਕਾਰਜਪ੍ਰਣਾਲੀ ਬਾਰੇ ਜਾਣਕਾਰੀ ਦਿੱਤੀ।

ਬੁਲਾਰਿਆਂ ਨੇ ਦੱਸਿਆ ਕਿ ਸਥਾਈ ਲੋਕ ਅਦਾਲਤ ਬਿਜਲੀ, ਪਾਣੀ, ਟ੍ਰਾਂਸਪੋਰਟ, ਦੂਰਸੰਚਾਰ, ਬੀਮਾ, ਸਵੱਛਤਾ ਅਤੇ ਹਸਪਤਾਲ ਤੇ ਡਿਸਪੈਂਸਰੀ ਜਿਹੀਆਂ ਜ਼ਰੂਰੀ ਜਨ ਉਪਯੋਗੀ ਸੇਵਾਵਾਂ ਨਾਲ ਸਬੰਧਿਤ ਵਿਵਾਦਾਂ ਦੇ ਸਮਾਧਾਨ ਲਈ ਇੱਕ ਸੁਲਭ ਵਿਧਾਨਕ ਮੰਚ ਪ੍ਰਦਾਨ ਕਰਦੀ ਹੈ।

ਉਨ੍ਹਾਂ ਨੇ ਦੱਸਿਆ ਕਿ ਸਥਾਈ ਲੋਕ ਅਦਾਲਤ ਸਭ ਤੋਂ ਪਹਿਲਾਂ ਆਪਸੀ ਸੁਲ੍ਹਾ-ਸਮਝੌਤੇ ਦੇ ਜ਼ਰੀਏ ਵਿਵਾਦ ਦਾ ਸਮਾਧਾਨ ਕਰਨ ਦਾ ਪ੍ਰਯਾਸ ਕਰਦੀ ਹੈ। ਜੇਕਰ ਸਮਝੌਤਾ ਸੰਭਵ ਨਾ ਹੋਵੇ, ਤਾਂ ਕਾਨੂੰਨ ਅਨੁਸਾਰ ਵਿਵਾਦ ਦਾ ਗੁਣ-ਦੋਸ਼ ਦੇ ਅਧਾਰ 'ਤੇ ਨਿਰਣਾ ਵੀ ਕੀਤਾ ਜਾ ਸਕਦਾ ਹੈ। ਇਹ ਵਿਵਸਥਾ ਨਾਗਰਿਕਾਂ ਨੂੰ ਲੰਬੀਆਂ ਕਾਨੂੰਨੀ ਪ੍ਰਕਿਰਿਆਵਾਂ ਦੀਆਂ ਉਲਝਣਾਂ ਤੋਂ ਬਚਾਉਂਦੇ ਹੋਏ ਪਾਤਰ ਮਾਮਲਿਆਂ ਵਿੱਚ ਤੇਜ਼, ਕਿਫ਼ਾਇਤੀ ਅਤੇ ਪ੍ਰਭਾਵੀ ਨਿਆਂ ਪ੍ਰਾਪਤ ਕਰਨ ਦਾ ਅਵਸਰ ਪ੍ਰਦਾਨ ਕਰਦੀ ਹੈ।

ਇਸ ਅਵਸਰ 'ਤੇ ਇਹ ਵੀ ਦੱਸਿਆ ਗਿਆ ਕਿ ਸਥਾਈ ਲੋਕ ਅਦਾਲਤ ਦੁਆਰਾ ਦਿੱਤਾ ਗਿਆ ਨਿਰਣਾ (ਅਵਾਰਡ) ਕਾਨੂੰਨ ਦੇ ਤਹਿਤ ਅੰਤਿਮ ਹੁੰਦਾ ਹੈ ਅਤੇ ਸਬੰਧਿਤ ਧਿਰਾਂ 'ਤੇ ਲਾਜ਼ਮੀ ਤੌਰ 'ਤੇ ਲਾਗੂ ਹੁੰਦਾ ਹੈ।

ਇਸ ਨਿਰਣੇ ਦਾ ਪ੍ਰਭਾਵ ਸਿਵਲ ਅਦਾਲਤ ਦੀ ਡਿਕਰੀ ਦੇ ਸਮਾਨ ਹੁੰਦਾ ਹੈ।

ਬੁਲਾਰਿਆਂ ਨੇ ਵਿਦਿਆਰਥੀਆਂ ਅਤੇ ਅਧਿਆਪਕਾਂ ਨੂੰ ਤਾਕੀਦ ਕੀਤੀ ਕਿ ਉਹ ਆਪਣੇ ਪਰਿਵਾਰਾਂ ਅਤੇ ਭਾਈਚਾਰਿਆਂ ਵਿੱਚ ਜਾਗਰੂਕਤਾ ਫੈਲਾਉਣ, ਤਾਕਿ ਜ਼ਰੂਰੀ ਜਨ ਉਪਯੋਗੀ ਸੇਵਾਵਾਂ ਨਾਲ ਸਬੰਧਿਤ ਸਮੱਸਿਆਵਾਂ ਦਾ ਸਾਹਮਣਾ ਕਰਨ 'ਤੇ ਨਾਗਰਿਕਾਂ ਨੂੰ ਇਹ ਜਾਣਕਾਰੀ ਹੋਵੇ ਕਿ ਉਹ ਨਿਆਂ ਪ੍ਰਾਪਤ ਕਰਨ ਲਈ ਕਿੱਥੇ ਸੰਪਰਕ ਕਰ ਸਕਦੇ ਹਨ।

ਇਸ ਪ੍ਰੋਗਰਾਮ ਵਿੱਚ ਵਿਦਿਆਰਥੀਆਂ ਅਤੇ ਸਕੂਲ ਦੇ ਸਟਾਫ਼ ਨੇ ਉਤਸ਼ਾਹ ਨਾਲ ਹਿੱਸਾ ਲਿਆ ਅਤੇ ਸੰਵਾਦ ਦੇ ਜ਼ਰੀਏ ਸਥਾਈ ਲੋਕ ਅਦਾਲਤ ਦੀ ਕਾਰਜਪ੍ਰਣਾਲੀ ਬਾਰੇ ਜਾਣਕਾਰੀ ਪ੍ਰਾਪਤ ਕੀਤੀ।

ਪ੍ਰੋਗਰਾਮ ਦਾ ਮੁੱਖ ਸੰਦੇਸ਼ ਸੀ: ਆਪਣੇ ਅਧਿਕਾਰਾਂ ਨੂੰ ਜਾਣੋ, ਉਨ੍ਹਾਂ ਦੇ ਸਮਾਧਾਨ ਦੇ ਉਪਾਵਾਂ ਨੂੰ ਸਮਝੋ ਅਤੇ ਸਮੇਂ 'ਤੇ ਨਿਆਂ ਪ੍ਰਾਪਤ ਕਰੋ।

## ਪੰਜਾਬ ਸਰਕਾਰ ਵੱਲੋਂ ਨੌਜਵਾਨਾਂ ਦੀ ਭਲਾਈ ਅਤੇ ਨਸ਼ਿਆਂ ਦੀ ਰੋਕਥਾਮ ਲਈ ਸੂਬੇ ਦੇ 40 ਕਾਲਜਾਂ ਵਿੱਚ ਸੰਗਤ ਮਾਨਸਿਕ ਸਿਹਤ ਕਲੱਬਾਂ ਦੀ ਸ਼ੁਰੂਆਤ

# ‘ਸੰਗਤ’ ਨੂੰ, ਆਪਸੀ ਸਹਿਯੋਗ ਅਤੇ ਸਿਹਤਮੰਦ ਜੀਵਨ-ਸ਼ੈਲੀ ਦੀ ਚੋਣ ਕਰਨ ਲਈ ਨੌਜਵਾਨਾਂ ਵੱਲੋਂ, ਨੌਜਵਾਨਾਂ ਲਈ ਕੀਤਾ ਗਿਆ ਤਿਆਰ: ਹਰਜੋਤ ਸਿੰਘ ਬੈਂਸ

**ਚੰਡੀਗੜ੍ਹ 23 ਅਕਤੂਬਰ**
**-ਛਤਰਪਾਲ ਸਿੰਘ-**

ਪੰਜਾਬ ਸਰਕਾਰ ਨੇ ਆਪਣੀ ਪ੍ਰਮੁੱਖ ਮੁਹਿੰਮ ‘ਯੁੱਧ ਨਸ਼ਿਆਂ ਵਿਰੁੱਧ’ ਤਹਿਤ ਨੌਜਵਾਨਾਂ ਵਿੱਚ ਮਾਨਸਿਕ ਸਿਹਤ ਜਾਗਰੂਕਤਾ ਮਜ਼ਬੂਤ ਕਰਨ, ਸ਼ੁਰੂਆਤੀ ਦਖ਼ਲ ਉਤਸ਼ਾਹਿਤ ਕਰਨ ਅਤੇ ਨਸ਼ਾਖੋਰੀ ਨੂੰ ਰੋਕਣ ਵਿੱਚ ਮਦਦ ਕਰਨ ਲਈ ਸੂਬੇ ਭਰ ਦੇ 40 ਕਾਲਜਾਂ ਵਿੱਚ ਸੰਗਤ ਮਾਨਸਿਕ ਸਿਹਤ ਕਲੱਬਾਂ ਦੀ ਸ਼ੁਰੂਆਤ ਕੀਤੀ ਹੈ। ਆਦਿਤਿਆ ਬਿਰਲਾ ਐਜੂਕੇਸ਼ਨ ਟਰੱਸਟ (ਏ.ਬੀ.ਈ.ਟੀ.) ਦੇ ਸਹਿਯੋਗ ਅਤੇ ਉਚੇਰੀ ਸਿੱਖਿਆ ਵਿਭਾਗ, ਪੰਜਾਬ ਦੀ ਅਗਵਾਈ ਹੇਠ ਸ਼ੁਰੂ ਕੀਤੀ ਇਸ ਪਹਿਲਕਦਮੀ ਦਾ ਉਦੇਸ਼ ਵਿਦਿਅਕ ਕੈਂਪਸ ਵਿੱਚ ਅਜਿਹਾ ਦੋਸਤਾਨਾ ਵਾਤਾਵਰਣ ਬਣਾਉਣਾ ਹੈ, ਜਿੱਥੇ ਵਿਦਿਆਰਥੀ ਭਾਵਨਾਤਮਕ ਪ੍ਰੇਸ਼ਾਨੀ ਨੂੰ ਪਛਾਣ ਸਕਣ, ਢੁਕਵੀਂ ਸਹਾਇਤਾ ਪ੍ਰਾਪਤ ਕਰਨ ਅਤੇ ਮਾਨਸਿਕ ਸਿਹਤ ਮੁੱਦਿਆਂ ’ਤੇ ਖੁੱਲ੍ਹ ਕੇ ਚਰਚਾ ਕਰ ਸਕਣ।

ਇਸ ਨਿਵੇਕਲੀ ਪਹਿਲ ਦੇ ਲਾਂਚ ਦੌਰਾਨ, ਪੰਜਾਬ ਦੇ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਅਤੇ ਦਿੱਲੀ ਦੇ ਸਾਬਕਾ ਉਪ- ਮੁੱਖ ਮੰਤਰੀ ਮਨੀਸ਼ ਸਿਸੋਦੀਆ ਨੇ ਕਲੱਬ ਦੇ ਪ੍ਰਤੀਭਾਗੀਆਂ ਨਾਲ ਗੱਲਬਾਤ ਕੀਤੀ ਅਤੇ ਨੌਜਵਾਨ ਸਸ਼ਕਤੀਕਰਨ ਨੂੰ ਅਗਾਂਹ ਵਧਾਉਣ ਵਿੱਚ ਵਿਦਿਅਕ ਸੰਸਥਾਵਾਂ ਦੀ ਭੂਮਿਕਾ ’ਤੇ ਵਿਚਾਰ-ਚਰਚਾ ਕੀਤੀ। ਇਸ ਵਿਚਾਰ-ਵਟਾਂਦਰੇ ਦੌਰਾਨ ਸਮਾਜਿਕ ਹੀਣ-ਭਾਵਨਾ ਨੂੰ ਘਟਾਉਣ, ਨੌਜਵਾਨਾਂ ਨੂੰ ਮਦਦ ਲਈ ਉਤਸ਼ਾਹਿਤ ਕਰਨ ਅਤੇ ਨਸ਼ਿਆਂ ਨਾਲ ਨਜਿੱਠਣ ਵਿੱਚ ਵਿਦਿਅਕ ਸੰਸਥਾਵਾਂ, ਪਰਿਵਾਰਾਂ ਅਤੇ ਪੀਅਰ ਨੈੱਟਵਰਕਾਂ ਵਿਚਕਾਰ ਆਪਸੀ ਤਾਲਮੇਲ ਦੀ ਮਹੱਤਤਾ ’ਤੇ ਜੋਰ ਦਿੱਤਾ ਗਿਆ।

ਪਲਾਕਸ਼ਾ ਯੂਨੀਵਰਸਿਟੀ, ਮੋਹਾਲੀ ਵਿਖੇ ਕਰਵਾਏ ਗਏ ਸਮਾਗਮ ਮੌਕੇ ਬੋਲਦਿਆਂ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਨੇ ਕਿਹਾ ਕਿ ‘ਸੰਗਤ’ ਨੌਜਵਾਨਾਂ ਨੂੰ ਜਾਗਰੂਕਤਾ, ਸਾਥੀਆਂ ਦੀ ਸਹਾਇਤਾ ਅਤੇ ਸਮੂਹਿਕ ਯਤਨਾਂ ਰਾਹੀਂ ਮਾਨਸਿਕ ਸਿਹਤ ਚੁਣੌਤੀਆਂ ਅਤੇ ਨਸ਼ਾਖੋਰੀ ਨਾਲ ਨਜਿੱਠਣ ਲਈ ਸਮਰੱਥ ਬਣਾਉਣ ਵੱਲ ਅਹਿਮ ਤੇ ਨਿਵੇਕਲਾ ਕਦਮ ਹੈ। ਉਨ੍ਹਾਂ ਕਿਹਾ, “ ਭਗਵਾਨ ਕ੍ਰਿਸ਼ਨ ਦੇ ਨਾਲ ਰਹਿਣ ਦੇ ਬਾਵਜੂਦ ਮਹਾਨ ਯੋਧੇ, ਅਰਜੁਨ ਨੂੰ ਵੀ ਮਾਨਸਿਕ ਅਤੇ ਭਾਵਨਾਤਮਕ ਚੁਣੌਤੀਆਂ ਦਾ ਸਾਹਮਣਾ ਕਰਨਾ ਪਿਆ ਸੀ। ਇਹ ਸਾਨੂੰ ਯਾਦ ਦਿਵਾਉਂਦਾ ਹੈ ਕਿ ਨੌਜਵਾਨਾਂ ਨੂੰ ਵੀ ਸਹੀ ਮਾਰਗਦਰਸ਼ਨ ਅਤੇ ਸਲਾਹਕਾਰਾਂ ਦੀ ਲੋੜ ਹੁੰਦੀ ਹੈ। ਨਸ਼ੇ ਕਰਨਾ ਮਾਣ ਵਾਲੀ ਗੱਲ ਨਹੀਂ ਹੈ। ਕਿਸੇ ਨੂੰ ਗਲਤ ਸੰਗਤ ਤੋਂ ਵਾਪਸ ਆਉਣ ਦਾ ਰਸਤਾ ਲੱਭਣ ਵਿੱਚ ਮਦਦ ਕਰਨਾ ਹੈ ਬਹੁਤ ਨੇਕ ਕਾਰਜ ਹੈ। ‘ਸੰਗਤ’ , ਨੌਜਵਾਨਾਂ ਵੱਲੋਂ, ਨੌਜਵਾਨਾਂ ਲਈ, ਸਾਥੀਆਂ ਦੀ ਸਹਾਇਤਾ , ਮਾਨਸਿਕ ਤੰਦਰੁਸਤੀ ਉਤਸ਼ਾਹਿਤ ਕਰਨ ਅਤੇ ਨੌਜਵਾਨਾਂ ਨੂੰ ਹੋਰ ਸਿਹਤਮੰਦ ਵਿਕਲਪ ਚੁਣਨ ਵਿੱਚ ਮਦਦ ਕਰਨ ਲਈ ਤਿਆਰ ਕੀਤਾ ਗਿਆ ਹੈ।”

‘ਆਦਿਤਿਆ ਬਿਰਲਾ ਐਜੂਕੇਸ਼ਨ ਟਰੱਸਟ’ ਅਤੇ ‘ਐਮਪਾਵਰ’ ਦੀ ਸੰਸਥਾਪਕ ਅਤੇ ਚੇਅਰਪਰਸਨ, ਨੀਰਜਾ ਬਿਰਲਾ ਨੇ ਨੌਜਵਾਨਾਂ ਵਿੱਚ ਭਾਵਨਾਤਮਕ ਚੁਣੌਤੀਆਂ , ਮਾਨਸਿਕ ਸਿਹਤ ਸਬੰਧੀ ਚਿੰਤਾਵਾਂ ਅਤੇ ਨਸ਼ਾਖੋਰੀ ਦੇ ਆਪਸੀ ਸਬੰਧਾਂ ਨੂੰ ਹੱਲ ਕਰਨ ਲਈ



ਨਿਰੰਤਰ ਤੇ ਸਥਾਈ ਰੋਕਥਾਮ ਉਪਾਵਾਂ ਦੀ ਲੋੜ ’ਤੇ ਜ਼ੋਰ ਦਿੱਤਾ। ਉਨ੍ਹਾਂ ਕਿਹਾ, “ਅੱਜ ਨੌਜਵਾਨਾਂ ਨੂੰ ਦਰਪੇਸ਼ ਚੁਣੌਤੀਆਂ ਸਿਰਫ਼ ਨਸ਼ਿਆਂ ਦੀ ਵਰਤੋਂ ਤੱਕ ਸੀਮਤ ਨਹੀਂ ਹਨ। ਭਾਵਨਾਤਮਕ ਤੰਦਰੁਸਤੀ ਅਤੇ ਮਾਨਸਿਕ ਸਿਹਤ ਬਾਰੇ ਵਧਦੀਆਂ ਚਿੰਤਾਵਾਂ ਕਾਰਨ, ਸਮੱਸਿਆ ਦੇ ਸ਼ੁਰੂਆਤੀ ਪੜਾਅ ਵਿੱਚ ਹੀ ਦਖਲ ਪਹਿਲਾਂ ਨਾਲੋਂ ਕਿਤੇ ਵੱਧ ਅਹਿਮ ਹੋ ਗਿਆ ਹੈ। ‘ਐਮਪਾਵਰ’ ਵਿੱਚ, ‘ਸੀਓਪੀਈ’ ਨਾਲ ਕੀਤੇ ਗਏ ਸਾਡੇ ਕੰਮ ਰਾਹੀਂ, ਅਸੀਂ ਦੇਖਿਆ ਹੈ ਕਿ ਭਾਵਨਾਤਮਕ ਪਰੇਸ਼ਾਨੀ, ਮਾਨਸਿਕ ਸਿਹਤ ਸਬੰਧੀ ਅਣਗੌਲੀਆਂ ਸਮੱਸਿਆਵਾਂ ਅਤੇ ਨਸ਼ਿਆਂ ਦੀ ਵਰਤੋਂ ਆਪਸ ਵਿੱਚ ਕਿਵੇਂ ਜੁੜੇ ਹੋ ਸਕਦੇ ਹਨ। ਇਹ ਸਥਿਤੀ ਲਗਾਤਾਰ ਅਤੇ ਰੋਕਥਾਮ ਉਪਾਵਾਂ ਦੀ ਲੋੜ ਨੂੰ ਉਜਾਗਰ ਕਰਦੀ ਹੈ।”

ਪੰਜਾਬ ਸਰਕਾਰ ਦੇ ਸਾਂਝੇ ਦੇ ਦੂਰਅੰਦੇਸ਼ ਯਤਨਾਂ ਦੀ ਸ਼ਲਾਘਾ ਕਰਦਿਆਂ ਬਿਰਲਾ ਨੇ ਕਿਹਾ, “ਮੈਂ ਪੰਜਾਬ ਸਰਕਾਰ ਦੀ ਸ਼ਲਾਘਾ ਕਰਦੀ ਹਾਂ ਕਿ ਉਨ੍ਹਾਂ ਨੇ ਸਰਕਾਰੀ ਵਿਭਾਗਾਂ, ਸਿਵਲ ਸੁਸਾਇਟੀ ਸੰਸਥਾਵਾਂ, ਸਿੱਖਿਆ ਸ਼ਾਸਤਰੀਆਂ, ਸਿਹਤ ਸੰਭਾਲ ਪੇਸ਼ੇਵਰਾਂ ਅਤੇ ਸਮਾਜਿਕ ਆਗੂਆਂ ਨੂੰ ਇੱਕ ਸਾਂਝੇ ਟੀਚੇ ਤਹਿਤ ਇਕੱਤਰ ਕੀਤਾ ਹੈ। ਇਸ ਦਾ ਉਦੇਸ਼ ਵੱਖ-ਵੱਖ ਪੱਧਰਾਂ ’ਤੇ ਹੋਣ ਵਾਲੇ ਖਿੰਡੇ-ਪੁੰਡੇ ਯਤਨਾਂ ਤੋਂ ਅਗਾਂਹ ਵਧ ਕੇ, ਰੋਕਥਾਮ, ਇਲਾਜ, ਮੁੜ-ਵਸੇਬਾ ਅਤੇ ਮੁੱਖ ਧਾਰਾ ਵਿੱਚ ਲਿਆਉਣ ਲਈ ਇੱਕ ਟਿਕਾਊ ਢਾਂਚਾ ਤਿਆਰ ਕਰਨਾ ਹੈ। ਅਜਿਹੇ ਸਹਿਯੋਗੀ ਮਾਡਲ ਪੰਜਾਬ ਦੇ ਨੌਜਵਾਨਾਂ ਅਤੇ ਉਨ੍ਹਾਂ ਦੇ ਪਰਿਵਾਰਾਂ ਦੇ ਜੀਵਨ ’ਤੇ ਇੱਕ ਸਥਾਈ ਅਤੇ ਅਰਥਪੂਰਨ ਪ੍ਰਭਾਵ ਪਾਉਣ ਦੀ ਸਮਰੱਥਾ ਰੱਖਦੇ ਹਨ।”

ਆਪਣੇ ਨਿੱਜੀ ਤਜ਼ਰਬੇ ਸਾਂਝੇ ਕਰਦੇ ਹੋਏ ਅਤੇ ਮਾਨਸਿਕ ਸਿਹਤ ਦੀ ਮਹੱਤਤਾ ’ਤੇ ਚਾਨਣਾ ਪਾਉਂਦਿਆਂ ਅਦਾਕਾਰ ਅਪਾਰਸ਼ਕਤੀ ਖੁਰਾਣਾ ਨੇ ਅਜਿਹੇ ਸਾਜ਼ਗਾਰ ਮਾਹੌਲ ਸਿਰਜਣ ਦੀ ਲੋੜ ’ਤੇ ਜ਼ੋਰ ਦਿੱਤਾ ਜਿੱਥੇ ਨੌਜਵਾਨ ਆਪਣੀਆਂ ਮੁਸ਼ਕਲਾਂ ਬਾਰੇ ਖੁੱਲ੍ਹ ਕੇ ਗੱਲ ਕਰ ਸਕਣ। ਉਨ੍ਹਾਂ ਕਿਹਾ, “ਅਸੀਂ ਅਕਸਰ ਨੌਜਵਾਨਾਂ ਨੂੰ ਮਜ਼ਬੂਤ ਬਣਨ ਲਈ ਕਹਿੰਦੇ ਹਾਂ, ਪਰ ਮਜ਼ਬੂਤੀ ਦਾ ਮਤਲਬ ਇਹ ਵੀ ਹੈ ਕਿ ਤੁਸੀਂ ਜੋ ਕੁਝ ਵੀ ਅਨੁਭਵ ਕਰ ਰਹੇ ਹੋ, ਉਸ ਬਾਰੇ ਇਮਾਨਦਾਰੀ ਨਾਲ ਗੱਲ ਕਰ ਸਕੋ ਅਤੇ ਲੋੜ ਪੈਣ ’ਤੇ ਮਦਦ ਮੰਗ ਸਕੋ। ਨੌਜਵਾਨਾਂ ਨੂੰ ਦਰਪੇਸ਼ ਦਬਾਅ ਹਮੇਸ਼ਾ ਸਾਹਮਣੇ ਨਹੀਂ ਆਉਂਦੇ, ਇਸ ਲਈ ਦੋਸਤਾਂ, ਪਰਿਵਾਰਾਂ ਅਤੇ ਵਿਦਿਅਕ ਸੰਸਥਾਵਾਂ ਲਈ ਇਹ ਜ਼ਰੂਰੀ ਹੈ ਕਿ ਉਹ ਅਜਿਹਾ ਦੋਸਤਾਨਾ ਮਾਹੌਲ ਬਣਾਉਣ ਜਿੱਥੇ ਨੌਜਵਾਨਾਂ ਦੀ ਗੱਲ ਸੁਣੀ ਜਾਵੇ, ਨਾ ਕਿ ਉਨ੍ਹਾਂ ਨੂੰ ਸਹੀ -ਗਲ਼ਤ ਦੇ ਅਧਾਰ ’ਤੇ ਪਰਖਿਆ ਜਾਵੇ।”

ਉਨ੍ਹਾਂ ਅੱਗੇ ਕਿਹਾ, “ ਮੇਰੀ ਦਾਦੀ ਕਹਿੰਦੀ ਹੁੰਦੀ ਸੀ ,ਭਾਵੇਂ ਕਿੰਨੀਆਂ ਵੀ ਚੁਣੌਤੀਆਂ ਕਿਉਂ ਨਾ ਆਉਣ, ਚੰਗੀ ਸੰਗਤ ਬਹੁਤ ਜ਼ਰੂਰੀ ਹੈ।” ਉਨ੍ਹਾਂ ਕਿਹਾ ਕਿ ‘ਸੰਗਤ’ ਵਰਗੀਆਂ ਪਹਿਲਕਦਮੀਆਂ ਨੌਜਵਾਨਾਂ ਨੂੰ ਇੱਕ-ਦੂਜੇ ਦਾ ਖਿਆਲ ਰੱਖਣ ਅਤੇ ਮਾਨਸਿਕ ਸਿਹਤ ਬਾਰੇ ਵਧੇਰੇ ਖੁੱਲ੍ਹ ਕੇ ਗੱਲਬਾਤ ਕਰਨ ਲਈ ਉਤਸ਼ਾਹਿਤ ਕਰ ਸਕਦੀਆਂ ਹਨ।” ਇਸ ਪ੍ਰੋਗਰਾਮ ਦੇ ਤਹਿਤ, ਭਾਗ ਲੈਣ ਵਾਲੇ ਹਰੇਕ ਕਾਲਜ ਦੇ 25 ਵਿਦਿਆਰਥੀਆਂ ਨੂੰ ‘ਯੂਥ ਮੈਂਟਲ ਹੈਲਥ ਫਸਟ ਏਡ’ (ਵਾਈ ਐਮ ਐਚ ਐਫ ਏ) ਦੀ 14 ਘੰਟਿਆਂ ਦੀ ਸਿਖਲਾਈ ਦਿੱਤੀ ਜਾਵੇਗੀ ਅਤੇ ਸਰਟੀਫਿਕੇਟ ਪ੍ਰਦਾਨ ਕੀਤੇ ਜਾਣਗੇ। ਇਹ ਸਿਖਲਾਈ ਵਿਦਿਆਰਥੀਆਂ ਨੂੰ ਭਾਵਨਾਤਮਕ ਚੁਣੌਤੀਆਂ ਦੇ ਸੰਕੇਤਾਂ ਨੂੰ ਪਛਾਣਨ, ਸ਼ੁਰੂਆਤੀ ਪੱਧਰ ’ਤੇ ਆਪਣੇ ਸਾਥੀਆਂ ਦੀ ਮਦਦ ਕਰਨ ਅਤੇ ਲੋੜ ਪੈਣ ’ਤੇ ਉਨ੍ਹਾਂ ਨੂੰ ਪੇਸ਼ੇਵਰ ਮਦਦ ਲੈਣ ਲਈ ਪ੍ਰੇਰੇਗੀ। ਇਹ ਕਲੱਬ ਮਾਨਸਿਕ ਤੰਦਰੁਸਤੀ ਨੂੰ ਉਤਸ਼ਾਹਿਤ ਕਰਨ, ਭਾਵਨਾਤਮਕ ਚੁਣੌਤੀਆਂ ਬਾਰੇ ਖੁੱਲ੍ਹੀ ਗੱਲਬਾਤ ਵਧਾਉਣ ਅਤੇ ਨਸ਼ਾਖੋਰੀ ਤੋਂ ਗੁਰੇਜ਼ ਕਰਨ ਲਈ ਕੈਂਪਸ-ਪੱਧਰ ਦੀਆਂ ਗਤੀਵਿਧੀਆਂ ਦਾ ਆਯੋਜਨ ਕਰਨਗੇ। ਯੋਗ ਸਾਥੀਆਂ ਦੀ ਅਗਵਾਈ ਅਤੇ ਪੇਸ਼ੇਵਰ ਸਹਾਇਤਾ ਰਾਹੀਂ, ਇਹ ਪਹਿਲ ਸਮਾਂ ਰਹਿੰਦਿਆ ਚਿੰਤਾਵਾਂ ਦੀ ਪਛਾਣ ਕਰਨ ਅਤੇ ਇੱਕ ਕੈਂਪਸ ਸੱਭਿਆਚਾਰ ਬਣਾਉਣ ਦਾ ਯਤਨ ਕਰਦੀ ਹੈ , ਜਿਸ ਵਿੱਚ ਮਦਦ ਮੰਗਣਾ ਮਾੜਾ ਨਹੀਂ ਸਮਝਿਆ ਜਾਂਦਾ ਸਗੋਂ ਉਤਸ਼ਾਹਿਤ ਕੀਤਾ ਜਾਂਦਾ ਹੈ।

ਇਹ ਪ੍ਰੋਗਰਾਮ ਏ ਬੀ ਈ ਟੀ ਦੀ ਸਹਾਇਕ ਕੰਪਨੀ ਐਮਪਾਵਰ ਵੱਲੋਂ ਇਸਦੇ ਸੀਓਪੀਈ (ਕਾਉਂਸਲਿੰਗ ਐਂਡ ਆਊਟਰੀਚ ਫਾਰ ਪੀਅਰ ਇਨਪਾਵਰਮੈਂਟ) ਫਰੇਮਵਰਕ ਦੇ ਤਹਿਤ ਲਾਗੂ ਕੀਤਾ ਜਾ ਰਿਹਾ ਹੈ।

ਲਾਂਚ ਪ੍ਰੋਗਰਾਮ ਵਿੱਚ ‘ਯੁਵਾ’ ਦੇ ਸਹਿ-ਸੰਸਥਾਪਕ ਅਤੇ ਮੁਖੀ ਨਿਖਿਲ ਤਨੇਜਾ ਅਤੇ ਬਾਲੀਵੁੱਡ ਅਦਾਕਾਰ ਅਪਾਰਸ਼ਕਤੀ ਖੁਰਾਨਾ ਸ਼ਾਮਲ ਹੋਏ, ਜਿਨ੍ਹਾਂ ਨੇ ਨੌਜਵਾਨਾਂ ਦੀ ਤੰਦਰੁਸਤੀ ਅਤੇ ਅਜਿਹੀਆਂ ਥਾਵਾਂ ਬਣਾਉਣ ਬਾਰੇ ਗੱਲਬਾਤ ਕੀਤੀ ਗਈ , ਜਿੱਥੇ ਨੌਜਵਾਨ ਦੀ ਗੱਲ ਨੇੜਿਓਂ ਸੁਣੀ-ਸਮਝੀ ਜਾਂਦੀ ਹੋਵੇ ਅਤੇ ਉਨਾਂ ਨੂੰ ਮਦਦ ਦਿੱਤੀ ਜਾਂਦੀ ਹੋਵੇ। ਕੌਮਿਕ ਸਿੰਘ ਵਜੋਂ ਜਾਣੇ ਜਾਂਦੇ ਪੰਜਾਬੀ ਕਾਮੇਡੀਅਨ ਮਨਪ੍ਰੀਤ ਸਿੰਘ ਨੇ ਵੀ ਇਸ ਪ੍ਰੋਗਰਾਮ ਵਿੱਚ ਆਪਣੀ ਪੇਸ਼ਕਾਰੀ ਦਿੱਤੀ ।

ਸਿੱਖਿਆ ਅਧਿਕਾਰੀ, ਭਾਗ ਲੈਣ ਵਾਲੇ ਕਾਲਜਾਂ ਦੇ ਨੋਡਲ ਪ੍ਰੋਫੈਸਰ, ਸੰਗਤ ਵਿਦਿਆਰਥੀ ਮੈਂਬਰ ਅਤੇ ਏ ਬੀ ਈ ਟੀ ਦੇ ਨੁਮਾਇੰਦੇ ਪ੍ਰੋਗਰਾਮ ਵਿੱਚ ਸ਼ਾਮਲ ਹੋਏ।

ਮਾਨਸਿਕ ਤੰਦਰੁਸਤੀ ਨੂੰ ਰੋਕਥਾਮ ਰਣਨੀਤੀ ਦਾ ਅਧਾਰ ਬਣਾ ਕੇ, ‘ਸੰਗਤ’ , ਵਿਦਿਆਰਥੀਆਂ ਨੂੰ ,ਆਪਣੇ ਸਾਥੀਆਂ ਦੀ ਮਦਦ ਕਰਨ, ਸ਼ੁਰੂਆਤੀ ਦਖਲ ਮਜ਼ਬੂਤ ਕਰਨ ਅਤੇ ਹੋਰ ਖੁੱਲ੍ਹੇ ਅਤੇ ਸਹਾਇਕ ਕਾਲਜ ਕੈਂਪਸਾਂ ਨੂੰ ਉਤਸ਼ਾਹਿਤ ਕਰਨ ਲਈ ਸਸ਼ਕਤ ਬਣਾਉਣ ਦੀ ਕੋਸ਼ਿਸ਼ ਕਰਦੀ ਹੈ। ਇਹ ਪਹਿਲਕਦਮੀ ਪੰਜਾਬ ਸਰਕਾਰ ਦੇ ਯੁੱਧ ਨਸ਼ਿਆਂ ਵਿਰੁਧ ਤਹਿਤ ਰੋਕਥਾਮ, ਜਾਗਰੂਕਤਾ ਅਤੇ ਸਮੂਹਿਕ ਜ਼ਿੰਮੇਵਾਰੀ ਰਾਹੀਂ ਨਸ਼ਿਆਂ ਨਾਲ ਨਜਿੱਠਣ ਦੇ ਵਡੇਰੇ ਯਤਨਾਂ ਦਾ ਹਿੱਸਾ ਹੈ।

## ਮੈਨੀਟੋਬਾ ’ਚ ਵਿਦਿਆਰਥਣ ਨਾਲ ਹੱਦਾਂ ਟੱਪਣ ਵਾਲੇ ਅਧਿਆਪਕ ਦਾ ਲਾਇਸੈਂਸ ਰੱਦ



**ਵਿਨੀਪੈਗ, 23 ਅਕਤੂਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਵਿਦਿਆਰਥੀਆਂ ਦੀ ਸੁਰੱਖਿਆ ਅਤੇ ਅਧਿਆਪਕਾਂ ਦੇ ਪੇਸ਼ੇਵਰ ਆਚਰਨ ’ਤੇ ਗੰਭੀਰ ਸਵਾਲ ਖੜ੍ਹੇ ਕਰਦੇ ਇੱਕ ਮਾਮਲੇ ’ਚ **Manitoba** ਦੇ ਸਾਬਕਾ ਅਧਿਆਪਕ ਦਾ ਅਧਿਆਪਨ ਸਰਟੀਫ਼ਿਕੇਟ ਪੱਕੇ ਤੌਰ ’ਤੇ ਰੱਦ ਕਰ ਦਿੱਤਾ ਗਿਆ ਹੈ। ਜਾਂਚ ਦੌਰਾਨ ਇਹ ਗੱਲ ਸਾਹਮਣੇ ਆਈ ਹੈ ਕਿ ਅਧਿਆਪਕ ਰੌਬਰਟ ਗ੍ਰੇਗੁਆਰ ਨੇ ਇੱਕ ਵਿਦਿਆਰਥਣ ਨਾਲ ਸਾਲਾਂ ਤਕ ਹੱਦੋਂ ਪਾਰ ਜਾ ਕੇ ਨਿੱਜੀ ਸੰਪਰਕ ਬਣਾਈ ਰੱਖਿਆ। ਅਨੁਸ਼ਾਸਨੀ ਫ਼ੈਸਲੇ ਅਨੁਸਾਰ ਰਿਵਰ ਈਸਟ ਟਰਾਂਸਕੋਨਾ ਸਕੂਲ ਡਿਵਿਜ਼ਨ ’ਚ ਕੰਮ ਕਰਦਿਆਂ ਗ੍ਰੇਗੁਆਰ ਨੇ ਸਾਲ 2022 ’ਚ ਅੱਠਵੀਂ ਜਮਾਤ ਦੀ ਵਿਦਿਆਰਥਣ ਨਾਲ ਨਿੱਜੀ ਕਿਸਮ ਦਾ ਸਬੰਧ ਬਣਾਉਣਾ ਸ਼ੁਰੂ ਕੀਤਾ। ਉਸ ਨੇ ਆਪਣੇ ਨਿੱਜੀ ਫ਼ੋਨ ਰਾਹੀਂ ਸੈਂਕੜੇ ਸੰਦੇਸ਼ ਭੇਜੇ ਜਦੋਂ ਕਿ ਮਾਈਕਰੋਸੌਫ਼ਟ ਟੀਮਜ਼ ’ਤੇ ਸਾਲ 2022 ਤੋਂ 2024 ਦਰਮਿਆਨ ਇੱਕ ਹਜ਼ਾਰ ਤੋਂ ਵੱਧ ਸੁਨੇਹਿਆਂ ਦਾ ਆਦਾਨ-ਪ੍ਰਦਾਨ ਹੋਇਆ।

ਰਿਪੋਰਟ ਮੁਤਾਬਿਕ ਅਧਿਆਪਕ ਵਿਦਿਆਰਥਣ ਨੂੰ ਮੇਰੀ ਸੋਹਣੀਏ, ਮਫ਼ਿਨ, ਰਾਜਕੁਮਾਰੀ ਅਤੇ ਮਨਪਸੰਦ ਵਿਦਿਆਰਥਣ ਵਰਗੇ ਸ਼ਬਦਾਂ ਨਾਲ ਸੰਬੋਧਨ ਕਰਦਾ ਸੀ। ਉਹ ਦੇਰ ਰਾਤ ਅਤੇ ਤੜਕੇ ਵੀ ਸੁਨੇਹੇ ਭੇਜਦਾ ਰਿਹਾ। ਵਿਦਿਆਰਥਣ ਦੇ ਮਿਡਲ ਸਕੂਲ ਤੋਂ ਹਾਈ ਸਕੂਲ ਜਾਣ ਮਗਰੋਂ ਵੀ ਉਸ ਨੇ ਸੰਪਰਕ ਜਾਰੀ ਰੱਖਿਆ।

ਇੱਥੋਂ ਤਕ ਕਿ ਅਧਿਆਪਕ ਨੇ ਵਿਦਿਆਰਥਣ ਦੇ ਨਵੇਂ ਸਕੂਲ ’ਚ ਨੌਕਰੀ ਹਾਸਿਲ ਕਰਨ ਦਾ ਯਤਨ ਕੀਤਾ ਅਤੇ ਬਾਅਦ ’ਚ ਉਸ ਦੀਆਂ ਜਮਾਤਾਂ ਨੂੰ ਪੜ੍ਹਾਉਣ ਦੀ ਖ਼ੁਸ਼ੀ ਵੀ ਸੁਨੇਹੇ ਰਾਹੀਂ ਜ਼ਾਹਰ ਕੀਤੀ। ਉਸ ਨੇ ਵਿਦਿਆਰਥਣ ਨੂੰ ਸਕੂਲ ਤੋਂ ਬਾਹਰ ਰੈਸਟੋਰੈਂਟਾਂ ’ਚ ਮਿਲਣ, ਆਈਸਕਰੀਮ ਖਾਣ ਅਤੇ ਛੁੱਟੀਆਂ ਦੌਰਾਨ ਸਕੇਟਿੰਗ ਲਈ ਜਾਣ ਦੇ ਸੱਦੇ ਵੀ ਦਿੱਤੇ। ਜੂਨ 2024 ’ਚ ਮਿਡਲ ਸਕੂਲ ਦੇ ਪ੍ਰਿੰਸੀਪਲ ਨੇ ਉਸ ਨੂੰ ਵਿਦਿਆਰਥੀਆਂ ਨਾਲ ਨਿੱਜੀ ਸੁਨੇਹਿਆਂ ਰਾਹੀਂ ਸੰਪਰਕ ਕਰਨ ਤੋਂ ਰੋਕਿਆ ਸੀ। ਉਸ ਨੂੰ ਸਪੱਸ਼ਟ ਕੀਤਾ ਗਿਆ ਸੀ ਕਿ ਵਿਦਿਆਰਥੀਆਂ ਨਾਲ ਔਨਲਾਈਨ ਗੱਲਬਾਤ ਸਿਰਫ਼ ਪੜ੍ਹਾਈ ਨਾਲ ਸਬੰਧਤ ਅਤੇ ਮਨਜ਼ੂਰਸ਼ੁਦਾ ਪਲੈਟਫ਼ੌਰਮਾਂ ਰਾਹੀਂ ਹੀ ਹੋਣੀ ਚਾਹੀਦੀ ਹੈ।

ਦਸੰਬਰ 2024 ’ਚ ਸਕੂਲ ਡਿਵਿਜ਼ਨ ਨੇ ਉਸ ਨੂੰ ਪ੍ਰਸ਼ਾਸ਼ਕੀ ਛੁੱਟੀ ’ਤੇ ਭੇਜ ਦਿੱਤਾ। ਅਗਲੇ ਸਾਲ ਅਪ੍ਰੈਲ ’ਚ ਇਹ ਮਾਮਲਾ ਸੂਬੇ ਦੇ ਸੁਤੰਤਰ ਅਧਿਆਪਕ ਆਚਰਨ ਕਮਿਸ਼ਨਰ ਕੋਲ ਪਹੁੰਚਿਆ। ਜਾਂਚ ਦੌਰਾਨ ਗ੍ਰੇਗੁਆਰ ਨੇ ਸਾਹਮਣੇ ਆਏ ਤੱਥਾਂ ਨੂੰ ਸਵੀਕਾਰ ਕਰਦਿਆਂ ਇਸ ਨੂੰ ਪੇਸ਼ੇਵਰ ਦੁਰਵਿਹਾਰ ਮੰਨਿਆ। ਉਸ ਨੇ ਮਈ ’ਚ ਆਪਣਾ ਅਧਿਆਪਨ ਸਰਟੀਫ਼ਿਕੇਟ ਸੌਂਪ ਦਿੱਤਾ ਜਿਸ ਨੂੰ ਜਾਂਚ ਮੁਕੰਮਲ ਹੋਣ ਤੋਂ ਬਾਅਦ ਪੱਕੇ ਤੌਰ ’ਤੇ ਰੱਦ ਕਰ ਦਿੱਤਾ ਗਿਆ।

ਅਨੁਸ਼ਾਸ਼ਨੀ ਰਿਪੋਰਟ ਅਨੁਸਾਰ, ਕਈ ਸਾਲਾਂ ਤਕ ਹਜ਼ਾਰਾਂ ਸੁਨੇਹਿਆਂ ਦਾ ਆਦਾਨ-ਪ੍ਰਦਾਨ ਕਰਨਾ ਅਤੇ ਇਸ ਰਿਸ਼ਤੇ ਬਾਰੇ ਜਾਣਕਾਰੀ ਛੁਪਾਉਣਾ ਕਿਸੇ ਇਕੱਲੀ ਗ਼ਲਤੀ ਦਾ ਨਤੀਜਾ ਨਹੀਂ ਸਗੋਂ ਲਗਾਤਾਰ ਚੱਲਿਆ ਗੰਭੀਰ ਦੁਰਵਿਹਾਰ ਸੀ। ਮਾਹਿਰਾਂ ਦਾ ਮੰਨਣਾ ਹੈ ਕਿ ਅਜਿਹੀਆਂ ਕਾਰਵਾਈਆਂ ‘ਗਰੂਮਿੰਗ ’ਦਾ ਹਿੱਸਾ ਹੁੰਦੀਆਂ ਹਨ ਜਿੱਥੇ ਅਧਿਆਪਕ ਆਪਣੀ ਪਦਵੀ ਦਾ ਗ਼ਲਤ ਫ਼ਾਇਦਾ ਉਠਾ ਕੇ ਬੱਚਿਆਂ ਦਾ ਭਾਵਨਾਤਮਕ ਸ਼ੋਸ਼ਣ ਕਰਦੇ ਹਨ। ਕਮਿਸ਼ਨਰ ਦੀ ਰਿਪੋਰਟ ਸਪੱਸ਼ਟ ਕਰਦੀ ਹੈ ਕਿ ਇਹ ਕੋਈ ਅਣਜਾਣੇ ’ਚ ਹੋਈਆਂ ਗ਼ਲਤੀਆਂ ਨਹੀਂ ਸਨ ਸਗੋਂ ਸੋਚ-ਸਮਝ ਕੇ ਕੀਤਾ ਗਿਆ ਦੁਰਵਿਹਾਰ ਸੀ। ਇਹ ਘਟਨਾ ਸਕੂਲਾਂ ’ਚ ਬੱਚਿਆਂ ਦੀ ਸੁਰੱਖਿਆ ਯਕੀਨੀ ਬਣਾਉਣ ਅਤੇ ਅਧਿਆਪਕਾਂ ਦੀ ਨੈਤਿਕਤਾ ਦੀ ਸਖ਼ਤ ਨਿਗਰਾਨੀ ਦੀ ਲੋੜ ਨੂੰ ਦਰਸਾਉਂਦੀ ਹੈ।

# ਸਰਕਾਰ ਨਸ਼ਿਆਂ ਦੇ ਖ਼ਾਤਮੇ ਲਈ ਵਚਨਬੱਧ; ਪਿੰਡ ਅਤੇ ਵਾਰਡ ਸੁਰੱਖਿਆ ਕਮੇਟੀਆਂ ਰਾਹੀਂ 1.26 ਲੱਖ ਤੋਂ ਵੱਧ ਮੈਂਬਰ ਲਾਮਬੰਦ ਕੀਤੇ: ਬਰਿੰਦਰ ਕੁਮਾਰ ਗੋਇਲ

**ਚੰਡੀਗੜ੍ਹ, 23 ਅਕਤੂਬਰ**
**-ਜੀ. ਐਸ. ਤੁੰਗ-**

ਪੰਜਾਬ ਦੇ ਕੈਬਨਿਟ ਮੰਤਰੀ ਬਰਿੰਦਰ ਕੁਮਾਰ ਗੋਇਲ ਨੇ ਨਸ਼ਿਆਂ ਵਿਰੁੱਧ ਭਗਵੰਤ ਮਾਨ ਸਰਕਾਰ ਦੀ ਜ਼ੀਰੋ ਟਾਲਰੈਂਸ ਨੀਤੀ ਨੂੰ ਦੁਹਰਾਉਂਦਿਆਂ ਅੱਜ ਕਿਹਾ ਕਿ ਸਰਕਾਰ ਦੀ ਨਸ਼ਿਆਂ ਵਿਰੋਧੀ ਮੁਹਿੰਮ ‘ਯੁੱਧ ਨਸ਼ਿਆਂ ਵਿਰੁੱਧ’ ਤਹਿਤ ਲੋਕਾਂ ਦੀ ਸ਼ਮੂਲੀਅਤ ਵਧਾ ਕੇ ਨਸ਼ਾ ਤਸਕਰਾਂ ਵਿਰੁੱਧ ਸਖ਼ਤ ਕਾਰਵਾਈ ਕੀਤੀ ਜਾ ਰਹੀ ਹੈ ਅਤੇ ਨਸ਼ਿਆਂ ਤੋਂ ਪੀੜਤ ਲੋਕਾਂ ਦੇ ਮੁੜ ਵਸੇਬੇ ਲਈ ਵੀ ਯਤਨ ਕੀਤੇ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਪੰਜਾਬ ਭਰ ਵਿੱਚ ਵਾਰਡ ਅਤੇ ਪਿੰਡ ਸੁਰੱਖਿਆ ਕਮੇਟੀਆਂ ਰਾਹੀਂ 1.26 ਲੱਖ ਤੋਂ ਵੱਧ ਮੈਂਬਰਾਂ ਨੂੰ ਲਾਮਬੰਦ ਕੀਤਾ ਗਿਆ ਹੈ, ਜਦਕਿ ਹਜ਼ਾਰਾਂ ਨਸ਼ਾ ਤਸਕਰਾਂ ਨੂੰ ਗ੍ਰਿਫ਼ਤਾਰ ਕਰਨ ਸਣੇ ਨਸ਼ਿਆਂ ਦੇ ਕਾਰੋਬਾਰ ਰਾਹੀਂ ਗ਼ੈਰ-ਕਾਨੂੰਨੀ ਢੰਗ ਨਾਲ ਹਾਸਲ ਕੀਤੀਆਂ ਜਾਇਦਾਦਾਂ ਵੀ ਢਾਹੀਆਂ ਗਈਆਂ ਹਨ।

ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕੈਬਨਿਟ ਮੰਤਰੀ ਬਰਿੰਦਰ ਕੁਮਾਰ ਗੋਇਲ ਨੇ ਕਿਹਾ, ਭਗਵੰਤ ਮਾਨ ਸਰਕਾਰ ਸੂਬੇ ਵਿੱਚੋਂ ਨਸ਼ਿਆਂ ਦੇ ਖ਼ਾਤਮੇ ਲਈ ਜ਼ਮੀਨੀ ਪੱਧਰ ’ਤੇ ਲਗਾਤਾਰ ਕੰਮ ਕਰ ਰਹੀ ਹੈ। ‘ਯੁੱਧ ਨਸ਼ਿਆਂ ਵਿਰੁੱਧ’ ਤਹਿਤ ਅਸੀਂ ਅਜਿਹੀ ਪਹੁੰਚ ਅਪਣਾਈ ਹੈ ਜਿਸ ਵਿੱਚ ਲੋਕਾਂ ਦੀ ਸ਼ਮੂਲੀਅਤ, ਨਸ਼ਾ ਤਸਕਰਾਂ ਵਿਰੁੱਧ ਸਖ਼ਤ ਕਾਰਵਾਈ ਅਤੇ ਨਸ਼ਿਆਂ ਤੋਂ ਪੀੜਤ ਲੋਕਾਂ ਦਾ ਮੁੜ ਵਸੇਬਾ ਸ਼ਾਮਲ ਹੈ। ਸਾਡਾ ਟੀਚਾ ਸਪੱਸ਼ਟ ਹੈ ਪੰਜਾਬ ਨੂੰ ਨਸ਼ਿਆਂ ਤੋਂ ਨਿਜਾਤ ਦਿਵਾਉਣਾ ਹੈ।

ਕੈਬਨਿਟ ਮੰਤਰੀ ਨੇ ਕਿਹਾ, ਇਸ ਲੜਾਈ ਨੂੰ ਜ਼ਮੀਨੀ ਪੱਧਰ ’ਤੇ ਮਜ਼ਬੂਤ ਕਰਨ ਲਈ ਪੂਰੇ ਪੰਜਾਬ ਵਿੱਚ ਵਾਰਡ ਅਤੇ ਪਿੰਡ ਸੁਰੱਖਿਆ ਕਮੇਟੀਆਂ ਦਾ ਯੋਜਨਾਬੱਧ ਢੰਗ ਨਾਲ ਗਠਨ ਕੀਤਾ ਗਿਆ ਹੈ। ਸੂਬੇ ਭਰ ਵਿੱਚ 1.26 ਲੱਖ ਤੋਂ ਵੱਧ ਮੈਂਬਰਾਂ ਨੂੰ ਲਾਮਬੰਦ ਕਰਕੇ ਲੋਕਾਂ ਦੀ ਭਾਗੀਦਾਰੀ ਨੂੰ ਮਜ਼ਬੂਤ ਕੀਤਾ ਜਾ ਰਿਹਾ ਹੈ ਤਾਂ ਜੋ ਨਸ਼ਿਆਂ ਵਿਰੁੱਧ ਮੁਹਿੰਮ ਹਰ ਪਿੰਡ ਅਤੇ ਹਰ ਵਾਰਡ ਤੱਕ ਪਹੁੰਚ ਸਕੇ।

ਉਨ੍ਹਾਂ ਕਿਹਾ, ਅਸੀਂ ਨਸ਼ਿਆਂ ਦੀ ਸਪਲਾਈ ਚੇਨ ਵਿਰੁੱਧ ਵੱਡੀ ਕਾਰਵਾਈ ਸ਼ੁਰੂ ਕੀਤੀ ਹੈ। ਨਸ਼ਾ ਵੇਚਣ ਵਾਲਿਆਂ ਅਤੇ ਤਸਕਰਾਂ ਵੱਲੋਂ ਗ਼ੈਰ-ਕਾਨੂੰਨੀ ਢੰਗ ਨਾਲ ਹਾਸਲ ਕੀਤੀਆਂ ਜਾਇਦਾਦਾਂ ਨੂੰ ਜ਼ਬਤ ਕਰਨ ਅਤੇ ਢਾਹੁਣ ਦੀ ਕਾਰਵਾਈ ਨਿਰੰਤਰ ਜਾਰੀ ਹੈ ਤਾਂ ਜੋ ਉਨ੍ਹਾਂ ਦੇ ਨੈੱਟਵਰਕ ਨੂੰ ਬੇਅਸਰ ਕਰਕੇ ਨਸ਼ਿਆਂ ਦੇ ਗ਼ੈਰ-ਕਾਨੂੰਨੀ ਕਾਰੋਬਾਰ ਦਾ ਲੱਕ ਤੋੜਿਆ ਜਾ ਸਕੇ।”



ਵਿਰੋਧੀ ਪਾਰਟੀਆਂ ਨੂੰ ਕਰੜੇ ਹੱਥੀਂ ਲੈਂਦਿਆਂ ਬਰਿੰਦਰ ਕੁਮਾਰ ਗੋਇਲ ਨੇ ਕਿਹਾ ਕਿ ਉਹ ਨਸ਼ਿਆਂ ਦੀ ਸਮੱਸਿਆ ਨਾਲ ਨਜਿੱਠਣ ਲਈ ਕੀਤੇ ਜਾ ਰਹੇ ਨਿਰੰਤਰ ਯਤਨਾਂ ਨੂੰ ਸਵੀਕਾਰ ਕਰਨ ਦੀ ਥਾਂ ਸਿਆਸੀ ਵਿਖਾਵੇਬਾਜ਼ੀ ਕਰ ਰਹੀਆਂ ਹਨ ਅਤੇ ਪੰਜਾਬ ਨੂੰ ਬਦਨਾਮ ਕਰਨ ਦੀ ਕੋਸ਼ਿਸ਼ ਕਰ ਰਹੀਆਂ ਹਨ। ਉਨ੍ਹਾਂ ਕਿਹਾ, ਅਸੀਂ ਵਿਰੋਧੀਆਂ ਵਾਂਗ ਦਿਖਾਵੇਬਾਜ਼ੀ ਦੀ ਬਜਾਏ ਜ਼ਮੀਨੀ ਪੱਧਰ ’ਤੇ ਕੰਮ ਕਰਕੇ ਨਤੀਜੇ ਦੇ ਰਹੇ ਹਾਂ। ਜਦੋਂ ਅਸੀਂ ਨਸ਼ਿਆਂ ਦੇ ਖ਼ਾਤਮੇ ਲਈ ਲਗਾਤਾਰ ਯਤਨ ਕਰ ਰਹੇ ਹਾਂ ਤਾਂ ਵਿਰੋਧੀ ਪਾਰਟੀਆਂ ਪੰਜਾਬ ਦੇ ਭਵਿੱਖ ਨੂੰ ਸੁਰੱਖਿਅਤ ਬਣਾਉਣ ਲਈ ਕੀਤੇ ਜਾ ਰਹੇ ਯਤਨਾਂ ਨੂੰ ਗੁਮਰਾਹਕੁੰਨ ਬਿਆਨਬਾਜ਼ੀ ਕਰਕੇ ਸੂਬੇ ਨੂੰ ਬਦਨਾਮ ਕਰਨ ਵਿੱਚ ਜੁਟੀਆਂ ਹੋਈਆਂ ਹਨ।”

ਉਨ੍ਹਾਂ ਕਿਹਾ, ਕਾਨੂੰਨ ਵਿਵਸਥਾ ਅਤੇ ਨਸ਼ਿਆਂ ’ਤੇ ਕਾਬੂ ਪਾਉਣ ਵਿੱਚ ਪੰਜਾਬ ਦੀ ਸਥਿਤੀ ਵਿਰੋਧੀ ਪਾਰਟੀਆਂ ਦੇ ਸ਼ਾਸਨ ਵਾਲੇ ਸੂਬਿਆਂ ਨਾਲੋਂ ਕਿਤੇ ਬਿਹਤਰ ਹੈ। ਸਿਆਸੀ ਪਾਰਟੀਆਂ ਨੂੰ ਲੋਕਾਂ ਨੂੰ ਗੁਮਰਾਹ ਕਰਨ ਅਤੇ ਸਿਆਸੀ ਬਿਆਨਬਾਜ਼ੀ ਕਰਨ ਦੀ ਬਜਾਏ ਆਪਣੇ ਸ਼ਾਸਨ ਵਾਲੇ ਸੂਬਿਆਂ ਦੇ ਰਿਕਾਰਡ ’ਤੇ ਝਾਤ ਮਾਰਨੀ ਚਾਹੀਦੀ ਹੈ।

ਭਗਵੰਤ ਮਾਨ ਸਰਕਾਰ ਦੀ ਕਾਰਜਸ਼ੈਲੀ ਦੀ ਤੁਲਨਾ ਵਿਰੋਧੀ ਪਾਰਟੀਆਂ ਦੇ ਪਿਛਲੇ ਕੰਮਾਂ ਨਾਲ ਕਰਦਿਆਂ ਬਰਿੰਦਰ ਕੁਮਾਰ ਗੋਇਲ ਨੇ ਕਿਹਾ, ਵਿਰੋਧੀਆਂ ਵਾਂਗ ਅਸੀਂ ਮਹਿਜ਼ ਦਿਖਾਵੇ ਲਈ ਐਂਟੀ-ਡਰੱਗ ਮਾਰਚ ਨਹੀਂ ਕੱਢੇ ਅਤੇ ਨਾ ਹੀ 10 ਤੋਂ 12 ਦਿਨਾਂ ਵਿੱਚ ਨਸ਼ੇ ਖ਼ਤਮ ਕਰਨ ਦੇ ਦਾਅਵੇ ਕਰਕੇ ਸਿਆਸੀ ਡਰਾਮੇਬਾਜ਼ੀ ਕੀਤੀ। ਅਸੀਂ ਗੁਟਕਾ ਸਾਹਿਬ ਦੀ ਝੂਠੀ ਸਹੁੰ ਵੀ ਨਹੀਂ ਖਾਧੀ। ਸਾਡੀ ਪਹੁੰਚ ਲਗਾਤਾਰ ਜ਼ਮੀਨੀ ਪੱਧਰ ’ਤੇ ਕੰਮ ਕਰਕੇ ਠੋਸ ਨਤੀਜੇ ਦੇਣ ਦੀ ਰਹੀ ਹੈ।

ਉਨ੍ਹਾਂ ਕਿਹਾ ਕਿ ‘ਯੁੱਧ ਨਸ਼ਿਆਂ ਵਿਰੁੱਧ’ ਮੁਹਿੰਮ ਪਿਛਲੇ ਲਗਭਗ ਡੇਢ-ਦੋ ਸਾਲਾਂ ਤੋਂ ਚੱਲ ਰਹੀ ਹੈ ਅਤੇ ਇਸ ਦੇ ਸਾਰਥਕ ਨਤੀਜੇ ਸਾਹਮਣੇ ਆ ਰਹੇ ਹਨ। ਹਜ਼ਾਰਾਂ ਨਸ਼ਾ ਤਸਕਰਾਂ ਨੂੰ ਗ੍ਰਿਫ਼ਤਾਰ ਕੀਤਾ ਗਿਆ ਹੈ ਅਤੇ ਨਸ਼ਿਆਂ ਦੀ ਅਲਾਮਤ ਤੋਂ ਪੀੜਤ ਲੋਕਾਂ ਨੂੰ ਨਸ਼ਾ ਛੁਡਾਊ ਕੇਂਦਰਾਂ ਵਿੱਚ ਭੇਜਿਆ ਗਿਆ ਹੈ। ਇਸ ਤੋਂ ਇਲਾਵਾ ਨਸ਼ਾ ਤਸਕਰੀ ਰਾਹੀਂ ਹਾਸਲ ਕੀਤੀਆਂ ਜਾਇਦਾਦਾਂ ਵੀ ਢਾਹੀਆਂ ਜਾ ਰਹੀਆਂ ਹਨ। ਉਨ੍ਹਾਂ ਕਿਹਾ ਕਿ ਨਸ਼ਿਆਂ ਦੇ ਨੈੱਟਵਰਕ ਨੂੰ ਤੋੜਨ ਲਈ ਅਜਿਹੀ ਨਿਰੰਤਰ ਅਤੇ ਸਖ਼ਤ ਕਾਰਵਾਈ ਜ਼ਰੂਰੀ ਹੈ। ਭਗਵੰਤ ਮਾਨ ਸਰਕਾਰ ਦੇ ਪ੍ਰਸ਼ਾਸਨਿਕ ਏਜੰਡੇ ਦਾ ਜ਼ਿਕਰ ਕਰਦਿਆਂ ਕੈਬਨਿਟ ਮੰਤਰੀ ਬਰਿੰਦਰ ਕੁਮਾਰ ਗੋਇਲ ਨੇ ਕਿਹਾ, ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਨੇ ਸੱਤਾ ਵਿੱਚ ਆਉਣ ਤੋਂ ਪਹਿਲਾਂ ਲੋਕਾਂ ਨਾਲ ਕੀਤੇ ਵਾਅਦੇ ਪੂਰੇ ਕੀਤੇ ਹਨ। ਅਸੀਂ ਠੋਸ ਕਾਰਵਾਈ ਅਤੇ ਜ਼ਿੰਮੇਵਾਰ ਪ੍ਰਸ਼ਾਸਨ ਰਾਹੀਂ ਲੋਕਾਂ ਨਾਲ ਕੀਤੇ ਵਾਅਦਿਆਂ ਨੂੰ ਪੂਰਾ ਕਰਨ ਲਈ ਵਚਨਬੱਧ ਹਾਂ।”

ਉਨ੍ਹਾਂ ਕਿਹਾ, ਅਸੀਂ ਲੋਕਾਂ ਨਾਲ ਕੀਤਾ ਹਰ ਵਾਅਦਾ ਪੂਰਾ ਕੀਤਾ ਹੈ। ਨਸ਼ਿਆਂ ਦੇ ਨੈੱਟਵਰਕ ਦਾ ਸਫ਼ਾਇਆ ਕਰਨ ਅਤੇ ਵਾਤਾਵਰਣ ਦੀ ਸੰਭਾਲ ਸਬੰਧੀ ਨੀਤੀਆਂ ਨੂੰ ਪ੍ਰਭਾਵੀ ਢੰਗ ਨਾਲ ਲਾਗੂ ਕਰਕੇ ਅਸੀਂ ਪੰਜਾਬ ਦੇ ਨੌਜਵਾਨਾਂ ਦੇ ਭਵਿੱਖ ਨੂੰ ਸੁਰੱਖਿਅਤ ਕਰਨ ਦੇ ਨਾਲ-ਨਾਲ ਧਰਤੀ ਹੇਠਲੇ ਸਾਡੇ ਕੀਮਤੀ ਪਾਣੀ ਦੇ ਭੰਡਾਰਾਂ ਦੀ ਰਾਖੀ ਵੀ ਕਰ ਰਹੇ ਹਾਂ।”

ਸੂਬੇ ਦੇ ਵਡੇਰੇ ਹਿੱਤਾਂ ਪ੍ਰਤੀ ਸਰਕਾਰ ਦੀ ਵਚਨਬੱਧਤਾ ਦੁਹਰਾਉਂਦਿਆਂ ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਨਸ਼ਿਆਂ ਵਿਰੁੱਧ ਕਾਰਵਾਈ ਹੋਰ ਤੇਜ਼ ਕਰਦੀ ਰਹੇਗੀ ਅਤੇ ਇਸ ਦੇ ਨਾਲ ਲੋਕ ਭਲਾਈ, ਵਾਤਾਵਰਣ ਦੀ ਸੰਭਾਲ ਅਤੇ ਨਾਗਰਿਕਾਂ ਦੀ ਭਲਾਈ ਨੂੰ ਤਰਜੀਹ ਦਿੱਤੀ ਜਾਵੇਗੀ। ਉਨ੍ਹਾਂ ਕਿਹਾ, ਸਾਡਾ ਸੁਪਨਾ ਖੁਸ਼ਹਾਲ, ਸਿਹਤਮੰਦ ਅਤੇ ਨਸ਼ਾ ਮੁਕਤ ਪੰਜਾਬ ਬਣਾਉਣਾ ਹੈ। ਅਸੀਂ ਆਪਣੇ ਨੌਜਵਾਨੀ ਦੀ ਰਾਖੀ , ਨਸ਼ਾ ਤਸਕਰੀ ਨੈੱਟਵਰਕ ਨੂੰ ਤੋੜਨ ਅਤੇ ਸੂਬੇ ਦੇ ਹਰ ਨਾਗਰਿਕ ਲਈ ਸੁਰੱਖਿਅਤ ਭਵਿੱਖ ਯਕੀਨੀ ਬਣਾਉਣ ਲਈ ਲਗਾਤਾਰ ਯਤਨ ਕਰਦੇ ਰਹਾਂਗੇ।”

## ਕੱਬ-ਬੁਲਬੁਲ ਕੈਂਪ ਰਾਹੀਂ ਬੱਚਿਆਂ ਨੂੰ ਅਨੁਸ਼ਾਸਨ, ਸੇਵਾ ਅਤੇ ਸਹਿਯੋਗ ਦਾ ਪਾਠ ਪੜ੍ਹਾਇਆ



**ਜੈਤੋਂ, 23 ਅਕਤੂਬਰ**
**-ਮਨਜੀਤ ਸਿੰਘ ਢੱਲਾ-**
**-ਸ਼ਹੀਦ-ਏ-ਆਜ਼ਮ-ਬਿਊਰੋ-**

ਪ੍ਰਾਇਮਰੀ ਪੱਧਰ ਦੇ ਬੱਚਿਆਂ ਵਿੱਚ ਅਨੁਸ਼ਾਸਨ, ਆਤਮ-ਵਿਸ਼ਵਾਸ, ਸਹਿਯੋਗ ਅਤੇ ਸੇਵਾ ਭਾਵਨਾ ਦੇ ਗੁਣ ਵਿਕਸਿਤ ਕਰਨ ਦੇ ਉਦੇਸ਼ ਨਾਲ ਭਾਰਤ ਸਕਾਊਟਸ ਐਂਡ ਗਾਈਡਜ਼ ਦੇ ਕੱਬ-ਬੁਲਬੁਲ ਸੈਕਸ਼ਨ ਦਾ ਤੀਜੇ ਚਰਨ ਦਾ ਕੈਂਪ ਸੈਂਟਰ ਜੈਤੋ ਵਿਖੇ ਸ਼ੁਰੂ ਹੋ ਗਿਆ ਹੈ। ਕੈਂਪ ਦੌਰਾਨ ਬੱਚਿਆਂ ਨੂੰ ਖੇਡਾਂ ਅਤੇ ਰੌਚਕ ਗਤੀਵਿਧੀਆਂ ਰਾਹੀਂ ਜੀਵਨ ਦੀਆਂ ਨੈਤਿਕ ਕਦਰਾਂ-ਕੀਮਤਾਂ ਨਾਲ ਜੋੜਿਆ ਜਾ ਰਿਹਾ ਹੈ। ਕੈਂਪ ਵਿੱਚ ਬੱਚਿਆਂ ਨੂੰ ਪਰਮ ਸਨਮਾਨ, ਭਾਲੂ ਦੀ ਖੇਡ, ਸਕਾਊਟਿੰਗ ਦੇ ਨਿਯਮ, ਬੁਲਬੁਲ ਗਰੀਟਿੰਗ ਅਤੇ ਪ੍ਰਾਰਥਨਾ ਵਰਗੀਆਂ ਗਤੀਵਿਧੀਆਂ ਕਰਵਾਈਆਂ ਗਈਆਂ। ਇਨ੍ਹਾਂ ਰਾਹੀਂ ਬੱਚਿਆਂ ਨੂੰ ਸਤਿਕਾਰ, ਅਨੁਸ਼ਾਸਨ, ਆਪਸੀ ਸਾਂਝ ਅਤੇ ਮਿਲਜੁਲ ਕੇ ਕੰਮ ਕਰਨ ਦੀ ਸਿੱਖਿਆ ਦਿੱਤੀ ਗਈ। ਕੈਂਪ ਦੌਰਾਨ ਸਕਾਊਟਿੰਗ ਦੀ ਮਹੱਤਤਾ ਉਜਾਗਰ ਕਰਦਿਆਂ ਦੱਸਿਆ ਗਿਆ ਕਿ ਅਜਿਹੀਆਂ ਗਤੀਵਿਧੀਆਂ ਬੱਚਿਆਂ ਦੇ ਸਰਵਪੱਖੀ ਵਿਕਾਸ ਵਿੱਚ ਅਹਿਮ ਭੂਮਿਕਾ ਨਿਭਾਉਂਦੀਆਂ ਹਨ। ਇਨ੍ਹਾਂ ਨਾਲ ਬੱਚਿਆਂ ਵਿੱਚ ਆਤਮ-ਨਿਰਭਰਤਾ, ਸਵੈ-ਅਨੁਸ਼ਾਸਨ, ਕੁਦਰਤ ਪ੍ਰਤੀ ਪਿਆਰ ਅਤੇ ਸਮਾਜ ਸੇਵਾ ਦੀ ਭਾਵਨਾ ਵਿਕਸਿਤ ਹੁੰਦੀ ਹੈ। ਇਸ ਮੌਕੇ ਫਲਾਕ ਲੀਡਰ ਰਾਜਬੀਰ ਕੌਰ, ਕੱਬ ਮਾਸਟਰ ਕਰਨਵੀਰ ਸਿੰਘ, ਰਾਕੇਸ਼ ਕੁਮਾਰ, ਰਣਜੀਤ ਸਿੰਘ, ਅਧਿਆਪਕਾ ਜਸਬੀਰ ਕੌਰ, ਗੀਤੂ ਗਰਗ, ਨੀਟਾ, ਰਾਮ ਗੋਪਾਲ ਅਤੇ ਮੁੱਖ ਅਧਿਆਪਕ ਚਰਨਜੀਤ ਸਿੰਘ ਹਾਜ਼ਰ ਸਨ।

# ਪੰਜਾਬ ਵਿਧਾਨ ਸਭਾ ਨੇ ਵਿਦਿਆਰਥੀਆਂ ਲਈ ਖੋਲ੍ਹੇ ਦਰਵਾਜ਼ੇ; ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਉਨ੍ਹਾਂ ਨੂੰ ਵੱਡੇ ਸੁਪਨੇ ਦੇਖਣ ਲਈ ਕੀਤਾ ਉਤਸ਼ਾਹਿਤ

➢ ਨੌਜਵਾਨ ਪੰਜਾਬ ਦੀ ਸਭ ਤੋਂ ਵੱਡੀ ਤਾਕਤ, ਅਸੀਂ ਉਨ੍ਹਾਂ ਨੂੰ ਪੰਜਾਬ ਦਾ ਭਵਿੱਖ ਰੌਸ਼ਨ ਬਣਾਉਣ ਦੇ ਮੌਕੇ ਦੇ ਰਹੇ ਹਾਂ
➢ ਪੰਜਾਬ ਸਰਕਾਰ ਵੱਲੋਂ ਯੋਗਤਾ ਦੇ ਆਧਾਰ ‘ਤੇ ਨੌਕਰੀਆਂ ਦਿੱਤੀਆਂ ਜਾਂਦੀਆਂ ਹਨ, ਨਾ ਕਿ ਪਹੁੰਚ ਜਾਂ ਸਿਫ਼ਾਰਸ਼ਾਂ ਦੇ ਆਧਾਰ ’ਤੇ ➢ ਸਹੀ ਸਮੇਂ ਦੀ ਉਡੀਕ ਛੱਡੋ, ਅੱਜ ਹੀ ਆਪਣੇ ਸੁਪਨਿਆਂ ਨੂੰ ਪੂਰਾ ਕਰਨ ਲਈ ਮਿਹਨਤ ਸ਼ੁਰੂ ਕਰੋ

**ਚੰਡੀਗੜ੍ਹ 23 ਅਕਤੂਬਰ**
**-ਛਤਰਪਾਲ ਸਿੰਘ-**

ਪੰਜਾਬ ਵਿਧਾਨ ਸਭਾ ਨੇ ਅੱਜ ਵਿਦਿਆਰਥੀਆਂ ਲਈ ਆਪਣੇ ਦਰਵਾਜ਼ੇ ਖੋਲ੍ਹ ਦਿੱਤੇ, ਜਿਸ ਨਾਲ ਨੌਜਵਾਨਾਂ ਨੂੰ ਇਹ ਜਾਣਨ ਦਾ ਮੌਕਾ ਮਿਲੇਗਾ ਕਿ ਕਾਨੂੰਨ ਕਿਸ ਤਰ੍ਹਾਂ ਬਣਦੇ ਹਨ, ਬਜਟ ਕਿਵੇਂ ਪਾਸ ਹੁੰਦੇ ਹਨ ਅਤੇ ਚੁਣੇ ਹੋਏ ਨੁਮਾਇੰਦਿਆਂ ਨੂੰ ਕਿਵੇਂ ਜਵਾਬਦੇਹ ਬਣਾਇਆ ਜਾਂਦਾ ਹੈ। ਫਰੀਦਕੋਟ ਦੇ ਗੁਰੂ ਗੋਬਿੰਦ ਸਿੰਘ ਇੰਟਰਨੈਸ਼ਨਲ ਸਕੂਲ ਦੇ ਵਿਦਿਆਰਥੀਆਂ ਨਾਲ ਗੱਲਬਾਤ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਉਨ੍ਹਾਂ ਨੂੰ ਵੱਡੇ ਸੁਪਨੇ ਦੇਖਣ ਅਤੇ ਇਮਾਨਦਾਰੀ ਤੇ ਸਖ਼ਤ ਮਿਹਨਤ ਰਾਹੀਂ ਆਪਣੇ ਟੀਚਿਆਂ ਨੂੰ ਹਾਸਲ ਕਰਨ ਲਈ ਪ੍ਰੇਰਿਤ ਕੀਤਾ। ਉਨ੍ਹਾਂ ਕਿਹਾ ਕਿ ਭਵਿੱਖ ਦਾ ਫੈਸਲਾ ਹੁਨਰ ਅਤੇ ਯੋਗਤਾ ਦੇ ਆਧਾਰ ’ਤੇ ਹੋਣਾ ਚਾਹੀਦਾ ਹੈ, ਨਾ ਕਿ ਪਹੁੰਚ ਜਾਂ ਸਿਫ਼ਾਰਸ਼ਾਂ ਦੇ ਆਧਾਰ ’ਤੇ। ਉਨ੍ਹਾਂ ਨੇ ਯੋਗਤਾ-ਆਧਾਰਿਤ ਭਰਤੀ ਪ੍ਰਤੀ ਸਰਕਾਰ ਦੀ ਵਚਨਬੱਧਤਾ ਅਤੇ ‘ਮੁੱਖ ਮੰਤਰੀ ਸਿਹਤ ਯੋਜਨਾ’ ਤਹਿਤ ਯੋਗ ਪਰਿਵਾਰਾਂ ਨੂੰ 10 ਲੱਖ ਰੁਪਏ ਤੱਕ ਦਾ ਸਿਹਤ ਬੀਮਾ ਕਵਰ ਪ੍ਰਦਾਨ ਕਰਨ ਬਾਰੇ ਵੀ ਚਾਨਣਾ ਪਾਇਆ। ਪੰਜਾਬ ਵਿਧਾਨ ਸਭਾ ਵਿਖੇ ਫਰੀਦਕੋਟ ਦੇ ਗੁਰੂ ਗੋਬਿੰਦ ਸਿੰਘ ਇੰਟਰਨੈਸ਼ਨਲ ਸਕੂਲ ਦੇ ਵਿਦਿਆਰਥੀਆਂ ਨਾਲ ਗੱਲਬਾਤ ਕਰਦਿਆਂ ਮੁੱਖ ਮੰਤਰੀ



ਭਗਵੰਤ ਸਿੰਘ ਮਾਨ ਨੇ ਕਿਹਾ, ਨੌਜਵਾਨ ਪੰਜਾਬ ਦੀ ਸਭ ਤੋਂ ਵੱਡੀ ਤਾਕਤ ਹਨ। ਉਨ੍ਹਾਂ ਨੂੰ ਪ੍ਰੇਰਨਾ, ਮੌਕੇ ਅਤੇ ਅਗਾਂਹਵਧੂ ਮਾਹੌਲ ਪ੍ਰਦਾਨ ਕਰਨਾ ਪੰਜਾਬ ਦੇ ਰੌਸ਼ਨ ਭਵਿੱਖ ਦੇ ਨਿਰਮਾਣ ਲਈ ਬੇਹੱਦ ਜ਼ਰੂਰੀ ਹੈ। ਕਦੇ ਵੀ ਅਸਥਾਈ ਰੁਕਾਵਟਾਂ ਨੂੰ ਆਪਣੇ ਇਰਾਦੇ ਕਮਜ਼ੋਰ ਨਾ ਕਰਨ ਦਿਓ। ਸਫਲਤਾ ਦਾ ਅਸਲ ਪੈਮਾਨਾ ਇਹ ਨਹੀਂ ਹੈ ਕਿ ਤੁਸੀਂ ਕਿੱਥੋਂ ਆਏ ਹੋ, ਸਗੋਂ ਇਹ ਹੈ ਕਿ ਤੁਸੀਂ ਕਿੰਨੀ ਇਮਾਨਦਾਰੀ, ਸਖ਼ਤ ਮਿਹਨਤ ਅਤੇ ਦ੍ਰਿੜਤਾ ਨਾਲ ਆਪਣੇ ਟੀਚਿਆਂ ਦਾ ਪਿੱਛਾ ਕਰਦੇ ਹੋ।

ਆਪਣੇ ਨਿੱਜੀ ਜੀਵਨ ਦੇ ਤਜਰਬੇ ਸਾਂਝੇ ਕਰਦਿਆਂ ਮੁੱਖ ਮੰਤਰੀ ਨੇ ਸਿਵਲ ਸੇਵਾਵਾਂ ਵਿੱਚ ਜਾਣ, ਵਕੀਲ, ਡਾਕਟਰ ਬਣਨ ਦੇ ਇੱਛੁਕ ਵਿਦਿਆਰਥੀਆਂ ਨੂੰ ਸਹੀ ਸਮੇਂ ਦੀ ਉਡੀਕ ਕਰਨ ਦੀ ਬਜਾਏ ਅੱਜ ਹੀ ਮਿਹਨਤ ਸ਼ੁਰੂ ਕਰਨ ਲਈ ਉਤਸ਼ਾਹਿਤ ਕੀਤਾ।

ਸਾਬਕਾ ਰਾਸ਼ਟਰਪਤੀ ਡਾ. ਏ.ਪੀ.ਜੇ. ਅਬਦੁਲ ਕਲਾਮ ਦੇ ਕਥਨ ਦਾ ਹਵਾਲਾ ਦਿੰਦੇ ਹੋਏ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਵਿਦਿਆਰਥੀਆਂ ਨੂੰ ਯਾਦ ਦਿਵਾਇਆ, ਅਸਲ ਸੁਪਨੇ ਉਹ ਹੁੰਦੇ ਹਨ ਜੋ ਇਨਸਾਨ ਨੂੰ ਉਦੋਂ ਵੀ ਕੋਸ਼ਿਸ਼ ਕਰਦੇ ਰਹਿਣ ਲਈ ਪ੍ਰੇਰਿਤ ਕਰਦੇ ਹਨ ਜਦੋਂ ਦੁਨੀਆ ਸੌਂ ਰਹੀ ਹੁੰਦੀ ਹੈ। ਇਮਤਿਹਾਨਾਂ ਦੇ ਨਤੀਜਿਆਂ ਜਾਂ ਸ਼ੁਰੂਆਤੀ ਅਸਫਲਤਾਵਾਂ ਤੋਂ ਨਿਰਾਸ਼ ਨਾ ਹੋਵੋ। ਮੈਂ ਖੁਦ ਆਪਣੀ ਪਹਿਲੀ ਚੋਣ ਹਾਰ ਗਿਆ ਸੀ, ਪਰ ਮੈਂ ਦ੍ਰਿੜ ਇਰਾਦੇ ਨਾਲ ਕੰਮ ਕਰਨਾ ਜਾਰੀ ਰੱਖਿਆ। ਰੁਕਾਵਟਾਂ ਸਫ਼ਰ ਦਾ ਅੰਤ ਨਹੀਂ ਹੁੰਦੀਆਂ; ਸਗੋਂ ਇਹ ਸਿੱਖਣ, ਸੁਧਾਰ ਕਰਨ ਅਤੇ ਹੋਰ ਮਜ਼ਬੂਤ ਹੋ ਕੇ ਵਾਪਸੀ ਕਰਨ ਦੇ ਮੌਕੇ ਹੁੰਦੇ ਹਨ।

ਪੰਜਾਬ ਵਿਧਾਨ ਸਭਾ ਦੀ ਮਹੱਤਤਾ ਬਾਰੇ ਦੱਸਦਿਆਂ ਮੁੱਖ ਮੰਤਰੀ ਨੇ ਵਿਦਿਆਰਥੀਆਂ ਨੂੰ ਸੂਬੇ ਦੀ ਸਭ ਤੋਂ ਉੱਚੀ ਵਿਧਾਨਕ ਸੰਸਥਾ ਦੇ ਕੰਮਕਾਜ ਤੋਂ ਜਾਣੂ ਕਰਵਾਇਆ। ਉਨ੍ਹਾਂ ਦੱਸਿਆ, ਵਿਧਾਨ ਸਭਾ ਵਿੱਚ ਬਿੱਲ ਪੇਸ਼ ਕੀਤੇ ਜਾਂਦੇ ਹਨ, ਉਨ੍ਹਾਂ ’ਤੇ ਬਹਿਸ ਹੁੰਦੀ ਹੈ ਅਤੇ ਉਨ੍ਹਾਂ ਨੂੰ ਕਾਨੂੰਨ ਵਜੋਂ ਪਾਸ ਕੀਤਾ ਜਾਂਦਾ ਹੈ; ਇੱਥੋਂ ਹੀ ਸੂਬੇ ਦਾ ਬਜਟ ਵੀ ਮਨਜ਼ੂਰ ਹੁੰਦਾ ਹੈ। ਵਿਧਾਨ ਸਭਾ ਵਰਗੀਆਂ ਸੰਸਥਾਵਾਂ ਲੋਕਾਂ ਦੀਆਂ ਹਨ। ਨੌਜਵਾਨ ਨਾਗਰਿਕਾਂ ਨੂੰ ਇਹ ਸਮਝਣਾ ਚਾਹੀਦਾ ਹੈ ਕਿ ਲੋਕਤੰਤਰ ਕਿਵੇਂ ਕੰਮ ਕਰਦਾ ਹੈ, ਉਨ੍ਹਾਂ ਦੇ ਜੀਵਨ ਨੂੰ ਪ੍ਰਭਾਵਿਤ ਕਰਨ ਵਾਲੇ ਫੈਸਲੇ ਕਿਵੇਂ ਲਏ ਜਾਂਦੇ ਹਨ ਅਤੇ ਲੋਕ ਦੇ ਨੁਮਾਇੰਦੇ ਜਨਤਾ ਪ੍ਰਤੀ ਕਿਵੇਂ ਜਵਾਬਦੇਹ ਹੁੰਦੇ ਹਨ। ਬਚਪਨ ਤੋਂ ਹੀ ਸੰਸਦੀ ਕਾਰਵਾਈਆਂ ਵਿੱਚ ਆਪਣੀ ਦਿਲਚਸਪੀ ਨੂੰ ਯਾਦ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਦੱਸਿਆ ਕਿ ਕਿਵੇਂ ਉਨ੍ਹਾਂ ਨੇ ਸੰਸਦ ਮੈਂਬਰ ਵਜੋਂ ਆਪਣੇ ਕਾਰਜਕਾਲ ਦੌਰਾਨ ਵਿਦਿਆਰਥੀਆਂ ਨੂੰ ਸੰਸਦ ਵਿੱਚ ਸੱਦਾ ਦਿੱਤਾ ਸੀ ਤਾਂ ਜੋ ਉਹ ਲੋਕਤੰਤਰੀ ਇਕਾਈਆਂ ਦੇ ਕੰਮਕਾਜ ਨੂੰ ਨੇੜਿਓਂ ਦੇਖ ਸਕਣ।

ਮੁੱਖ ਮੰਤਰੀ ਨੇ ਕਿਹਾ, ਮੇਰੀ ਸਰਕਾਰ ਅਜਿਹਾ ਪੰਜਾਬ ਸਿਰਜਣ ਲਈ ਵਚਨਬੱਧ ਹੈ ਜਿੱਥੇ ਨੌਜਵਾਨ ਸਿਫ਼ਾਰਸ਼ਾਂ ਜਾਂ ਰਸੂਖ ਦੀ ਬਜਾਏ, ਆਪਣੀ ਹੁਨਰ ਅਤੇ ਸਖ਼ਤ ਮਿਹਨਤ ਦੇ ਜ਼ਰੀਏ ਆਪਣੇ ਸੁਪਨਿਆਂ ਨੂੰ ਸਾਕਾਰ ਕਰ ਸਕਣ। ਸਰਕਾਰੀ ਭਰਤੀ ਪ੍ਰਕਿਰਿਆ ਵਿੱਚ ਆਏ ਬਦਲਾਅ ’ਤੇ ਜ਼ੋਰ ਦਿੰਦਿਆਂ ਉਨ੍ਹਾਂ ਕਿਹਾ, ਪੰਜਾਬ ਵਿੱਚ ਸਰਕਾਰੀ ਨੌਕਰੀਆਂ ਹੁਣ ਯੋਗਤਾ ਦੇ ਆਧਾਰ ’ਤੇ ਦਿੱਤੀਆਂ ਜਾ ਰਹੀਆਂ ਹਨ, ਜਿਸ ਨਾਲ ਯੋਗ ਉਮੀਦਵਾਰਾਂ ਨੂੰ ਸੂਬੇ ਦੀ ਸੇਵਾ ਕਰਨ ਦਾ ਬਰਾਬਰ ਮੌਕਾ ਮਿਲ ਰਿਹਾ ਹੈ। ਹਰ ਨੌਜਵਾਨ ਨੂੰ ਭਾਵੇਂ ਉਸਦਾ ਪਿਛੋਕੜ ਕੋਈ ਵੀ ਹੋਵੇ, ਇਹ ਭਰੋਸਾ ਹੋਣਾ ਚਾਹੀਦਾ ਹੈ ਕਿ ਲਗਨ, ਯੋਗਤਾ ਅਤੇ ਦ੍ਰਿੜਤਾ ਬਿਹਤਰ ਭਵਿੱਖ ਦੇ ਰਾਹ ਖੋਲ੍ਹ ਸਕਦੇ ਹਨ।

ਜਨਤਕ ਭਲਾਈ ਪ੍ਰਤੀ ਆਪਣੀ ਸਰਕਾਰ ਦੀ ਵਚਨਬੱਧਤਾ ਨੂੰ ਉਜਾਗਰ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਵਿਦਿਆਰਥੀਆਂ ਨੂੰ ‘ਮੁੱਖ ਮੰਤਰੀ ਸਿਹਤ ਬੀਮਾ ਯੋਜਨਾ’ ਬਾਰੇ ਦੱਸਿਆ, ਜਿਸ ਤਹਿਤ ਯੋਗ ਪਰਿਵਾਰਾਂ ਨੂੰ 10 ਲੱਖ ਰੁਪਏ ਤੱਕ ਦਾ ਸਿਹਤ ਬੀਮਾ ਕਵਰ ਦਿੱਤਾ ਜਾ ਰਿਹਾ ਹੈ। ਉਨ੍ਹਾਂ ਕਿਹਾ, ਸਿਹਤ ਸੰਭਾਲ ਤੱਕ ਬਿਹਤਰ ਪਹੁੰਚ ਪ੍ਰਦਾਨ ਕਰਨਾ ਇਹ ਯਕੀਨੀ ਬਣਾਉਣ ਦਾ ਇੱਕ ਅਹਿਮ ਹਿੱਸਾ ਹੈ ਕਿ ਪਰਿਵਾਰਾਂ ਨੂੰ ਆਰਥਿਕ ਤੰਗੀ ਕਾਰਨ ਇਲਾਜ ਨਾਲ ਸਮਝੌਤਾ ਕਰਨ ਲਈ ਮਜਬੂਰ ਨਾ ਹੋਣਾ ਪਵੇ। ਮੁੱਖ ਮੰਤਰੀ ਨੇ ਕਿ ਉਨ੍ਹਾਂ ਦੀ ਸਰਕਾਰ ਜ਼ਰੂਰੀ ਸੇਵਾਵਾਂ ਨੂੰ ਵਧੇਰੇ ਪਹੁੰਚਯੋਗ ਬਣਾਉਣ ਅਤੇ ਸੂਬੇ ਦੇ ਲੋਕਾਂ ਦੇ ਜੀਵਨ ਪੱਧਰ ਨੂੰ ਬਿਹਤਰ ਬਣਾਉਣ ਲਈ ਕੰਮ ਕਰ ਰਹੀ ਹੈ।

ਵਿਦਿਆਰਥੀਆਂ ਨੂੰ ਸਪੱਸ਼ਟ ਟੀਚੇ ਨਿਰਧਾਰਤ ਕਰਨ ਅਤੇ ਪੂਰੀ ਇਮਾਨਦਾਰੀ, ਅਨੁਸ਼ਾਸਨ ਅਤੇ ਸਮਰਪਣ ਨਾਲ ਉਨ੍ਹਾਂ ਦਾ ਪਿੱਛਾ ਕਰਨ ਲਈ ਪ੍ਰੇਰਿਤ ਕਰਦਿਆਂ, ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਸਫਲਤਾ ਉਨ੍ਹਾਂ ਨੂੰ ਮਿਲਦੀ ਹੈ ਜੋ ਆਪਣੀਆਂ ਜ਼ਿੰਮੇਵਾਰੀਆਂ ਪ੍ਰਤੀ ਇਮਾਨਦਾਰ ਰਹਿੰਦੇ ਹਨ ਅਤੇ ਰਸਤਾ ਔਖਾ ਹੋਣ ’ਤੇ ਵੀ ਸਖ਼ਤ ਮਿਹਨਤ ਕਰਦੇ ਰਹਿੰਦੇ ਹਨ। ਇਮਾਨਦਾਰੀ ਨਾਲ ਕੀਤੀ ਗਈ ਸਖ਼ਤ ਮਿਹਨਤ ਕਦੇ ਵੀ ਵਿਅਰਥ ਨਹੀਂ ਜਾਂਦੀ। ਵਿਦਿਆਰਥੀਆਂ ਨੂੰ ਬਿਨਾਂ ਡਰ ਦੇ ਸੁਪਨੇ ਦੇਖਣੇ ਚਾਹੀਦੇ ਹਨ, ਬਿਨਾਂ ਕਿਸੇ ਬਹਾਨੇ ਦੇ ਕੰਮ ਕਰਨਾ ਚਾਹੀਦਾ ਹੈ ਅਤੇ ਆਪਣੀਆਂ ਕਦਰਾਂ-ਕੀਮਤਾਂ ਨਾਲ ਸਮਝੌਤਾ ਕੀਤੇ ਬਿਨਾਂ ਸਫਲ ਹੋਣਾ ਚਾਹੀਦਾ ਹੈ।

ਇਸ ਮੌਕੇ ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਅਤੇ ਹੋਰ ਪਤਵੰਤੇ ਵੀ ਮੌਜੂਦ ਸਨ।

## ਫ਼ਿਰੌਤੀ ਅਤੇ ਹਮਲਿਆਂ ਨੂੰ ਲੈ ਕੇ ਅਮਰੀਕਾ ਸਥਿਤ ਗੈਂਗਸਟਰ ਸ਼ੱਕ ਦੇ ਘੇਰੇ ’ਚ

**ਨਵੀਂ ਦਿੱਲੀ, 23 ਅਕਤੂਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਅਮਰੀਕਾ ਤੋਂ ਆਪਣਾ ਗੈਂਗ ਚਲਾਉਣ ਵਾਲਾ ਗੈਂਗਸਟਰ ਅਨਿਲ ਪੰਡਿਤ ਬੌਲੀਵੁੱਡ ਅਦਾਕਾਰ ਟਾਈਗਰ ਸ਼ਰਾਫ਼ ਨਾਲ ਜੁੜੀ ਗੋਲੀਬਾਰੀ ਦੀ ਘਟਨਾ ’ਚ ਮੁੱਖ ਸ਼ੱਕੀ ਵਜੋਂ ਸਾਹਮਣੇ ਆਇਆ ਹੈ। ਪੁਲੀਸ ਮੁਤਾਬਿਕ ਉਸ ਦਾ ਨਾਂ ਹਰਿਆਣਾ ਅਤੇ ਦਿੱਲੀ ’ਚ ਫ਼ਿਰੌਤੀ ਅਤੇ ਟਾਰਗੈਟਿਡ ਹਮਲਿਆਂ ਦੇ ਇੱਕ ਦਰਜਨ ਤੋਂ ਵੱਧ ਮਾਮਲਿਆਂ ਨਾਲ ਜੁੜਿਆ ਹੋਇਆ ਹੈ।

ਦਿੱਲੀ ਪੁਲੀਸ ਵੱਖ-ਵੱਖ ਮਾਮਲਿਆਂ ਦੀ ਜਾਂਚ ਕਰ ਰਹੀ ਹੈ ਜਿਸ ’ਚ ਇੱਕ ਮਸ਼ਹੂਰ ਪੰਜਾਬੀ ਗਾਇਕ ਦੇ ਜਿੰਮ ਬਾਹਰ ਹੋਈ ਗੋਲੀਬਾਰੀ ਦੀ ਘਟਨਾ ਵੀ ਸ਼ਾਮਿਲ ਹੈ। ਹਰਿਆਣਾ ਦੇ ਪਾਣੀਪਤ ਜ਼ਿਲ੍ਹੇ ਦਾ ਰਹਿਣ ਵਾਲਾ ਪੰਡਿਤ ਅਮਰੀਕਾ ’ਚ ਬੈਠ ਕੇ ਭਾਰਤ ’ਚ ਆਪਣੇ ਸ਼ੂਟਰਾਂ ਨਾਲ ਤਾਲਮੇਲ ਰੱਖਦਾ ਹੈ। ਇਸ ਮਾਮਲੇ ’ਚ ਕੋਟਾ ਪੁਲੀਸ ਨੇ ਹਰਿਆਣਾ ਅਤੇ ਬਿਹਾਰ ਦੇ ਤਿੰਨ ਸ਼ੂਟਰਾਂ ਨੂੰ ਗ੍ਰਿਫ਼ਤਾਰ ਕੀਤਾ ਹੈ। ਦਿੱਲੀ ਪੁਲੀਸ ਦਾ ਸਪੈਸ਼ਲ ਸੈੱਲ ਵੀ ਸਰਗਰਮ ਸ਼ੂਟਰਾਂ ਦੇ ਵੇਰਵੇ ਇਕੱਠੇ ਕਰ ਰਿਹਾ ਹੈ ਅਤੇ ਇਸ ਮਾਮਲੇ ਦੀ ਜਾਂਚ ਲਈ ਲਗਭਗ 10 ਟੀਮਾਂ ਤਾਇਨਾਤ ਕੀਤੀਆਂ ਗਈਆਂ ਹਨ।

ਜਾਂਚਕਾਰਤਾ ਉਸ ਸੋਸ਼ਲ ਮੀਡੀਆ ਪੋਸਟ ਦੀ ਵੀ ਜਾਂਚ ਕਰ ਰਹੇ ਹਨ ਜਿਸ ’ਚ ਪੰਡਿਤ ਨੇ ਇਸ ਘਟਨਾ ਦੀ ਜ਼ਿੰਮੇਵਾਰੀ ਲੈਂਦਿਆਂ ਬੌਲੀਵੁੱਡ ਉਦਯੋਗ ਨੂੰ ਧਮਕੀ ਦਿੱਤੀ ਸੀ। ਇਸ ਤੋਂ ਪਹਿਲਾਂ ਗਾਇਕ ਗੁਰੂ ਰੰਧਾਵਾ ਦੇ ਜਿੰਮ ਬਾਹਰ ਹੋਈ ਗੋਲੀਬਾਰੀ ’ਚ ਵੀ ਉਸ ਦਾ ਨਾਂ ਆਇਆ ਸੀ। ਇਹ ਅਪਰਾਧਕ ਨੈੱਟਵਰਕ ਸ਼ੂਟਰਾਂ ਨਾਲ ਗੱਲਬਾਤ ਕਰਨ ਲਈ ਮੈਸੇਜਿੰਗ ਐਪਸ ਦੀ ਵਰਤੋਂ ਕਰਦਾ ਹੈ। ਪੁਲੀਸ ਹਥਿਆਰਾਂ ਦੇ ਸਰੋਤਾਂ ਅਤੇ ਵਿੱਤੀ ਮਦਦ ਦਾ ਪਤਾ ਲਗਾਉਣ ਲਈ ਤਿਹਾੜ ਅਤੇ ਮੰਡੋਲੀ ਜੇਲ੍ਹਾਂ ’ਚ ਬੰਦ ਸਾਥੀਆਂ ਤੋਂ ਵੀ ਪੁੱਛਗਿੱਛ ਕਰ ਸਕਦੀ ਹੈ। ਇਸ ਮਾਮਲੇ ’ਚ ਇੱਕ ਔਡੀਓ ਕਲਿੱਪ ਵੀ ਵਾਇਰਲ ਹੋਈ ਹੈ ਜਿਸ ’ਚ 32 ਸਾਲਾ ਪੰਡਿਤ ਇਹ ਕਹਿੰਦਾ ਸੁਣਿਆ ਜਾ ਸਕਦਾ ਹੈ ਕਿ ਟਾਈਗਰ ਸ਼ਰਾਫ਼ ਉੱਤੇ ਹਮਲਾ ਇਸ ਲਈ ਕੀਤਾ ਗਿਆ ਕਿਉਂਕਿ ਉਸ ਨੇ ਸੁਪਰ ਸਟਾਰ ਸਲਮਾਨ ਖ਼ਾਨ ਨਾਲ ਕੰਮ ਨਾ ਕਰਨ ਦੀ ਚਿਤਾਵਨੀ ਨੂੰ ਨਜ਼ਰਅੰਦਾਜ਼ ਕੀਤਾ ਸੀ। ਪੰਡਿਤ ਨੇ ਮੰਗ ਕੀਤੀ ਹੈ ਕਿ ਸਲਮਾਨ ਖ਼ਾਨ 1998 ’ਚ ਕਾਲੇ ਹਿਰਨ ਦੇ ਸ਼ਿਕਾਰ ਦੇ ਮਾਮਲੇ ’ਚ ਲੌਰੈਂਸ ਬਿਸ਼ਨੋਈ ਗੈਂਗ ਅਤੇ ਭਾਈਚਾਰੇ ਤੋਂ ਮੁਆਫ਼ੀ ਮੰਗੇ। ਉਸ ਨੇ ਧਮਕੀ ਦਿੱਤੀ ਹੈ ਕਿ ਜੇ ਮੁਆਫ਼ੀ ਨਾ ਮੰਗੀ ਗਈ ਤਾਂ ਸਟਾਰ ਦੇ ਕਰੀਬੀ ਹੋਰ ਲੋਕਾਂ ਨੂੰ ਵੀ ਨਿਸ਼ਾਨਾ ਬਣਾਇਆ ਜਾਵੇਗਾ।



# ਹਰਿਆਣਾ ਖ਼ਬਰਨਾਮਾ





## ਸੂਰਜਕੁੰਡ ਦੀਵਾਲੀ ਮੇਲੇ ਰਾਹੀਂ ਸਵਦੇਸ਼ੀ ਉਤਪਾਦਾਂ ਅਤੇ ਕਾਰੀਗਰਾਂ ਨੂੰ ਮਿਲ ਰਿਹਾ ਹੈ ਨਵਾਂ ਬਾਜ਼ਾਰ : ਮੁੱਖ ਮੰਤਰੀ ਨਾਇਬ ਸਿੰਘ ਸੈਣੀ

**ਚੰਡੀਗੜ੍ਹ 23 ਅਕਤੂਬਰ**
**-ਛਤਰਪਾਲ ਸਿੰਘ-**

ਹਰਿਆਣਾ ਦੇ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਸੂਰਜਕੁੰਡ ਦੀਵਾਲੀ ਮੇਲਾ ਆਤਮਨਿਰਭਰ ਭਾਰਤ ਅਤੇ ਸਵਦੇਸ਼ੀ ਦੇ ਸੰਕਲਪ ਨੂੰ ਸਾਕਾਰ ਕਰਨ ਵਾਲੇ ਮਿਹਨਤਕਸ਼ਾਂ, ਕਾਰੀਗਰਾਂ ਅਤੇ ਕਲਾਕਾਰਾਂ ਨੂੰ ਨਵਾਂ ਬਾਜ਼ਾਰ ਉਪਲਬਧ ਕਰਵਾਉਣ ਦਾ ਇੱਕ ਸਾਰਥਕ ਯਤਨ ਹੈ। ਇਸ ਮੇਲੇ ਦਾ ਉਦੇਸ਼ ਸਥਾਨਕ ਉਤਪਾਦਾਂ ਨੂੰ ਬਿਨਾਂ ਕਿਸੇ ਵਿਚੋਲੇ ਦੇ ਸਿੱਧੇ ਗਾਹਕਾਂ ਤੱਕ ਪਹੁੰਚਾਉਣਾ ਅਤੇ ਕਾਰੀਗਰਾਂ ਨੂੰ ਉਨ੍ਹਾਂ ਦੀ ਮਿਹਨਤ ਦਾ ਉਚਿਤ ਲਾਭ ਦਿਵਾਉਣਾ ਹੈ। ਉਨ੍ਹਾਂ ਕਿਹਾ ਕਿ ਜਦੋਂ ਸਥਾਨਕ ਉਤਪਾਦਾਂ 'ਤੇ ਲੋਕਾਂ ਦਾ ਭਰੋਸਾ ਵਧੇਗਾ, ਤਾਂ ਕਾਰੀਗਰਾਂ ਨੂੰ ਨਵੇਂ ਗਾਹਕ ਮਿਲਣਗੇ ਅਤੇ ਉਨ੍ਹਾਂ ਦੇ ਕੰਮ ਨੂੰ ਅੱਗੇ ਵਧਾਉਣ ਦਾ ਉਤਸ਼ਾਹ ਵੀ ਵਧੇਗਾ।

ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਸ਼ੁੱਕਰਵਾਰ ਨੂੰ ਫਰੀਦਾਬਾਦ ਸਥਿਤ ਸੂਰਜਕੁੰਡ ਵਿਖੇ ਦੀਵਾਲੀ ਮੇਲੇ ਦੇ ਉਦਘਾਟਨ ਮੌਕੇ ਹਾਜ਼ਰ ਲੋਕਾਂ ਨੂੰ ਸੰਬੋਧਿਤ ਕਰ ਰਹੇ ਸਨ। ਇਸ ਮੌਕੇ ਸੈਰ-ਸਪਾਟਾ ਅਤੇ ਵਿਰਾਸਤ ਮੰਤਰੀ ਡਾ. ਅਰਵਿੰਦ ਸ਼ਰਮਾ ਸਮੇਤ ਕਈ ਪਤਵੰਤੇ ਵਿਅਕਤੀ ਮੌਜੂਦ ਸਨ। ਸਮਾਰੋਹ ਵਿੱਚ ਕਲਾਕਾਰਾਂ ਨੇ ਰੰਗਾਰੰਗ ਸੱਭਿਆਚਾਰਕ ਪ੍ਰੋਗਰਾਮ ਪੇਸ਼ ਕੀਤੇ।

ਸ੍ਰੀ ਨਾਇਬ ਸਿੰਘ ਸੈਣੀ ਨੇ ਮੇਲੇ ਵਿੱਚ ਆਉਣ ਵਾਲੇ ਸਾਰੇ ਸੈਲਾਨੀਆਂ ਦਾ ਸਵਾਗਤ ਕਰਦਿਆਂ ਉਨ੍ਹਾਂ ਨੂੰ ਕਰਵਾ ਚੌਥ, ਅਹੋਈ ਅਸ਼ਟਮੀ, ਧਨਤੇਰਸ, ਦੀਵਾਲੀ, ਵਿਸ਼ਵਕਰਮਾ ਪੂਜਨ, ਗੋਵਰਧਨ ਪੂਜਨ, ਭਾਈ ਦੂਜ ਅਤੇ ਛਠ ਪੂਜਾ ਦੀਆਂ ਸ਼ੁਭਕਾਮਨਾਵਾਂ ਦਿੱਤੀਆਂ। ਉਨ੍ਹਾਂ ਕਿਹਾ ਕਿ 23 ਤੋਂ 26 ਅਕਤੂਬਰ ਤੱਕ ਆਯੋਜਿਤ ਇਹ ਮੇਲਾ ਭਾਰਤੀ ਹਸਤਸ਼ਿਲਪ, ਲੋਕ ਸੱਭਿਆਚਾਰ ਅਤੇ ਵੱਖ-ਵੱਖ ਖੇਤਰਾਂ ਦੇ ਖਾਣ-ਪੀਣ ਦੀ ਵਿਭਿੰਨਤਾ ਨੂੰ ਪ੍ਰਦਰਸ਼ਿਤ ਕਰੇਗਾ। ਇੱਥੇ ਆਉਣ ਵਾਲੇ ਪਰਿਵਾਰ ਦੇਸ਼ ਦੀਆਂ ਅਮੀਰ ਪਰੰਪਰਾਵਾਂ ਨੂੰ ਨੇੜਿਓਂ ਜਾਣ ਸਕਣਗੇ ਅਤੇ ਕਾਰੀਗਰਾਂ ਤੇ ਸ਼ਿਲਪਕਾਰਾਂ ਦੇ ਉਤਪਾਦ ਖਰੀਦਣ ਦਾ ਮੌਕਾ ਵੀ ਪ੍ਰਾਪਤ ਕਰਨਗੇ।

ਮੁੱਖ ਮੰਤਰੀ ਨੇ ਕਿਹਾ ਕਿ ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ ਨੇ ਸਾਲ 2047 ਤੱਕ ਵਿਕਸਿਤ ਭਾਰਤ ਦੇ ਨਿਰਮਾਣ ਦਾ ਟੀਚਾ ਰੱਖਿਆ ਹੈ। ਇਸ ਟੀਚੇ ਨੂੰ ਪ੍ਰਾਪਤ ਕਰਨ ਲਈ ਆਤਮਨਿਰਭਰਤਾ ਅਤੇ 'ਵੋਕਲ ਫਾਰ ਲੋਕਲ' ਨੂੰ ਜਨਭਾਗੀਦਾਰੀ ਨਾਲ ਜੋੜਨਾ ਜ਼ਰੂਰੀ ਹੈ। ਇਸ ਵਿੱਚ ਪਿੰਡਾਂ ਦੇ ਘੁਮਿਆਰਾਂ, ਬੁਣਕਰਾਂ, ਤਰਖਾਣਾਂ, ਛੋਟੇ ਦੁਕਾਨਦਾਰਾਂ ਅਤੇ ਮਹਿਲਾ ਉੱਦਮੀਆਂ ਦੀ ਅਹਿਮ ਭੂਮਿਕਾ ਹੈ। ਸੂਰਜਕੁੰਡ ਦਾ ਦੀਵਾਲੀ ਮੇਲਾ ਇਸ ਭਾਗੀਦਾਰੀ ਨੂੰ ਅੱਗੇ ਵਧਾਉਣ ਦਾ ਮੌਕਾ ਪ੍ਰਦਾਨ ਕਰਦਾ ਹੈ।

ਉਨ੍ਹਾਂ ਕਿਹਾ ਕਿ ਦੀਵਾਲੀ ਦੀ ਸਭ ਤੋਂ ਸੁੰਦਰ ਰੌਸ਼ਨੀ ਉਹ ਹੈ, ਜੋ ਸਾਡੇ ਘਰ ਦੇ ਨਾਲ-ਨਾਲ ਕਿਸੇ ਮਿਹਨਤਕਸ਼ ਪਰਿਵਾਰ ਦੇ ਘਰ ਨੂੰ ਵੀ ਰੌਸ਼ਨ ਕਰੇ। ਤਿਉਹਾਰਾਂ ਮੌਕੇ ਸਥਾਨਕ ਕਾਰੀਗਰਾਂ ਵੱਲੋਂ ਬਣਾਏ ਉਤਪਾਦ ਖਰੀਦਣ ਨਾਲ ਉਨ੍ਹਾਂ ਦੇ ਪਰਿਵਾਰਾਂ ਦੀ ਰੋਜ਼ੀ-ਰੋਟੀ ਨੂੰ ਸਹਾਰਾ ਮਿਲਦਾ ਹੈ। ਸਥਾਨਕ ਉਤਪਾਦਾਂ ਦੀ ਖਰੀਦਦਾਰੀ ਨਾਲ ਕਾਰੀਗਰਾਂ ਨੂੰ ਅਗਲਾ ਕੰਮ ਸ਼ੁਰੂ ਕਰਨ ਦੀ ਤਾਕਤ ਮਿਲਦੀ ਹੈ, ਕੱਚਾ ਮਾਲ ਖਰੀਦਣ ਵਿੱਚ ਮਦਦ ਮਿਲਦੀ ਹੈ ਅਤੇ ਉਨ੍ਹਾਂ ਨਾਲ ਕੰਮ ਕਰਨ ਵਾਲੇ ਹੋਰ ਲੋਕਾਂ ਲਈ ਵੀ ਰੁਜ਼ਗਾਰ ਦੇ ਮੌਕੇ ਪੈਦਾ ਹੁੰਦੇ ਹਨ। ਮੁੱਖ ਮੰਤਰੀ ਨੇ ਕਿਹਾ ਕਿ ਸਵਦੇਸ਼ੀ ਨੂੰ ਅਪਣਾਉਣ ਦਾ ਅਰਥ ਆਪਣੇ ਦੇਸ਼ ਦੀ ਪ੍ਰਤਿਭਾ 'ਤੇ ਵਿਸ਼ਵਾਸ ਕਰਨਾ ਅਤੇ ਉਸ ਨੂੰ ਅੱਗੇ ਵਧਣ ਦਾ ਮੌਕਾ ਦੇਣਾ ਹੈ। ਭਾਰਤ ਵਿੱਚ ਬਣੇ ਚੰਗੇ ਉਤਪਾਦਾਂ ਨੂੰ ਆਪਣੇ ਜੀਵਨ ਵਿੱਚ ਸਥਾਨ ਦੇ ਕੇ ਅਸੀਂ ਆਪਣੇ ਕਾਰੀਗਰਾਂ ਦੇ ਹੁਨਰ ਅਤੇ ਮਿਹਨਤ ਦਾ ਸਨਮਾਨ ਕਰ ਸਕਦੇ ਹਾਂ। ਘਰ ਦੀ ਸਜਾਵਟ, ਪਹਿਰਾਵੇ ਅਤੇ ਤਿਉਹਾਰਾਂ ਦੇ ਤੋਹਫ਼ਿਆਂ ਵਿੱਚ ਭਾਰਤੀ ਹਸਤਸ਼ਿਲਪ ਨੂੰ ਤਰਜੀਹ ਦੇਣ ਨਾਲ ਕਾਰੀਗਰਾਂ ਦਾ ਆਤਮਵਿਸ਼ਵਾਸ ਵਧੇਗਾ। ਅਤੇ ਉਹ ਆਪਣੇ ਉਤਪਾਦਾਂ ਨੂੰ ਹੋਰ ਬਿਹਤਰ ਬਣਾਉਣ ਲਈ ਪ੍ਰੇਰਿਤ ਹੋਣਗੇ।

ਮੁੱਖ ਮੰਤਰੀ ਨੇ ਕਿਹਾ ਕਿ ਸੂਬੇ ਦੇ ਸਾਰੇ ਜ਼ਿਲ੍ਹਾ ਹੈੱਡਕੁਆਰਟਰਾਂ 'ਤੇ ਸਾਂਝਾ ਬਾਜ਼ਾਰ ਸਥਾਪਿਤ ਕੀਤੇ ਜਾ ਰਹੇ ਹਨ। ਮਾਰਕੀਟਿੰਗ ਅਤੇ ਬ੍ਰਾਂਡਿੰਗ ਵਿੱਚ ਸਹਿਯੋਗ ਦੇਣ ਲਈ ਆਨਲਾਈਨ ਅਤੇ ਆਫਲਾਈਨ ਪਲੇਟਫਾਰਮ ਉਪਲਬਧ ਕਰਵਾਏ ਗਏ ਹਨ। ਹੁਣ ਤੱਕ ਸੂਬੇ ਵਿੱਚ 10 ਸਾਂਝਾ ਬਾਜ਼ਾਰ ਬਣਾਏ ਜਾ ਚੁੱਕੇ ਹਨ। ਇਸ ਦੇ ਨਾਲ ਹੀ ਹਰਿਆਣਾ ਰਾਜ ਗ੍ਰਾਮੀਣ ਆਜੀਵਿਕਾ ਮਿਸ਼ਨ ਤਹਿਤ 'ਸਵਾਪਨ ਡਿਜੀਟਲ ਗ੍ਰਾਮ ਬਾਜ਼ਾਰ ਪੋਰਟਲ' ਅਤੇ 'ਸਾਂਝਾ ਬਾਜ਼ਾਰ ਸੇਲਜ਼ ਪੋਰਟਲ' ਸ਼ੁਰੂ ਕੀਤੇ ਗਏ ਹਨ।

## ਚੰਡੀਗੜ੍ਹ-ਹਰਿਦੁਆਰ ਵਿਚਕਾਰ ਐਚਵੀਏਸੀ ਬੱਸ ਸੇਵਾ ਨਾਲ ਯਾਤਰੀਆਂ ਨੂੰ ਮਿਲੇਗੀ ਬਿਹਤਰ ਸਹੂਲਤ ਸ਼ੁਰੂ ਹੋਈ ਬੱਸ ਸੇਵਾ : ਟਰਾਂਸਪੋਰਟ ਮੰਤਰੀ ਅਨਿਲ ਵਿਜ

**ਚੰਡੀਗੜ੍ਹ 23 ਅਕਤੂਬਰ**
**-ਛਤਰਪਾਲ ਸਿੰਘ-**

ਹਰਿਆਣਾ ਦੇ ਟਰਾਂਸਪੋਰਟ ਮੰਤਰੀ ਸ੍ਰੀ ਅਨਿਲ ਵਿਜ ਨੇ ਕਿਹਾ ਕਿ ਸੂਬਾ ਸਰਕਾਰ ਯਾਤਰੀਆਂ ਨੂੰ ਸੁਚਾਰੂ, ਸੁਰੱਖਿਅਤ ਅਤੇ ਸੁਵਿਧਾਜਨਕ ਆਵਾਜਾਈ ਸੇਵਾਵਾਂ ਮੁਹੱਈਆ ਕਰਵਾਉਣ ਲਈ ਲਗਾਤਾਰ ਯਤਨਸ਼ੀਲ ਹੈ। ਇਸੇ ਦਿਸ਼ਾ ਵਿੱਚ ਚੰਡੀਗੜ੍ਹ ਅਤੇ ਹਰਿਦੁਆਰ ਵਿਚਕਾਰ ਐਚਵੀਏਸੀ (ਹੀਟਿੰਗ, ਵੈਂਟੀਲੇਸ਼ਨ ਅਤੇ ਏਅਰ ਕੰਡੀਸ਼ਨਿੰਗ) ਬੱਸ ਸੇਵਾ ਦੀ ਸ਼ੁਰੂਆਤ ਆਉਣ ਵਾਲੀ ਅੱਜਤੋਂ ਸ਼ੁਰੂ ਹੋ ਗਈ ਹੈ ਅਤੇ ਨਿਰਧਾਰਤ ਸਮਾਂ-ਸਾਰਣੀ ਯਾਤਰੀਆਂ ਲਈ ਲਾਹੇਵੰਦ ਸਾਬਤ ਹੋਵੇਗੀ। ਉਨ੍ਹਾਂ ਕਿਹਾ ਕਿ ਇਸ ਬੱਸ ਸੇਵਾ ਨਾਲ ਚੰਡੀਗੜ੍ਹ, ਅੰਬਾਲਾ, ਯਮੁਨਾਨਗਰ, ਸਹਾਰਨਪੁਰ, ਰੁੜਕੀ ਅਤੇ ਹਰਿਦੁਆਰ ਵਿਚਕਾਰ ਆਉਣ-ਜਾਣ ਵਾਲੇ ਯਾਤਰੀਆਂ ਨੂੰ ਸਹੂਲਤ ਮਿਲੇਗੀ।

ਟਰਾਂਸਪੋਰਟ ਮੰਤਰੀ ਨੇ ਕਿਹਾ ਕਿ ਬੱਸ ਸੇਵਾਵਾਂ ਦੀ ਸਮੇਂ-ਸਿਰ ਉਪਲਬਧਤਾ ਅਤੇ ਯਾਤਰੀਆਂ ਦੀ ਸਹੂਲਤ ਨੂੰ ਧਿਆਨ ਵਿੱਚ ਰੱਖਦਿਆਂ ਵੱਖ-ਵੱਖ ਸ਼ਹਿਰਾਂ ਤੋਂ ਬੱਸ ਦੇ ਰਵਾਨਾ ਹੋਣ ਅਤੇ ਮੰਜ਼ਿਲ 'ਤੇ ਪਹੁੰਚਣ ਦਾ ਸਮਾਂ ਨਿਰਧਾਰਤ ਕੀਤਾ ਗਿਆ ਹੈ। ਇਸ ਨਾਲ ਯਾਤਰੀਆਂ ਨੂੰ ਆਪਣੀ ਯਾਤਰਾ ਦੀ ਬਿਹਤਰ ਯੋਜਨਾ ਬਣਾਉਣ ਵਿੱਚ ਮਦਦ ਮਿਲੇਗੀ।



**ਚੰਡੀਗੜ੍ਹ ਤੋਂ ਹਰਿਦੁਆਰ ਲਈ ਬੱਸ ਦਾ ਸਮਾਂ**

ਨਿਰਧਾਰਤ ਸਮਾਂ-ਸਾਰਣੀ ਅਨੁਸਾਰ, ਚੰਡੀਗੜ੍ਹ ਤੋਂ ਹਰਿਦੁਆਰ ਜਾਣ ਵਾਲੀ ਬੱਸ ਚੰਡੀਗੜ੍ਹ ਤੋਂ ਸਵੇਰੇ 9.08 ਵਜੇ ਰਵਾਨਾ ਹੋਵੇਗੀ। ਇਸ ਤੋਂ ਬਾਅਦ ਬੱਸ ਅੰਬਾਲਾ ਤੋਂ ਸਵੇਰੇ 10.40 ਵਜੇ, ਯਮੁਨਾਨਗਰ ਤੋਂ ਦੁਪਹਿਰ 12.00 ਵਜੇ, ਸਹਾਰਨਪੁਰ ਤੋਂ ਦੁਪਹਿਰ 12.50 ਵਜੇ ਅਤੇ ਰੁੜਕੀ ਤੋਂ ਦੁਪਹਿਰ 1.55 ਵਜੇ ਰਵਾਨਾ ਹੋਵੇਗੀ। ਬੱਸ ਦੇ ਹਰਿਦੁਆਰ ਪਹੁੰਚਣ ਦਾ ਨਿਰਧਾਰਤ ਸਮਾਂ ਦੁਪਹਿਰ 2.40 ਵਜੇ ਹੈ।

**ਹਰਿਦੁਆਰ ਤੋਂ ਚੰਡੀਗੜ੍ਹ ਲਈ ਵਾਪਸੀ ਦਾ ਸਮਾਂ**

ਇਸੇ ਤਰ੍ਹਾਂ, ਵਾਪਸੀ ਵਿੱਚ ਹਰਿਦੁਆਰ ਤੋਂ ਚੰਡੀਗੜ੍ਹ ਜਾਣ ਵਾਲੀ ਬੱਸ ਹਰਿਦੁਆਰ ਤੋਂ ਦੁਪਹਿਰ 3.50 ਵਜੇ, ਰੁੜਕੀ ਤੋਂ ਸ਼ਾਮ 4.40 ਵਜੇ, ਸਹਾਰਨਪੁਰ ਤੋਂ ਸ਼ਾਮ 5.50 ਵਜੇ, ਯਮੁਨਾਨਗਰ ਤੋਂ ਸ਼ਾਮ 6.40 ਵਜੇ ਅਤੇ ਅੰਬਾਲਾ ਕੈਂਟ ਤੋਂ ਸ਼ਾਮ 7.50 ਵਜੇ ਰਵਾਨਾ ਹੋਵੇਗੀ। ਬੱਸ ਦੇ ਚੰਡੀਗੜ੍ਹ ਬੱਸ ਸਟੈਂਡ ਪਹੁੰਚਣ ਦਾ ਨਿਰਧਾਰਤ ਸਮਾਂ ਰਾਤ 9.00 ਵਜੇ ਹੈ। ਸ੍ਰੀ ਅਨਿਲ ਵਿਜ ਨੇ ਕਿਹਾ ਕਿ ਬਿਹਤਰ ਜਨਤਕ ਆਵਾਜਾਈ ਪ੍ਰਣਾਲੀ ਨਾ ਸਿਰਫ਼ ਯਾਤਰੀਆਂ ਨੂੰ ਸੁਵਿਧਾਜਨਕ ਸਫ਼ਰ ਮੁਹੱਈਆ ਕਰਵਾਉਂਦੀ ਹੈ, ਸਗੋਂ ਵੱਖ-ਵੱਖ ਸ਼ਹਿਰਾਂ ਵਿਚਕਾਰ ਸੰਪਰਕ ਨੂੰ ਵੀ ਮਜ਼ਬੂਤ ਬਣਾਉਂਦੀ ਹੈ। ਉਨ੍ਹਾਂ ਕਿਹਾ ਕਿ ਮੌਜੂਦਾ ਸੂਬਾ ਸਰਕਾਰ ਦਾ ਯਤਨ ਹੈ ਕਿ ਯਾਤਰੀਆਂ ਨੂੰ ਉਨ੍ਹਾਂ ਦੀਆਂ ਲੋੜਾਂ ਅਨੁਸਾਰ ਬਿਹਤਰ ਬੱਸ ਸੇਵਾਵਾਂ ਮੁਹੱਈਆ ਹੋਣ ਅਤੇ ਉਨ੍ਹਾਂ ਨੂੰ ਆਉਣ-ਜਾਣ ਵਿੱਚ ਕਿਸੇ ਵੀ ਤਰ੍ਹਾਂ ਦੀ ਬੇਲੋੜੀ ਪਰੇਸ਼ਾਨੀ ਦਾ ਸਾਹਮਣਾ ਨਾ ਕਰਨਾ ਪਵੇ। ਉਨ੍ਹਾਂ ਕਿਹਾ ਕਿ ਹਰਿਆਣਾ ਟਰਾਂਸਪੋਰਟ ਵਿਭਾਗ ਯਾਤਰੀਆਂ ਨੂੰ ਸੁਵਿਧਾਜਨਕ, ਸੁਰੱਖਿਅਤ ਅਤੇ ਸੁਚਾਰੂ ਆਵਾਜਾਈ ਸੇਵਾਵਾਂ ਮੁਹੱਈਆ ਕਰਵਾਉਣ ਲਈ ਵਚਨਬੱਧ ਹੈ। ਸ੍ਰੀ ਵਿਜ ਨੇ ਕਿਹਾ ਕਿ ਚੰਡੀਗੜ੍ਹ-ਹਰਿਦੁਆਰ ਮਾਰਗ 'ਤੇ ਇਹ ਬੱਸ ਸੇਵਾ ਯਾਤਰੀਆਂ ਨੂੰ ਆਉਣ-ਜਾਣ ਲਈ ਇੱਕ ਸੁਵਿਧਾਜਨਕ ਵਿਕਲਪ ਪ੍ਰਦਾਨ ਕਰੇਗੀ।

## ਮੁੱਖ ਮੰਤਰੀ ਭਗਵੰਤ ਮਾਨ ਦੇ ਓਐੱਸਡੀ ਰਾਜਬੀਰ ਸਿੰਘ ਘੁੰਮਣ ਤੀਜੀ ਦਫ਼ਾ ਸੀਬੀਆਈ ਅੱਗੇ ਪੇਸ਼

**ਚੰਡੀਗੜ੍ਹ, 23 ਅਕਤੂਬਰ**
**-ਜੀ. ਐਸ. ਤੁੰਗ-**

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਦੇ ਓਐੱਸਡੀ ਰਾਜਬੀਰ ਸਿੰਘ ਘੁੰਮਣ ਅੱਜ ਕੇਂਦਰੀ ਜਾਂਚ ਬਿਊਰੋ (ਸੀਬੀਆਈ) ਦੀ ਜਾਂਚ ਵਿੱਚ ਸ਼ਾਮਲ ਹੋਣ ਲਈ ਪੇਸ਼ ਹੋਏ। ਇਸ ਤੋਂ ਪਹਿਲਾਂ ਦੂਜੇ ਗੇੜ ਦੌਰਾਨ ਸੀਬੀਆਈ ਦੀਆਂ ਵੱਖ-ਵੱਖ ਟੀਮਾਂ ਵੱਲੋਂ ਰਾਜਬੀਰ ਸਿੰਘ ਘੁੰਮਣ ਕੋਲੋਂ ਕਰੀਬ ਸਾਢੇ ਚਾਰ ਘੰਟੇ ਤੱਕ ਡੂੰਘਾਈ ਨਾਲ ਪੁੱਛ-ਪੜਤਾਲ ਕੀਤੀ ਗਈ ਸੀ, ਜਿਸ ਦੌਰਾਨ ਉਨ੍ਹਾਂ ਅੱਗੇ ਸਵਾਲਾਂ ਦੀ ਲੰਮੀ ਸੂਚੀ ਰੱਖੀ ਗਈ ਸੀ।



ਜ਼ਿਕਰਯੋਗ ਹੈ ਕਿ ਰਾਜਬੀਰ ਘੁੰਮਣ ਸਭ ਤੋਂ ਪਹਿਲਾਂ 16 ਅਕਤੂਬਰ ਨੂੰ ਕੇਂਦਰੀ ਏਜੰਸੀ ਅੱਗੇ ਪੇਸ਼ ਹੋਏ ਸਨ, ਜਿੱਥੇ ਉਨ੍ਹਾਂ ਕੋਲੋਂ ਲਗਾਤਾਰ ਕਰੀਬ ਛੇ ਘੰਟੇ ਤੱਕ ਸਵਾਲ-ਜਵਾਬ ਕੀਤੇ ਗਏ ਸਨ। ਇਸ ਤੋਂ ਇਲਾਵਾ ਸੀਬੀਆਈ ਨੇ ਲੰਘੇ ਐਤਵਾਰ ਨੂੰ ਘੁੰਮਣ ਦੇ ਕਰੀਬੀਆਂ ਬੀਰ ਦਵਿੰਦਰ ਸਿੰਘ ਅਤੇ ਜਿਤਿਨ ਗੋਇਲ ਤੋਂ ਵੀ ਪੁੱਛਗਿੱਛ ਕੀਤੀ ਸੀ।

ਸੂਤਰਾਂ ਅਨੁਸਾਰ ਦੂਸਰੇ ਗੇੜ ਦੀ ਕਾਰਵਾਈ ਦੌਰਾਨ ਸੀਬੀਆਈ ਅਧਿਕਾਰੀਆਂ ਨੇ ਮੁੱਖ ਤੌਰ 'ਤੇ ਘੁੰਮਣ ਅਤੇ ਉਨ੍ਹਾਂ ਦੇ ਇਨ੍ਹਾਂ ਕਰੀਬੀਆਂ ਦਰਮਿਆਨ ਆਪਸੀ ਸਬੰਧਾਂ ਅਤੇ ਕਥਿਤ ਲੈਣ-ਦੇਣ ਬਾਰੇ ਤਿੱਖੇ ਸਵਾਲ ਪੁੱਛੇ ਸਨ।

ਕੇਂਦਰੀ ਏਜੰਸੀ ਨੇ ਮੁੱਢਲੇ ਪੜਾਅ 'ਤੇ ਰਾਜਬੀਰ ਘੁੰਮਣ ਨੂੰ ਦੋ ਵਾਰ ਸੰਮਨ ਭੇਜੇ ਸਨ ਪਰ ਉਹ ਪੇਸ਼ ਨਹੀਂ ਹੋਏ। ਸੁਪਰੀਮ ਕੋਰਟ ਤੋਂ 12 ਅਕਤੂਬਰ ਨੂੰ ਰਾਹਤ ਮਿਲਣ ਮਗਰੋਂ ਰਾਜਬੀਰ ਘੁੰਮਣ ਸੀਬੀਆਈ ਜਾਂਚ 'ਚ ਸ਼ਾਮਲ ਹੋਏ। ਸੀਬੀਆਈ ਨੇ 5 ਅਕਤੂਬਰ ਦੀ ਰਾਤ ਨੂੰ ਰਾਜਬੀਰ ਘੁੰਮਣ ਸਮੇਤ ਛੇ ਵਿਅਕਤੀਆਂ ਖ਼ਿਲਾਫ਼ ਤਬਾਦਲਿਆਂ, ਤਾਇਨਾਤੀਆਂ ਅਤੇ ਟੈਂਡਰਾਂ ਵਿੱਚ ਗੜਬੜ ਦੇ ਗੰਭੀਰ ਦੋਸ਼ਾਂ ਤਹਿਤ ਐੱਫਆਈਆਰ ਦਰਜ ਕੀਤੀ ਸੀ।

## ਹਰਿਆਣਾ ਵਿੱਚ ਸਿਹਤ ਸਹੂਲਤਾਂ ਦੇ ਬੁਨਿਆਦੀ ਢਾਂਚੇ ਨੂੰ ਮਿਲੇਗੀ ਨਵੀਂ ਮਜ਼ਬੂਤੀ : ਸਿਹਤ ਮੰਤਰੀ ਆਰਤੀ ਸਿੰਘ ਰਾਓ

**ਚੰਡੀਗੜ੍ਹ, 23 ਅਕਤੂਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਹਰਿਆਣਾ ਦੀ ਸਿਹਤ, ਮੈਡੀਕਲ ਸਿੱਖਿਆ ਅਤੇ ਆਯੂਸ਼ ਮੰਤਰੀ ਆਰਤੀ ਸਿੰਘ ਰਾਓ ਨੇ ਦੱਸਿਆ ਕਿ ਸੂਬਾ ਸਰਕਾਰ ਨੇ ਰਾਜ ਦੇ ਪੇਂਡੂ ਅਤੇ ਸ਼ਹਿਰੀ ਖੇਤਰਾਂ ਵਿੱਚ ਸਿਹਤ ਸੇਵਾਵਾਂ ਨੂੰ ਹੋਰ ਮਜ਼ਬੂਤ ਬਣਾਉਣ ਦੀ ਦਿਸ਼ਾ ਵਿੱਚ ਇੱਕ ਹੋਰ ਮਹੱਤਵਪੂਰਨ ਕਦਮ ਚੁੱਕਦਿਆਂ ਲਗਭਗ 423.48 ਲੱਖ ਰੁਪਏ ਦੀ ਲਾਗਤ ਨਾਲ ਵੱਖ-ਵੱਖ ਸਿਹਤ ਸੰਸਥਾਵਾਂ ਦੀਆਂ ਨਵੀਆਂ ਇਮਾਰਤਾਂ ਅਤੇ ਬੁਨਿਆਦੀ ਢਾਂਚੇ ਦੇ ਨਿਰਮਾਣ ਕਾਰਜਾਂ ਨੂੰ ਪ੍ਰਸ਼ਾਸਨਿਕ ਮਨਜ਼ੂਰੀ ਪ੍ਰਦਾਨ ਕੀਤੀ ਹੈ। ਇਸ ਪਹਿਲ ਦਾ ਉਦੇਸ਼ ਉਨ੍ਹਾਂ ਸਬ-ਹੈਲਥ ਸੈਂਟਰਾਂ ਨੂੰ ਮਿਆਰੀ ਅਤੇ ਆਧੁਨਿਕ ਇਮਾਰਤਾਂ ਮੁਹੱਈਆ ਕਰਵਾਉਣਾ ਹੈ, ਜੋ ਇਸ ਸਮੇਂ ਬਿਨਾਂ ਇਮਾਰਤ ਦੇ ਚੱਲ ਰਹੇ ਹਨ ਜਾਂ ਪੰਚਾਇਤ ਭਵਨਾਂ ਅਤੇ ਹੋਰ ਇਮਾਰਤਾਂ ਵਿੱਚ ਸੰਚਾਲਿਤ ਹੋ ਰਹੇ ਹਨ।



ਆਰਤੀ ਸਿੰਘ ਰਾਓ ਨੇ ਦੱਸਿਆ ਕਿ ਇਸ ਯੋਜਨਾ ਤਹਿਤ ਭਿਵਾਨੀ ਜ਼ਿਲ੍ਹੇ ਦੇ ਪਿੰਡ ਰਾਜਗੜ੍ਹ ਅਤੇ ਕਲਿੰਗਾ-ਦੂਜਾ, ਪਲਵਲ ਜ਼ਿਲ੍ਹੇ ਦੇ ਪਿੰਡ ਮੰਗੋਰਕਾ ਅਤੇ ਗਦਪੁਰੀ ਅਤੇ ਜੀਂਦ ਜ਼ਿਲ੍ਹੇ ਦੇ ਪਿੰਡ ਦੇਵਰਾੜ ਅਤੇ ਢਰੌਲੀ ਵਿੱਚ ਸਥਿਤ ਉਪ-ਸਿਹਤ ਕੇਂਦਰਾਂ ਦੀਆਂ ਨਵੀਆਂ ਇਮਾਰਤਾਂ ਦੇ ਨਿਰਮਾਣ ਦੇ ਨਾਲ-ਨਾਲ ਸਿਰਸਾ ਜ਼ਿਲ੍ਹੇ ਦੇ ਰਾਨੀਆ ਕਮਿਊਨਿਟੀ ਹੈਲਥ ਸੈਂਟਰ ਦੀ ਬੀਪੀਐਚਯੂ (BPHU) ਲਈ ਜ਼ਮੀਨ ਦੀ ਭਰਾਈ ਅਤੇ ਇੰਟਰਲਾਕ ਪੇਵਮੈਂਟ ਬਲਾਕ ਲਗਾਉਣ ਦੇ ਕਾਰਜ ਵੀ ਸ਼ਾਮਲ ਹਨ। ਇਨ੍ਹਾਂ ਸਾਰੇ ਉਪ-ਸਿਹਤ ਕੇਂਦਰਾਂ ਵਿੱਚ ਲੋੜੀਂਦਾ ਮਨੁੱਖੀ ਸਰੋਤ ਪਹਿਲਾਂ ਤੋਂ ਹੀ ਉਪਲਬਧ ਹੈ ਅਤੇ ਇਹ ਪੂਰੀ ਤਰ੍ਹਾਂ ਕਾਰਜਸ਼ੀਲ ਹਨ। ਹੁਣ ਇਨ੍ਹਾਂ ਨੂੰ ਆਰਕੀਟੈਕਚਰ ਵਿਭਾਗ ਵੱਲੋਂ ਭਾਰਤੀ ਜਨ ਸਿਹਤ ਮਿਆਰਾਂ (IPHS) 2022 ਦੇ ਅਨੁਸਾਰ ਤਿਆਰ ਕੀਤੇ ਗਏ 187.60 ਵਰਗ ਮੀਟਰ ਦੇ ਮਿਆਰੀ ਡਿਜ਼ਾਈਨਾਂ ਦੇ ਆਧਾਰ 'ਤੇ ਪੱਕੀਆਂ ਅਤੇ ਆਧੁਨਿਕ ਇਮਾਰਤਾਂ ਮੁਹੱਈਆ ਕਰਵਾਈਆਂ ਜਾਣਗੀਆਂ।

ਇਸ ਤੋਂ ਇਲਾਵਾ, ਨੂਹ ਜ਼ਿਲ੍ਹੇ ਦੇ ਪਿੰਡ ਸਾਕਰਸ ਵਿੱਚ ਇੱਕ ਨਵੇਂ ਪ੍ਰਾਇਮਰੀ ਹੈਲਥ ਸੈਂਟਰ ਦੇ ਨਿਰਮਾਣ ਨੂੰ ਵੀ ਸੂਬਾ ਸਰਕਾਰ ਵੱਲੋਂ ਮਨਜ਼ੂਰੀ ਦਿੱਤੀ ਗਈ ਹੈ। ਸਿਹਤ ਮੰਤਰੀ ਨੇ ਦੱਸਿਆ ਕਿ ਸੂਬਾ ਸਰਕਾਰ ਵਿੱਤੀ ਵਰ੍ਹੇ 2026-27 ਦੌਰਾਨ ਨਵੇਂ ਸਿਹਤ ਸੰਸਥਾਨਾਂ ਦੇ ਨਿਰਮਾਣ ਲਈ ਵਚਨਬੱਧ ਹੈ ਅਤੇ ਇਸ ਤਹਿਤ ਬਜਟ ਵਿੱਚ ਲੋੜੀਂਦੀ ਵਿਵਸਥਾ ਵੀ ਕੀਤੀ ਗਈ ਹੈ। ਇਨ੍ਹਾਂ ਸਾਰੇ ਨਿਰਮਾਣ ਕਾਰਜਾਂ ਦੇ ਮੁਕੰਮਲ ਹੋਣ ਨਾਲ ਪੇਂਡੂ ਖੇਤਰਾਂ ਦੇ ਮਰੀਜ਼ਾਂ ਨੂੰ ਆਪਣੇ ਘਰ ਦੇ ਨੇੜੇ ਹੀ ਉੱਚ ਪੱਧਰੀ ਡਾਕਟਰੀ ਸਹੂਲਤਾਂ ਅਤੇ ਸਿਹਤ ਸੇਵਾਵਾਂ ਆਸਾਨੀ ਨਾਲ ਉਪਲਬਧ ਹੋ ਸਕਣਗੀਆਂ, ਜਿਸ ਨਾਲ ਸੂਬੇ ਦੇ ਸਿਹਤ ਢਾਂਚੇ ਵਿੱਚ ਇਤਿਹਾਸਕ ਸੁਧਾਰ ਆਵੇਗਾ।

## ਰਾਖੀ ਗੜ੍ਹੀ ਮਿਊਜ਼ੀਅਮ ਦਾ ਕੰਮ ਜਲਦੀ ਹੋਵੇਗਾ ਪੂਰਾ, ਬਾਕੀ ਕੰਮ ਲਈ 188 ਕਰੋੜ ਮਨਜ਼ੂਰ : ਡਾ. ਅਰਵਿੰਦ ਸ਼ਰਮਾ

**ਚੰਡੀਗੜ੍ਹ, 23 ਅਕਤੂਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਹਰਿਆਣਾ ਦੇ ਸਹਿਕਾਰਤਾ, ਪੁਰਾਤਤਵ, ਸੈਰ-ਸਪਾਟਾ ਅਤੇ ਮਿਊਜ਼ੀਅਮ ਮੰਤਰੀ ਡਾ. ਅਰਵਿੰਦ ਸ਼ਰਮਾ ਨੇ ਕਿਹਾ ਕਿ ਹੜੱਪਾ ਸੱਭਿਆਚਾਰ ਦੇ ਪ੍ਰਮੁੱਖ ਸਥਾਨਾਂ ਵਿੱਚ ਸ਼ਾਮਲ ਇਤਿਹਾਸਕ ਪੁਰਾਤਤਵ ਸਥਾਨ ਰਾਖੀ ਗੜ੍ਹੀ ਨੂੰ ਵਿਸ਼ਵ ਪੱਧਰੀ ਪਛਾਣ ਦਿਵਾਉਣ ਲਈ ਅਹਿਮ ਕਦਮ ਚੁੱਕੇ ਜਾ ਰਹੇ ਹਨ। ਰਾਖੀਗੜ੍ਹੀ ਵਿੱਚ ਆਧੁਨਿਕ ਮਿਊਜ਼ੀਅਮ ਕੰਪਲੈਕਸ ਦਾ ਕੰਮ ਜਲਦੀ ਪੂਰਾ ਕੀਤਾ ਜਾਵੇਗਾ, ਬਾਕੀ ਬਚੇ ਕੰਮ ਲਈ 180 ਕਰੋੜ ਰੁਪਏ ਦੀ ਰਾਸ਼ੀ ਮਨਜ਼ੂਰ ਕੀਤੀ ਗਈ ਹੈ।

ਇਸ ਪ੍ਰੋਜੈਕਟ ਨਾਲ ਰਾਖੀਗੜ੍ਹੀ ਦੀ ਇਤਿਹਾਸਕ ਵਿਰਾਸਤ ਨੂੰ ਨਵਾਂ ਰੂਪ ਮਿਲੇਗਾ ਅਤੇ ਇਹ ਸਥਾਨ ਪੁਰਾਤਤਵ ਖੋਜ, ਸੱਭਿਆਚਾਰਕ ਗਤੀਵਿਧੀਆਂ ਅਤੇ ਸੈਰ-ਸਪਾਟੇ ਦੇ ਪ੍ਰਮੁੱਖ ਕੇਂਦਰ ਵਜੋਂ ਵਿਕਸਤ ਹੋਵੇਗਾ।

ਪੁਰਾਤਤਵ, ਸੈਰ-ਸਪਾਟਾ ਅਤੇ ਮਿਊਜ਼ੀਅਮ ਮੰਤਰੀ ਡਾ. ਅਰਵਿੰਦ ਸ਼ਰਮਾ ਰਾਖੀਗੜ੍ਹੀ ਮਹੋਤਸਵ ਤਹਿਤ ਆਯੋਜਿਤ ਅੰਤਰਰਾਸ਼ਟਰੀ ਕਾਨਫਰੰਸ ਨੂੰ ਸੰਬੋਧਨ ਕਰ ਰਹੇ ਸਨ। ਉਨ੍ਹਾਂ ਕਿਹਾ ਕਿ ਰਾਖੀਗੜ੍ਹੀ ਭਾਰਤ ਦੀ ਪੁਰਾਣੀ ਸੱਭਿਆਚਾਰ, ਵਿਗਿਆਨਕ ਸੋਚ, ਵਿਕਸਤ ਸ਼ਹਿਰੀ ਯੋਜਨਾਬੰਦੀ ਅਤੇ ਅਮੀਰ ਸੱਭਿਆਚਾਰਕ ਪਰੰਪਰਾਵਾਂ ਦਾ ਅਹਿਮ ਪ੍ਰਤੀਕ ਹੈ। ਇੱਥੋਂ ਦੀ ਇਤਿਹਾਸਕ ਧਰੋਹਰ ਨੂੰ ਸੰਭਾਲਣ, ਪੁਰਾਤਤਵ ਖੋਜਾਂ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਪੇਸ਼ ਕਰਨ ਅਤੇ ਦੇਸ਼-ਵਿਦੇਸ਼ ਵਿੱਚ ਇਸਦੀ ਪਛਾਣ ਵਧਾਉਣ ਲਈ ਸਰਕਾਰ ਲਗਾਤਾਰ ਯਤਨ ਕਰ ਰਹੀ ਹੈ।



**ਆਧੁਨਿਕ ਮਿਊਜ਼ੀਅਮ ਵਿੱਚ ਪ੍ਰਦਰਸ਼ਿਤ ਹੋਵੇਗੀ ਸ਼ਾਨਦਾਰ ਵਿਰਾਸਤ**

ਸੈਰ-ਸਪਾਟਾ, ਪੁਰਾਤਤਵ ਅਤੇ ਮਿਊਜ਼ੀਅਮ ਮੰਤਰੀ ਨੇ ਦੱਸਿਆ ਕਿ 180 ਕਰੋੜ ਰੁਪਏ ਦੀ ਲਾਗਤ ਨਾਲ ਤਿਆਰ ਹੋਣ ਵਾਲਾ ਆਧੁਨਿਕ ਮਿਊਜ਼ੀਅਮ ਕੰਪਲੈਕਸ ਰਾਖੀਗੜ੍ਹੀ ਦੇ ਵਿਕਾਸ ਵਿੱਚ ਮੀਲ ਦਾ ਪੱਥਰ ਸਾਬਤ ਹੋਵੇਗਾ। ਇਸ ਦੇ ਨਾਲ ਹੀ ਆਡੀਟੋਰੀਅਮ ਦਾ ਨਿਰਮਾਣ ਵੀ ਕੀਤਾ ਜਾਵੇਗਾ, ਜਿੱਥੇ ਇਤਿਹਾਸਕ, ਵਿਦਿਅਕ ਅਤੇ ਸੱਭਿਆਚਾਰਕ ਗਤੀਵਿਧੀਆਂ ਨੂੰ ਹੁਲਾਰਾ ਮਿਲੇਗਾ। ਆਧੁਨਿਕ ਅਜਾਇਬ ਘਰ ਰਾਹੀਂ ਇੱਥੋਂ ਮਿਲੇ ਪੁਰਾਤਤਵ ਅਵਸ਼ੇਸ਼ਾਂ ਅਤੇ ਪੁਰਾਣੀ ਸੱਭਿਆਚਾਰ ਨਾਲ ਜੁੜੇ ਤੱਥਾਂ ਨੂੰ ਵਿਵਸਥਿਤ ਅਤੇ ਪ੍ਰਭਾਵਸ਼ਾਲੀ ਤਰੀਕੇ ਨਾਲ ਪੇਸ਼ ਕਰਨ ਵਿੱਚ ਮਦਦ ਮਿਲੇਗੀ।

ਉਨ੍ਹਾਂ ਕਿਹਾ ਕਿ ਇਹ ਅਜਾਇਬ ਘਰ ਵਿਦਿਆਰਥੀਆਂ, ਖੋਜਾਰਥੀਆਂ, ਇਤਿਹਾਸਕਾਰਾਂ ਅਤੇ ਸੈਲਾਨੀਆਂ ਲਈ ਗਿਆਨਵਰਧਕ ਕੇਂਦਰ ਵਜੋਂ ਕੰਮ ਕਰੇਗਾ। ਇਸ ਨਾਲ ਲੋਕਾਂ ਨੂੰ ਹੜੱਪਾ ਸੱਭਿਆਚਾਰ ਦੀ ਜੀਵਨ ਸ਼ੈਲੀ, ਸਮਾਜਿਕ ਪ੍ਰਣਾਲੀ, ਸ਼ਿਲਪਕਲਾ, ਖੇਤੀਬਾੜੀ, ਰਿਹਾਇਸ਼ੀ ਬਣਤਰ ਅਤੇ ਸ਼ਹਿਰੀ ਯੋਜਨਾਬੰਦੀ ਨੂੰ ਨੇੜਿਓਂ ਸਮਝਣ ਦਾ ਮੌਕਾ ਮਿਲੇਗਾ। ਸੈਲਾਨੀਆਂ ਦੀਆਂ ਸਹੂਲਤਾਂ ਨੂੰ ਮੁੱਖ ਰੱਖਦਿਆਂ ਰਾਖੀਗੜ੍ਹੀ ਵਿੱਚ ਅਰਾਮ ਘਰ ਦਾ ਨਿਰਮਾਣ ਕੰਮ ਵੀ ਪੂਰਾ ਕੀਤਾ ਜਾ ਚੁੱਕਾ ਹੈ।

**ਪੁਰਾਤਤਵ ਖੋਜਾਂ ਤੋਂ ਪੁਰਾਣੀ ਸੱਭਿਆਚਾਰ ਦੇ ਵਿਕਾਸ ਬਾਰੇ ਮਿਲਦੀ ਹੈ ਜਾਣਕਾਰੀ**

ਡਾ. ਅਰਵਿੰਦ ਸ਼ਰਮਾ ਨੇ ਕਿਹਾ ਕਿ ਰਾਖੀਗੜ੍ਹੀ ਵਿੱਚ ਹੋਈ ਪੁਟਾਈ ਤੋਂ ਪੁਰਾਣੇ ਸਮਾਜ ਦੀ ਵਿਕਸਤ ਜੀਵਨ ਸ਼ੈਲੀ ਅਤੇ ਵਿਵਸਥਿਤ ਸਮਾਜਿਕ ਬਣਤਰ ਨਾਲ ਜੁੜੇ ਕਈ ਅਹਿਮ ਸਬੂਤ ਸਾਹਮਣੇ ਆਏ ਹਨ। ਇੱਥੇ ਪ੍ਰਾਪਤ ਪੁਰਾਤਤਵ ਅਵਸ਼ੇਸ਼ ਭਾਰਤੀ ਇਤਿਹਾਸ ਨੂੰ ਸਮਝਣ ਅਤੇ ਪੁਰਾਣੀਆਂ ਸੱਭਿਆਚਾਰਾਂ ਦੇ ਵਿਕਾਸ ਦਾ ਅਧਿਐਨ ਕਰਨ ਵਿੱਚ ਅਹਿਮ ਭੂਮਿਕਾ ਨਿਭਾਉਂਦੇ ਹਨ।

ਉਨ੍ਹਾਂ ਕਿਹਾ ਕਿ ਇਸ ਵਿਰਾਸਤ ਦੀ ਸਾਂਭ-ਸੰਭਾਲ ਸਿਰਫ਼ ਇਤਿਹਾਸਕ ਧਰੋਹਰਾਂ ਨੂੰ ਸੁਰੱਖਿਅਤ ਰੱਖਣ ਤੱਕ ਸੀਮਤ ਨਹੀਂ ਹੈ, ਸਗੋਂ ਇਹ ਆਉਣ ਵਾਲੀਆਂ ਪੀੜ੍ਹੀਆਂ ਨੂੰ ਆਪਣੀ ਸੱਭਿਆਚਾਰ ਅਤੇ ਰੀਤੀ-ਰਿਵਾਜਾਂ ਨਾਲ ਜੋੜਨ ਦਾ ਜ਼ਰੀਆ ਵੀ ਹੈ। ਆਧੁਨਿਕ ਮਿਊਜ਼ੀਅਮ ਕੰਪਲੈਕਸ ਬਣਨ ਨਾਲ ਇਨ੍ਹਾਂ ਅਹਿਮ ਖੋਜਾਂ ਨੂੰ ਬਿਹਤਰ ਢੰਗ ਨਾਲ ਪੇਸ਼ ਕੀਤਾ ਜਾ ਸਕੇਗਾ ਅਤੇ ਰਾਖੀਗੜ੍ਹੀ ਨੂੰ ਰਾਸ਼ਟਰੀ ਅਤੇ ਅੰਤਰਰਾਸ਼ਟਰੀ ਪੱਧਰ 'ਤੇ ਨਵੀਂ ਪਛਾਣ ਮਿਲੇਗੀ।

**ਸੈਰ-ਸਪਾਟਾ ਵਧਣ ਨਾਲ ਸਥਾਨਕ ਲੋਕਾਂ ਲਈ ਖੁੱਲ੍ਹਣਗੇ ਰੁਜ਼ਗਾਰ ਦੇ ਮੌਕੇ**

ਪੁਰਾਤਤਵ, ਸੈਰ-ਸਪਾਟਾ ਅਤੇ ਮਿਊਜ਼ੀਅਮ ਮੰਤਰੀ ਨੇ ਕਿਹਾ ਕਿ ਰਾਖੀਗੜ੍ਹੀ ਵਿੱਚ ਬੁਨਿਆਦੀ ਸਹੂਲਤਾਂ ਦੇ ਪਸਾਰ ਅਤੇ ਸੈਰ-ਸਪਾਟੇ ਨੂੰ ਹੁਲਾਰਾ ਦੇਣ ਨਾਲ ਸਥਾਨਕ ਅਰਥਚਾਰੇ ਨੂੰ ਵੀ ਮਜ਼ਬੂਤੀ ਮਿਲੇਗੀ। ਇੱਥੇ ਸੈਲਾਨੀਆਂ ਦੀ ਗਿਣਤੀ ਵਧਣ ਨਾਲ ਸਥਾਨਕ ਲੋਕਾਂ ਲਈ ਰੁਜ਼ਗਾਰ, ਸਵੈ-ਰੁਜ਼ਗਾਰ, ਦਸਤਕਾਰੀ ਅਤੇ ਹੋਰ ਆਰਥਿਕ ਗਤੀਵਿਧੀਆਂ ਦੇ ਨਵੇਂ ਮੌਕੇ ਪੈਦਾ ਹੋ ਸਕਦੇ ਹਨ।
ਮਿਊਜ਼ੀਅਮ ਅਤੇ ਆਡੀਟੋਰੀਅਮ ਰਾਹੀਂ ਰਾਸ਼ਟਰੀ ਅਤੇ ਅੰਤਰਰਾਸ਼ਟਰੀ ਪੱਧਰ ਦੇ ਵਿਦਿਅਕ ਸੰਮੇਲਨ, ਸੱਭਿਆਚਾਰਕ ਪ੍ਰੋਗਰਾਮ ਅਤੇ ਪੁਰਾਤਤਵ ਗਤੀਵਿਧੀਆਂ ਕਰਵਾਉਣ ਦੀਆਂ ਸੰਭਾਵਨਾਵਾਂ ਵੀ ਵਧਣਗੀਆਂ।

ਉਨ੍ਹਾਂ ਕਿਹਾ ਕਿ ਰਾਖੀਗੜ੍ਹੀ ਵਰਗੇ ਅਹਿਮ ਇਤਿਹਾਸਕ ਸਥਾਨਾਂ ਨੂੰ ਆਧੁਨਿਕ ਸਹੂਲਤਾਂ ਨਾਲ ਜੋੜ ਕੇ ਹਰਿਆਣਾ ਦੀ ਸੱਭਿਆਚਾਰਕ ਵਿਰਾਸਤ ਨੂੰ ਗਲੋਬਲ ਮੰਚ 'ਤੇ ਪ੍ਰਭਾਵਸ਼ਾਲੀ ਢੰਗ ਨਾਲ ਪੇਸ਼ ਕੀਤਾ ਜਾ ਸਕਦਾ ਹੈ। ਸਰਕਾਰ ਦਾ ਉਦੇਸ਼ ਵਿਰਾਸਤ ਦੀ ਸੰਭਾਲ ਦੇ ਨਾਲ-ਨਾਲ ਸੈਰ-ਸਪਾਟੇ ਨੂੰ ਹੁਲਾਰਾ ਦੇਣਾ ਅਤੇ ਸਥਾਨਕ ਵਿਕਾਸ ਨੂੰ ਗਤੀ ਪ੍ਰਦਾਨ ਕਰਨਾ ਹੈ।

ਇਸ ਮੌਕੇ ਸੀ.ਡੀ.ਐੱਲ.ਯੂ. ਦੇ ਵਾਈਸ ਚਾਂਸਲਰ ਪ੍ਰੋ. ਵਿਜੇ ਕੁਮਾਰ, ਪਦਮ ਸ਼੍ਰੀ ਡਾ. ਆਰ.ਐੱਸ. ਬਿਸ਼ਟ, ਉਪ ਨਿਰਦੇਸ਼ਕ ਡਾ. ਨਰਿੰਦਰ ਪਰਮਾਰ, ਡਾ. ਅਮਰਿੰਦਰ ਨਾਥ, ਡਾ. ਗਰਿਮਾ ਸਿੰਘ ਆਦਿ ਪੁਰਾਤਤਵ ਵਿਗਿਆਨੀਆਂ ਨੇ ਹੜੱਪਾ ਕਾਲੀਨ ਅਮੀਰ ਸੱਭਿਆਚਾਰ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ।




